ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 23 ਅਕਤੂਬਰ 2026 (ਨਾਨਕਸ਼ਾਹੀ ਸੰਮਤ : ੫੫੮, ੭ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਮਹਾਂ-ਹੜਤਾਲ ਵਿਚਾਲੇ ਗ਼ੈਰ-ਹਾਜ਼ਰ ਰਹਿਣ ਵਾਲੇ ਮੁਲਾਜ਼ਮਾਂ 'ਤੇ ਕਾਰਵਾਈ ਦੀ ਤਿਆਰੀ

**ਚੰਡੀਗੜ੍ਹ, 22 ਅਕਤੂਬਰ (ਆਵਾਜ਼ਿ ਕੌਮ ਬਿਊਰੋ)**- ਸਰਕਾਰੀ ਮੁਲਾਜ਼ਮਾਂ ਦੀ ਮਹਾਂ-ਹੜਤਾਲ ਤੋਂ ਪਹਿਲਾਂ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਖਿਲਾਫ਼ ਐਕਸ਼ਨ ਦੀ ਤਿਆਰੀ ਕੀਤੇ ਜਾਣ ਦੀ ਖ਼ਬਰ ਸਾਹਮਣੇ ਆਈ ਹੈ। ਮਾਨ ਸਰਕਾਰ ਵੱਲੋਂ ਸਰਕਾਰੀ ਵਿਭਾਗਾਂ ਨੂੰ ਚਿੱਠੀ ਰਾਹੀਂ ਹੜਤਾਲ ਦੌਰਾਨ ਗੈਰ-ਹਾਜ਼ਰ ਰਹਿਣ ਵਾਲੇ ਸਮੂਹ ਮੁਲਾਜ਼ਮਾਂ ਦੀ ਸੂਚੀ ਤਿਆਰ ਕਰਕੇ ਭੇਜੇ ਜਾਣ ਲਈ ਕਿਹਾ ਗਿਆ ਹੈ। ਜਾਣਕਾਰੀ ਅਨੁਸਾਰ, ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ ਪੱਤਰ ਦੇ ਰਾਹੀਂ 21 ਅਕਤੂਬਰ ਨੂੰ ਡਿਊਟੀ ਤੋਂ ਗੈਰ-ਹਾਜ਼ਰ ਰਹਿਣ ਵਾਲੇ ਮੁਲਾਜ਼ਮਾਂ ਦੀ ਸੂਚੀ ਭੇਜਣ ਸਬੰਧੀ ਲਿਖਿਆ ਗਿਆ ਹੈ। ਇਹ ਪੱਤਰ ਸਾਰੇ ਵਿਭਾਗਾਂ ਦੇ ਮੁਖੀਆਂ ਅਤੇ ਡਿਪਟੀ ਕਮਿਸ਼ਨਰ ਨੂੰ ਜਾਰੀ ਕੀਤਾ ਗਿਆ ਹੈ। ਜ਼ਿਕਰਯੋਗ ਹੈ ਕਿ ਪੰਜਾਬ ਦੇ ਵਿੱਚ ਤਮਾਮ ਸਰਕਾਰੀ ਵਿਭਾਗਾਂ ਦੇ ਮੁਲਾਜ਼ਮ 21 ਅਤੇ 22 ਅਕਤੂਬਰ ਦੀ ਸਮੂਹਿਕ ਛੁੱਟੀ ਤੇ ਬੈਠੇ ਹੋਏ ਹਨ, ਜਿਸ ਨੂੰ ਲੈ ਕੇ ਹੁਣ ਨੋਟੀਫਿਕੇਸ਼ਨ ਸਾਹਮਣੇ ਆਇਆ ਹੈ। ਪੱਤਰ ਦੇ ਵਿੱਚ ਇਹ ਗੱਲ ਆਖੀ ਗਈ ਹੈ ਕਿ ਤਮਾਮ ਉਸ ਮੁਲਾਜ਼ਮਾਂ ਦੀ ਜਾਣਕਾਰੀ ਡਿਪਾਰਟਮੈਂਟ ਆਫ ਜਨਰਲ ਐਡਮਿਨਿਸਟਰੇਸ਼ਨ ਨੂੰ ਭੇਜੀ ਜਾਵੇ, ਜੋ ਗ਼ੈਰ-ਹਾਜ਼ਰ ਸਨ। ਦੂਜੇ ਪਾਸੇ, ਤਜਿੰਦਰ ਸਿੰਘ ਨੰਗਲ ਮਨਿਸਟਰੀਅਲ ਸਟਾਫ ਯੂਨੀਅਨ ਦੇ ਸੂਬਾ ਪ੍ਰਧਾਨ ਨੇ ਆਪਣੇ ਸੋਸ਼ਲ ਮੀਡੀਆ 'ਤੇ ਲਿਖਿਆ ਹੈ ਕਿ ਉਹ ਮਿਲੇ ਸੰਵਿਧਾਨਿਕ ਹੱਕ ਤਹਿਤ ਜੋ ਰੋਸ ਪ੍ਰਦਰਸ਼ਨ ਕਰਨ ਅਤੇ ਮੁਲਾਜ਼ਮਾਂ ਦੀਆਂ ਮੰਗਾਂ ਪੂਰੀਆਂ ਕਰਨ ਦੀ ਬਜਾਏ ਅਜਿਹੇ ਧਮਕੀ ਪੱਤਰ ਜਾਰੀ ਕੀਤੇ ਜਾਣ ਦੀ ਪੁਰਜ਼ੋਰ ਨਿਖੇਦੀ ਕਰਦੇ ਹਨ।

## ਝੋਟਾ ਕਤਲ ਕੇਸ : ਸਾਰੀਆਂ ਮੰਗਾਂ ਮੰਨੇ ਜਾਣ ਤੋਂ ਪਹਿਲਾਂ

# ਨਹੀਂ ਕਰਵਾਇਆ ਜਾਵੇਗਾ ਪੋਸਟ ਮਾਰਟਮ

**ਮਾਨਸਾ, 22 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਵੱਲੋਂ ਅੱਜ ਸਰਕਾਰ ਵੱਲੋਂ ਬਣਾਈ ਗਈ ਕਮੇਟੀ ਨਾਲ ਮੁੜ ਮੀਟਿੰਗ ਕੀਤੀ ਗਈ। ਇਸ ਮੀਟਿੰਗ ਤੋਂ ਬਾਅਦ ਪਰਵਿੰਦਰ ਦੀ ਪਤਨੀ ਮਨਪ੍ਰੀਤ ਕੌਰ ਨੇ ਦੱਸਿਆ ਕਿ ਮੀਟਿੰਗ ਉਪਰੰਤ ਉਨ੍ਹਾਂ ਨੇ ਇਨਸਾਫ ਕਮੇਟੀ ਨਾਲ ਗੱਲਬਾਤ ਕੀਤੀ ਜਿਸ ਤੋਂ ਬਾਅਦ ਉਨ੍ਹਾਂ ਨੇ ਪਰਵਿੰਦਰ ਸਿੰਘ ਝੋਟਾ ਦਾ ਪੋਸਟਮਾਰਟਮ ਨਾ ਕਰਵਾਉਣ ਦਾ ਫ਼ੈਸਲਾ ਲਿਆ ਹੈ। ਮਨਪ੍ਰੀਤ ਨੇ ਕਿਹਾ ਕਿ ਉਨ੍ਹਾਂ ਨੇ ਸਰਕਾਰੀ ਕਮੇਟੀ ਤੋਂ ਸਾਫ ਤੌਰ 'ਤੇ ਪੁੱਛਿਆ ਕਿ ਪਹਿਲਾਂ ਉਨ੍ਹਾਂ ਨੂੰ ਇਹ ਸਪੱਸ਼ਟ ਕੀਤਾ ਜਾਵੇ ਕਿ ਉਨ੍ਹਾਂ ਦੀਆਂ ਮੰਗਾਂ 'ਤੇ ਕੀ ਵਿਚਾਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਜਦੋਂ ਤੱਕ ਸਾਡੀਆਂ ਮੰਗਾਂ ਪੂਰੀਆਂ ਨਹੀਂ ਹੁੰਦੀਆਂ ਅਸੀਂ ਜਿਉਂ ਦੇ ਤਿਉਂ ਖੜ੍ਹੇ ਹਾਂ। ਮੰਗਾਂ ਪੂਰੀਆਂ ਹੋਣ ਤਕ ਪਰਵਿੰਦਰ ਸਿੰਘ ਝੋਟਾ ਦਾ ਪੋਸਟਮਾਰਟ ਨਹੀਂ ਕਰਵਾਇਆ ਜਾਵੇਗਾ।




**ਪਰਵਿੰਦਰ ਝੋਟਾ ਦੇ ਕਾਤਲ ਅਸ਼ਵਨੀ ਕੁਮਾਰ 'ਤੇ ਵੱਡੀ ਕਾਰਵਾਈ, ਪੰਜਾਬ ਫਾਰਮੇਸੀ ਕੌਂਸਲ ਨੇ ਰਜਿਸਟ੍ਰੇਸ਼ਨ ਕੀਤੀ ਰੱਦ** : ਸਮਾਜ ਸੇਵੀ ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ 'ਚ ਕਾਤਲ ਅਸ਼ਵਨੀ ਕੁਮਾਰ ਖ਼ਿਲਾਫ਼ ਪੰਜਾਬ ਫਾਰਮੇਸੀ ਕੌਂਸਲ ਵੱਲੋਂ ਵੱਡੀ ਕਾਰਵਾਈ ਕਰਦਿਆਂ ਉਸ ਦੀ ਫਾਰਮਾਸਿਸਟ ਰਜਿਸਟ੍ਰੇਸ਼ਨ ਰੱਦ ਕਰ ਦਿੱਤੀ ਗਈ ਹੈ। ਇਸ ਸਬੰਧੀ ਜਾਣਕਾਰੀ ਪੰਜਾਬ ਫਾਰਮੇਸੀ ਕੌਂਸਲ ਦੇ ਚੇਅਰਮੈਨ ਸੁਸ਼ੀਲ ਕੁਮਾਰ ਬਾਂਸਲ ਨੇ ਦਿੱਤੀ। ਚੇਅਰਮੈਨ ਸੁਸ਼ੀਲ ਕੁਮਾਰ ਬਾਂਸਲ ਨੇ ਦੱਸਿਆ ਕਿ ਕੌਂਸਲ ਵੱਲੋਂ ਇਸ ਸਬੰਧੀ 22 ਅਕਤੂਬਰ 2026 ਨੂੰ ਪੱਤਰ ਨੰਬਰ PPC-2026/4292 ਜਾਰੀ ਕੀਤਾ ਗਿਆ ਹੈ। ਇਸ ਪੱਤਰ ਰਾਹੀਂ ਕਤਲ ਦੇ ਮਾਮਲੇ 'ਚ ਨਾਮਜ਼ਦ ਅਸ਼ਵਨੀ ਕੁਮਾਰ ਪੁੱਤਰ ਦੇਸ ਰਾਜ, ਵਾਸੀ ਮੁਹੱਲਾ ਵੀਰ ਨਗਰ, ਮਾਨਸਾ ਦੀ ਫਾਰਮਾਸਿਸਟ ਰਜਿਸਟ੍ਰੇਸ਼ਨ ਰੱਦ ਕਰਨ ਦਾ ਫ਼ੈਸਲਾ ਲਿਆ ਗਿਆ ਹੈ। ਅਸ਼ਵਨੀ ਕੁਮਾਰ ਦੀ ਫਾਰਮਾਸਿਸਟ ਰਜਿਸਟ੍ਰੇਸ਼ਨ ਦਾ ਨੰਬਰ 51464 ਸੀ, ਜੋ 10 ਜੁਲਾਈ 2020 ਨੂੰ ਜਾਰੀ ਕੀਤੀ ਗਈ ਸੀ। ਉਨ੍ਹਾਂ ਦੱਸਿਆ ਕਿ ਪੰਜਾਬ ਫਾਰਮੇਸੀ ਕੌਂਸਲ ਨੇ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਸਬੰਧਿਤ ਫਾਰਮਾਸਿਸਟ ਦੀ ਰਜਿਸਟ੍ਰੇਸ਼ਨ ਰੱਦ ਕਰਨ ਸਬੰਧੀ ਲੋੜੀਂਦੀ ਕਾਰਵਾਈ ਕੀਤੀ ਹੈ।

## 'ਮੇਰੀ ਮੌਤ ਦਾ ਜ਼ਿੰਮੇਵਾਰ ਭਗਵੰਤ ਮਾਨ ਹੋਵੇਗਾ...', ਗੁਰਵਿੰਦਰ ਸਿੰਘ ਖੇੜੀਵਾਲਾ ਦਾ ਦਾਅਵਾ - ਗੈਂਗਸਟਰਾਂ ਕਰਕੇ ਬਚਿਆ ਹੋਇਆ ਹਾਂ



**ਚੰਡੀਗੜ੍ਹ, 22 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪਰਮਿੰਦਰ ਝੋਟਾ ਕਤਲ ਮਾਮਲੇ ਵਿੱਚ ਇਨਸਾਫ ਲਈ ਲਗਾਏ ਗਏ ਧਰਨੇ ਦੌਰਾਨ ਵੱਡੀ ਗਿਣਤੀ ਵਿੱਚ ਰੋਜ਼ਾਨਾ ਆਮ ਲੋਕਾਂ ਦੇ ਨਾਲ ਨਾਲ ਸਿਆਸੀ ਆਗੂ ਕਿਸਾਨ ਜਥੇਬੰਦੀਆਂ ਸਮਾਜ ਸੇਵੀ ਸਮਰਥਨ ਵਿੱਚ ਪੁੱਜ ਰਹੇ ਹਨ ਬੀਤੀ ਦੇ ਰਾਤ ਬਾਬਾ ਗੁਰਵਿੰਦਰ ਸਿੰਘ ਖੇੜੀ ਵਾਲਾ ਵੀ ਮੋਰਚੇ ਵਿੱਚ ਪੁੱਜਾ, ਜਿਸ ਨੇ ਜਿੱਥੇ ਪਰਿਵਾਰ ਨਾਲ ਖੜਨ ਦਾ ਐਲਾਨ ਕੀਤਾ ਉੱਥੇ ਹੀ ਸੰਘਰਸ਼ ਦੀ ਵੀ ਹਮਾਇਤ ਕੀਤੀ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਾਬਾ ਖੇੜੀ ਵਾਲਾ ਨੇ ਕਿਹਾ ਕਿ ਉਹਨਾਂ ਨੇ ਫੈਸਲਾ ਲਿਆ ਹੈ ਕਿ ਉਹ ਪਰਮਿੰਦਰ ਝੋਟੇ ਦੇ ਪਿਤਾ ਦੀ ਸੱਤ ਪੁਸ਼ਤਾਂ ਤੱਕ ਸੇਵਾ ਕਰਨਗੇ ਉਹ ਇਹ ਆਪਣੇ ਪਰਿਵਾਰ ਨੂੰ ਵੀ ਦੱਸਣਗੇ ਤੇ ਕਹਿ ਕੇ ਜਾਣਗੇ। ਉਨ੍ਹਾਂ ਇਸ ਮੌਕੇ ਪੰਜਾਬ ਸਰਕਾਰ ਖਿਲਾਫ਼ ਗੁੱਸਾ ਜ਼ਾਹਰ ਕਰਦੇ ਕਿਹਾ ਕਿ ਜਿਨ੍ਹਾਂ ਨੂੰ ਅਸਲ ਵਿੱਚ ਜਾਨ ਦਾ ਖਤਰਾ ਹੈ, ਉਹਨਾਂ ਨੂੰ ਅਸਲਾ ਲਾਇਸੰਸ ਨਹੀਂ ਦਿੱਤਾ ਜਾ ਰਿਹਾ। ਉਨ੍ਹਾਂ ਕਿਹਾ ਕਿ ਨਾ ਹੀ ਮੈਨੂੰ ਦਿੱਤਾ ਗਿਆ ਹੈ ਤੇ ਨਾ ਹੀ ਪਰਮਿੰਦਰ ਸਿੰਘ ਝੋਟਾ ਨੂੰ ਦਿੱਤਾ ਗਿਆ ਸੀ। ਉਹਨਾਂ ਮੰਗ ਕੀਤੀ ਕਿ ਜੋ ਨੌਜਵਾਨ ਸੰਘਰਸ਼ ਕਰ ਰਹੇ ਹਨ, ਨੂੰ ਸਿਕਿਉਰਟੀ ਦਿੱਤੀ ਜਾਵੇ ਜਾਂ ਫਿਰ ਉਹਨਾਂ ਦੇ ਅਸਲਾ ਲਾਇਸੰਸ ਬਣਾਏ ਜਾਣ। ਗੁਰਵਿੰਦਰ ਸਿੰਘ ਨੇ ਦਾਅਵਾ ਕੀਤਾ ਕਿ ਉਹਨਾਂ ਕੋਲੇ ਸੀਆਈਏ ਇੰਚਾਰਜ ਵੀ ਆਇਆ ਕਿ ਤੁਸੀਂ ਮੁੱਖ ਮੰਤਰੀ ਦੇ ਖਿਲਾਫ ਬੋਲਦੇ ਹੋ, ਇਹ ਬੋਲਣਾ ਬੰਦ ਕਰੋ ਤਾਂ ਹੀ ਤੁਹਾਨੂੰ ਸਕਿਉਰਟੀ ਮਿਲ ਸਕਦੀ ਹੈ ਤੇ ਤੁਹਾਡਾ ਲਾਇਸੈਂਸ ਬਣ ਸਕਦਾ ਹੈ। ਪਰ ਉਨ੍ਹਾਂ ਨੇ ਆਪਣੀਆਂ ਅੱਖਾਂ ਕਿਸੇ ਅੱਗੇ ਝੁਕਾ ਕੇ ਤੁਰਨ ਨੂੰ ਇਨਕਾਰ ਕਰ ਦਿੱਤਾ। ਗੁਰਵਿੰਦਰ ਸਿੰਘ ਖੇੜੀਵਾਲਾ ਨੇ ਕਿਹਾ ਕਿ ਉਹ ਪਹਿਲਾਂ ਜੇਲ੍ਹ ਗਿਆ ਸੀ, ਜਿਥੇ ਉਨ੍ਹਾਂ ਨੂੰ ਗੈਂਗਸਟਰਾਂ ਦੀਆਂ ਧਮਕੀਆਂ ਆ ਰਹੀਆਂ ਹਨ। ਉਨ੍ਹਾਂ ਨੇ ਦਾਅਵਾ ਕੀਤਾ ਕਿ ਪੁਲਿਸ ਵੱਲੋਂ ਕੋਈ ਸੁਰੱਖਿਆ ਨਹੀਂ ਦਿੱਤੀ ਗਈ।"

## ਦਿਲਜੀਤ ਦੋਸਾਂਝ ਦਾ ਦਿੱਲੀ 'ਚ ਨਹੀਂ ਹੋਵੇਗਾ ਸ਼ੋਅ ! ਦਿੱਲੀ ਪੁਲਿਸ ਨੇ ਮਨਜ਼ੂਰੀ ਦੇਣ ਤੋਂ ਕੀਤਾ ਇਨਕਾਰ

**ਨਵੀਂ ਦਿੱਲੀ, 22 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਵਿੱਚ ਦਿਲਜੀਤ ਦੋਸਾਂਝ ਦੇ ਸ਼ੋਅ ਵੇਖਣ ਲਈ ਬੇਸਬਰੀ ਨਾਲ ਉਡੀਕ ਕਰ ਰਹੇ ਪ੍ਰਸ਼ੰਸਕਾਂ ਲਈ ਬੁਰੀ ਖ਼ਬਰ ਹੈ। ਜੇਕਰ ਤੁਸੀਂ 30 ਅਕਤੂਬਰ ਨੂੰ ਸ਼ਹਿਰ ਵਿੱਚ ਹੋਣ ਵਾਲੇ ਉਸਦੇ ਸ਼ੋਅ ਲਈ ਆਪਣੀਆਂ ਟਿਕਟਾਂ ਬੁੱਕ ਕਰਵਾਈਆਂ ਸਨ, ਤਾਂ ਖ਼ਬਰ ਹੈ ਕਿ ਸ਼ੋਅ ਨੂੰ ਸੁਰੱਖਿਆ ਇਜਾਜ਼ਤਾਂ ਤੋਂ ਇਨਕਾਰ ਕਰ ਦਿੱਤਾ ਗਿਆ ਹੈ। ਡਿਪਟੀ ਕਮਿਸ਼ਨਰ ਆਫ਼ ਪੁਲਿਸ (ਦੱਖਣੀ ਜ਼ਿਲ੍ਹਾ) ਦੇ ਦਫ਼ਤਰ ਵੱਲੋਂ BookMyShow ਨੂੰ ਲਿਖੇ ਇੱਕ ਪੱਤਰ ਵਿੱਚ ਕਿਹਾ ਗਿਆ ਹੈ, "ਸ਼੍ਰੀਮਾਨ, ਉੱਪਰ ਦੱਸੇ ਗਏ ਵਿਸ਼ੇ 'ਤੇ ਤੁਹਾਡੀ 14.10.2026 ਦੀ ਅਰਜ਼ੀ ਦੇ ਹਵਾਲੇ ਨਾਲ, ਮੈਂ ਤੁਹਾਨੂੰ ਸੂਚਿਤ ਕਰਨਾ ਚਾਹੁੰਦਾ ਹਾਂ ਕਿ 30.10.2026 ਨੂੰ ਨਵੀਂ ਦਿੱਲੀ ਦੇ ਜਵਾਹਰ ਲਾਲ ਨਹਿਰੂ ਸਟੇਡੀਅਮ ਵਿਖੇ "ਦਿਲਜੀਤ ਦੋਸਾਂਝ ਦੇ ਔਰਾ ਇੰਡੀਆ ਟੂਰ ਦਿੱਲੀ" ਦੇ ਆਯੋਜਨ ਲਈ ਤੁਹਾਡੀ ਬੇਨਤੀ ਦੀ ਇਸ ਦਫ਼ਤਰ ਵੱਲੋਂ ਜਾਂਚ ਕੀਤੀ ਗਈ ਹੈ। ਵਿਸ਼ੇਸ਼ ਖਤਰੇ ਨਾਲ ਸਬੰਧਤ ਮਿਲੀਆਂ ਸੂਚਨਾਵਾਂ ਅਤੇ ਚੱਲ ਰਹੇ ਤਿਉਹਾਰੀ ਸੀਜ਼ਨ ਦੌਰਾਨ ਸੁਰੱਖਿਆ ਤੇ ਕਾਨੂੰਨ-ਵਿਵਸਥਾ ਦੀਆਂ ਕਈ ਜ਼ਿੰਮੇਵਾਰੀਆਂ ਨੂੰ ਦੇਖਦਿਆਂ, ਇਸ ਬੇਨਤੀ ਨੂੰ ਮਨਜ਼ੂਰੀ ਨਹੀਂ ਦਿੱਤੀ ਜਾ ਸਕਦੀ।" ਜ਼ਿਕਰਯੋਗ ਹੈ ਕਿ ਦਿਲਜੀਤ ਦੋਸਾਂਝ ਦਾ ਦਿੱਲੀ ਵਿੱਚ ਹੋਣ ਵਾਲਾ ਇਸ ਸ਼ੋਅ ਦੀ ਪਹਿਲਾਂ ਵੀ ਤਰੀਕ ਬਦਲੀ ਗਈ ਸੀ। ਪਹਿਲਾਂ ਇਹ ਸ਼ੋਅ 1 ਨਵੰਬਰ ਨੂੰ ਹੋਣਾ ਸੀ, ਪਰੰਤੂ 1984 ਦੇ ਸਿੱਖ ਵਿਰੋਧੀ ਦੰਗਿਆਂ ਦੀ ਵਰ੍ਹੇਗੰਢ ਦੇ ਮੱਦੇਨਜ਼ਰ ਇਸ ਦੀ ਤਰੀਕ ਬਦਲ ਕੇ 30 ਅਕਤੂਬਰ ਕਰ ਦਿੱਤੀ ਗਈ ਸੀ। ਗਾਇਕ ਦਿਲਜੀਤ ਦੋਸਾਂਝ ਨੇ ਤਰੀਕ ਬਦਲੇ ਜਾਣ 'ਤੇ ਪ੍ਰਸ਼ੰਸਕਾਂ ਲਈ ਦੇ ਦਿੱਲੀ ਸ਼ੋਅ ਨੂੰ ਲੈ ਕੇ ਆਪਣੇ ਸ਼ੋਸਲ ਮੀਡੀਆ ਹੈਂਡਲ 'ਤੇ ਪੋਸਟ ਵੀ ਸਾਂਝੀ ਕੀਤੀ ਸੀ। ਉਸ ਨੇ ਕਿਹਾ ਸੀ, "ਦਿੱਲੀ, ਪਾਜੀ ਤੁਹਾਡੇ ਲਈ ਜ਼ਰੂਰ ਪਰਫਾਰਮ ਕਰਨਗੇ! ਪਹਿਲਾਂ ਤੋਂ ਖਰੀਦੀਆਂ ਸਾਰੀਆਂ ਟਿਕਟਾਂ ਮੁੜ ਨਿਰਧਾਰਤ ਕੀਤੇ ਗਏ ਸ਼ੋਅ ਲਈ ਵੈਧ ਰਹਿਣਗੀਆਂ। ਜੇਕਰ ਤੁਸੀਂ ਨਵੀਂ ਤਾਰੀਖ਼ ਨੂੰ ਸ਼ੋਅ ਵਿੱਚ ਸ਼ਾਮਲ ਨਹੀਂ ਹੋ ਸਕਦੇ ਅਤੇ ਰਿਫੰਡ ਲੈਣਾ ਚਾਹੁੰਦੇ ਹੋ, ਤਾਂ ਤੁਹਾਡੇ ਰਜਿਸਟਰਡ ਮੋਬਾਈਲ ਨੰਬਰ 'ਤੇ ਰਿਫੰਡ ਦੀ ਬੇਨਤੀ ਕਰਨ ਲਈ ਲਿੰਕ ਭੇਜਿਆ ਜਾਵੇਗਾ। ਇਸ ਲਿੰਕ ਰਾਹੀਂ ਰਿਫੰਡ ਨਾਲ ਸਬੰਧਤ ਹੋਰ ਜਾਣਕਾਰੀ ਵੀ ਦਿੱਤੀ ਜਾਵੇਗੀ।" ਹਾਲਾਂਕਿ, ਹੁਣ ਇਹ ਪੰਜਾਬੀ ਗਾਇਕ ਦੇ ਉਨ੍ਹਾਂ ਸਾਰੇ ਪ੍ਰਸ਼ੰਸਕਾਂ ਲਈ ਇੱਕ ਵੱਡਾ ਝਟਕਾ ਹੋਵੇਗਾ, ਜੋ ਲਾਈਵ ਪ੍ਰੋਗਰਾਮ ਵੇਖਣ ਲਈ ਤਿਆਰ ਸਨ।



## ਮੁੱਖ ਮੰਤਰੀ 'ਤੇ ਸਦਨ ਨੂੰ ਗੁੰਮਰਾਹ ਕਰਨ ਦਾ ਦੋਸ਼, ਪਰਗਟ ਸਿੰਘ ਨੇ ਭੇਜਿਆ ਵਿਸ਼ੇਸ਼ ਅਧਿਕਾਰ ਉਲੰਘਣਾ ਦਾ ਨੋਟਿਸ

**ਚੰਡੀਗੜ੍ਹ, 22 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਪਰਗਟ ਸਿੰਘ ਨੇ ਮੁੱਖ ਮੰਤਰੀ ਭਗਵੰਤ ਮਾਨ 'ਤੇ ਪੰਜਾਬ ਵਿਧਾਨ ਸਭਾ ਵਿੱਚ ਗ਼ਲਤ ਜਾਣਕਾਰੀ ਦੇਣ ਅਤੇ ਸਦਨ ਨੂੰ ਗੁਮਰਾਹ ਕਰਨ ਦਾ ਦੋਸ਼ ਲਾਉਂਦਿਆਂ ਵਿਸ਼ੇਸ਼ ਅਧਿਕਾਰ ਉਲੰਘਣਾ ਦਾ ਨੋਟਿਸ ਦਿੱਤਾ ਹੈ। 22 ਅਕਤੂਬਰ ਨੂੰ ਵਿਧਾਨ ਸਭਾ ਦੇ ਸਪੀਕਰ ਨੂੰ ਭੇਜੇ ਗਏ ਨੋਟਿਸ ਵਿੱਚ ਉਨ੍ਹਾਂ ਨੇ ਮੁੱਖ ਮੰਤਰੀ ਤੋਂ ਬੇਅਦਬੀ ਵਿਰੋਧੀ ਕਾਨੂੰਨ ਨਾਲ ਸਬੰਧਤ ਬਿੱਲਾਂ ਬਾਰੇ ਸਥਿਤੀ ਸਪੱਸ਼ਟ ਕਰਨ ਦੀ ਮੰਗ ਕੀਤੀ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਕਿਹਾ ਹੈ ਕਿ ਜੇਕਰ ਸਦਨ ਵਿੱਚ ਗ਼ਲਤ ਜਾਣਕਾਰੀ ਦਿੱਤੇ ਜਾਣ ਦੀ ਪੁਸ਼ਟੀ ਹੁੰਦੀ ਹੈ ਤਾਂ ਮਾਮਲਾ ਵਿਸ਼ੇਸ਼ ਅਧਿਕਾਰ ਕਮੇਟੀ ਕੋਲ ਭੇਜਿਆ ਜਾਵੇ। ਪਰਗਟ ਸਿੰਘ ਅਨੁਸਾਰ ਉਨ੍ਹਾਂ ਨੇ 13 ਅਕਤੂਬਰ 2026 ਨੂੰ ਮੁੱਖ ਮੰਤਰੀ ਤੋਂ 2018 ਦੇ ਬੇਅਦਬੀ ਵਿਰੋਧੀ ਬਿੱਲ ਅਤੇ ਇਸ ਸਬੰਧ ਵਿੱਚ ਕੇਂਦਰੀ ਗ੍ਰਹਿ ਮੰਤਰੀ ਨਾਲ ਹੋਈ ਮੀਟਿੰਗ ਬਾਰੇ ਸਵਾਲ ਪੁੱਛਿਆ ਸੀ। ਦੋਸ਼ ਹੈ ਕਿ ਮੁੱਖ ਮੰਤਰੀ ਨੇ ਜਵਾਬ ਵਿੱਚ 2016 ਦੇ ਬਿੱਲ ਅਤੇ ਉਸ 'ਤੇ ਰਾਸ਼ਟਰਪਤੀ ਵੱਲੋਂ ਕੀਤੀ ਗਈ ਕਾਰਵਾਈ ਦਾ ਹਵਾਲਾ ਦਿੱਤਾ, ਜਦਕਿ ਸਵਾਲ 2018 ਦੇ ਬਿੱਲ ਨਾਲ ਸਬੰਧਤ ਸੀ। ਪਰਗਟ ਸਿੰਘ ਨੇ ਨੋਟਿਸ ਵਿੱਚ ਕਿਹਾ ਹੈ ਕਿ 2016 ਅਤੇ 2018 ਦੇ ਬਿੱਲਾਂ ਵਿਚਕਾਰ ਮਹੱਤਵਪੂਰਨ ਅੰਤਰ ਹੈ। ਉਨ੍ਹਾਂ ਅਨੁਸਾਰ 2016 ਦੇ ਬਿੱਲ ਨੂੰ ਧਰਮ ਦੇ ਆਧਾਰ 'ਤੇ ਸਜ਼ਾ ਦੇ ਪ੍ਰਬੰਧਾਂ ਵਿੱਚ ਅਸਮਾਨਤਾ ਨਾਲ ਜੁੜੇ ਗੰਭੀਰ ਸੰਵਿਧਾਨਕ ਸਵਾਲਾਂ ਦਾ ਸਾਹਮਣਾ ਕਰਨਾ ਪਿਆ ਸੀ। ਇਸ ਤੋਂ ਬਾਅਦ 2018 ਵਿੱਚ ਸੋਧਿਆ ਹੋਇਆ ਬਿੱਲ ਲਿਆਂਦਾ ਗਿਆ, ਜਿਸ ਵਿੱਚ ਸਾਰੇ ਧਰਮਾਂ ਲਈ ਇਕੋ ਜਿਹੀ ਸਜ਼ਾ ਦਾ ਪ੍ਰਬੰਧ ਕੀਤਾ ਗਿਆ, ਤਾਂ ਜੋ ਕਾਨੂੰਨ ਸੰਵਿਧਾਨ ਦੀ ਭਾਵਨਾ ਅਤੇ ਬਰਾਬਰੀ ਦੇ ਸਿਧਾਂਤ ਦੇ ਅਨੁਕੂਲ ਹੋਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦਸੰਬਰ 2022 ਵਿੱਚ ਕੇਂਦਰੀ ਗ੍ਰਹਿ ਮੰਤਰੀ ਨਾਲ ਮੁਲਾਕਾਤ ਕਰਕੇ 2018 ਦੇ ਬਿੱਲ ਨੂੰ ਮਨਜ਼ੂਰੀ ਦੇਣ ਦੀ ਮੰਗ ਕਰ ਚੁੱਕੇ ਹਨ। ਅਜਿਹੇ ਵਿੱਚ ਦੋਵਾਂ ਬਿੱਲਾਂ ਵਿਚਕਾਰ ਅੰਤਰ ਤੋਂ ਅਣਜਾਣ ਹੋਣ ਦਾ ਸਵਾਲ ਹੀ ਨਹੀਂ ਉੱਠਦਾ। ਇਸ ਦੇ ਬਾਵਜੂਦ 2018 ਦੇ ਬਿੱਲ ਨਾਲ ਸਬੰਧਤ ਸਵਾਲ ਦੇ ਜਵਾਬ ਵਿੱਚ 2016 ਦੇ ਬਿੱਲ ਦਾ ਹਵਾਲਾ ਦੇਣਾ ਸਦਨ ਨੂੰ ਮਹੱਤਵਪੂਰਨ ਵਿਧਾਨਕ ਅਤੇ ਸੰਵਿਧਾਨਕ ਤੱਥਾਂ ਬਾਰੇ ਗੁਮਰਾਹ ਕਰਨ ਦੇ ਬਰਾਬਰ ਹੈ। ਪਰਗਟ ਸਿੰਘ ਨੇ ਕਿਹਾ ਕਿ ਇਹ ਸਿਰਫ਼ ਸਿਆਸੀ ਮਤਭੇਦ ਦਾ ਮਾਮਲਾ ਨਹੀਂ ਹੈ, ਸਗੋਂ ਵਿਧਾਨ ਸਭਾ ਵਿੱਚ ਸਹੀ ਅਤੇ ਤੱਥਾਂ 'ਤੇ ਆਧਾਰਿਤ ਜਾਣਕਾਰੀ ਦੇਣ ਦੀ ਜ਼ਿੰਮੇਵਾਰੀ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਨੇ ਸਪੀਕਰ ਨੂੰ ਮੁੱਖ ਮੰਤਰੀ ਤੋਂ ਸਪੱਸ਼ਟੀਕਰਨ ਮੰਗਣ ਅਤੇ ਗ਼ਲਤ ਜਾਣਕਾਰੀ ਦਿੱਤੇ ਜਾਣ ਦੀ ਪੁਸ਼ਟੀ ਹੋਣ 'ਤੇ ਮਾਮਲਾ ਵਿਸ਼ੇਸ਼ ਅਧਿਕਾਰ ਕਮੇਟੀ ਨੂੰ ਸੌਂਪਣ ਦੀ ਅਪੀਲ ਕੀਤੀ ਹੈ।



## ਮੁੱਖ ਮੰਤਰੀ ਮਾਨ ਦੇ ਓਐਸਡੀ ਰਾਜਬੀਰ ਸਿੰਘ ਘੁੰਮਣ ਸੀ.ਬੀ.ਆਈ. ਦਫ਼ਤਰ ਨਹੀਂ ਹੋਏ ਪੇਸ਼

**ਚੰਡੀਗੜ੍ਹ, 22 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਓ.ਐਸ.ਡੀ. ਰਾਜਬੀਰ ਸਿੰਘ ਘੁੰਮਣ ਅੱਜ ਚੰਡੀਗੜ੍ਹ ਸਥਿਤ ਸੀ.ਬੀ.ਆਈ. ਦਫ਼ਤਰ ਵਿਖੇ ਪੁੱਛਗਿੱਛ ਲਈ ਪੇਸ਼ ਨਹੀਂ ਹੋਏ। ਇਹ ਮਾਮਲਾ ਕਥਿਤ ਭ੍ਰਿਸ਼ਟਾਚਾਰ ਨਾਲ ਜੁੜਿਆ ਹੋਇਆ ਹੈ। ਜਾਂਚ ਏਜੰਸੀ ਨੇ ਉਨ੍ਹਾਂ ਨੂੰ ਦੁਪਹਿਰ 2:00 ਵਜੇ ਬੁਲਾਇਆ ਸੀ। ਇਹ ਤੀਜੀ ਵਾਰ ਹੈ ਜਦੋਂ ਸੀ.ਬੀ.ਆਈ. ਨੇ ਘੁੰਮਣ ਨੂੰ ਪੁੱਛਗਿੱਛ ਲਈ ਤਲਬ ਕੀਤਾ ਹੈ। ਇਸ ਤੋਂ ਪਹਿਲਾਂ, ਸੀ.ਬੀ.ਆਈ. ਦੋ ਵੱਖ-ਵੱਖ ਸੈਸ਼ਨਾਂ ਦੌਰਾਨ ਘੁੰਮਣ ਤੋਂ ਕੁੱਲ 90 ਸਵਾਲ ਪੁੱਛ ਚੁੱਕੀ ਹੈ। ਇਸ ਦੌਰਾਨ, ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਨੇ ਭ੍ਰਿਸ਼ਟਾਚਾਰ ਦੇ ਦੋਸ਼ਾਂ ਨੂੰ ਲੈ ਕੇ ਸਰਕਾਰ 'ਤੇ ਨਿਸ਼ਾਨਾ ਸਾਧਿਆ ਹੈ। ਉਨ੍ਹਾਂ ਨੇ ਵੱਖ-ਵੱਖ ਮਾਮਲਿਆਂ ਦੀ ਜਾਂਚ ਦੀ ਮੰਗ ਕੀਤੀ ਹੈ ਜਿਸ ਵਿੱਚ ਸਰਕਾਰੀ ਅਧਿਕਾਰੀਆਂ ਦੇ ਤਬਾਦਲਿਆਂ ਵਿੱਚ ਕਥਿਤ ਰਿਸ਼ਵਤਖੋਰੀ ਤੋਂ ਲੈ ਕੇ ਟੈਂਡਰ ਪ੍ਰਕਿਰਿਆ ਤੱਕ ਦੇ ਮੁੱਦੇ ਸ਼ਾਮਲ ਹਨ ਅਤੇ ਨਾਲ ਹੀ ਸਰਕਾਰੀ ਖਜ਼ਾਨੇ ਨੂੰ ਹੋਏ ਨੁਕਸਾਨ ਦੀ ਭਰਪਾਈ ਕਰਨ ਦੀ ਮੰਗ ਕੀਤੀ ਹੈ। ਸੋਸ਼ਲ ਮੀਡੀਆ 'ਤੇ ਇੱਕ ਵੀਡੀਓ ਸਾਂਝੀ ਕਰਦਿਆਂ, ਬਿਕਰਮ ਸਿੰਘ ਮਜੀਠੀਆ ਨੇ ਮੁੱਖ ਮੰਤਰੀ ਦਫ਼ਤਰ ਨਾਲ ਜੁੜੇ ਕਥਿਤ ਭ੍ਰਿਸ਼ਟਾਚਾਰ ਦੀ ਨਿਰਪੱਖ ਜਾਂਚ ਦੀ ਮੰਗ ਕੀਤੀ। ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਮਾਨ, ਉਨ੍ਹਾਂ ਦੇ ਓ.ਐਸ.ਡੀ. ਰਾਜਬੀਰ ਸਿੰਘ ਘੁੰਮਣ ਅਤੇ ਕੁਝ ਪੁਲਿਸ ਅਧਿਕਾਰੀਆਂ ਦੀ ਭੂਮਿਕਾ 'ਤੇ ਸਵਾਲ ਚੁੱਕੇ। ਮਜੀਠੀਆ ਨੇ ਜ਼ੋਰ ਦੇ ਕੇ ਕਿਹਾ ਕਿ ਜਾਂਚ ਸਿਰਫ਼ ਹੇਠਲੇ ਪੱਧਰ ਦੇ ਅਧਿਕਾਰੀਆਂ ਤੱਕ ਸੀਮਤ ਨਹੀਂ ਰਹਿਣੀ ਚਾਹੀਦੀ; ਸਗੋਂ, ਇਸ ਵਿੱਚ ਸ਼ਾਮਲ ਹਰ ਵਿਅਕਤੀ ਦਾ ਪਰਦਾਫਾਸ਼ ਹੋਣਾ ਚਾਹੀਦਾ ਹੈ ਭਾਵੇਂ ਉਹ ਸਰਕਾਰੀ ਅਧਿਕਾਰੀਆਂ ਦੇ ਤਬਾਦਲੇ ਲਈ ਰਿਸ਼ਵਤ ਲੈਣ ਵਾਲੇ ਹੋਣ ਜਾਂ ਟੈਂਡਰ ਪ੍ਰਕਿਰਿਆ ਵਿੱਚ ਹੇਰਾਫੇਰੀ ਕਰਨ ਵਾਲੇ। ਅਕਾਲੀ ਆਗੂ ਨੇ ਸੀ.ਬੀ.ਆਈ. ਨੂੰ ਅਪੀਲ ਕੀਤੀ ਕਿ ਉਹ ਇਸ ਮਾਮਲੇ ਦੀ ਤਹਿ ਤੱਕ ਜਾਣ ਅਤੇ ਇਹ ਯਕੀਨੀ ਬਣਾਉਣ ਕਿ ਸਰਕਾਰੀ ਖਜ਼ਾਨੇ ਨੂੰ ਹੋਏ ਕਿਸੇ ਵੀ ਨੁਕਸਾਨ ਦੀ ਭਰਪਾਈ ਕੀਤੀ ਜਾਵੇ। ਮਜੀਠੀਆ ਨੇ ਇਹ ਸਵਾਲ ਵੀ ਉਠਾਇਆ ਕਿ ਜਦੋਂ ਸਰਕਾਰੀ ਕੰਮਕਾਜ ਵਿੱਚ ਬੇਨਿਯਮੀਆਂ ਹੋ ਰਹੀਆਂ ਸਨ, ਤਾਂ ਵਿਜੀਲੈਂਸ ਬਿਊਰੋ ਸਮੇਂ ਸਿਰ ਕਾਰਵਾਈ ਕਰਨ ਵਿੱਚ ਕਿਉਂ ਅਸਫਲ ਰਿਹਾ? ਉਨ੍ਹਾਂ ਕਿਹਾ ਕਿ ਹੁਣ "ਵੱਡੀਆਂ ਮੱਛੀਆਂ" ਨੂੰ ਜਵਾਬਦੇਹ ਬਣਾਉਣ ਦੀ ਵਾਰੀ ਹੈ। ਮਜੀਠੀਆ ਨੇ ਪੰਜਾਬ ਵਿੱਚ 144 ਟੋਇਟਾ ਹਿਲਕਸ ਗੱਡੀਆਂ ਦੀ ਖਰੀਦ ਨਾਲ ਜੁੜਿਆ ਮੁੱਦਾ ਵੀ ਉਠਾਇਆ। ਇਸ ਤੋਂ ਪਹਿਲਾਂ, ਇਸ ਖਰੀਦ ਸਬੰਧੀ ਹਾਈ ਕੋਰਟ ਵਿੱਚ ਇੱਕ ਜਨਹਿਤ ਪਟੀਸ਼ਨ ਦਾਇਰ ਕੀਤੀ ਗਈ ਸੀ, ਜਿਸ ਵਿੱਚ ਦੋਸ਼ ਲਾਇਆ ਗਿਆ ਸੀ ਕਿ ਵਾਹਨ ਬਹੁਤ ਵਧੀਆਂ ਹੋਈਆਂ ਕੀਮਤਾਂ 'ਤੇ ਖਰੀਦੇ ਗਏ ਸਨ। ਮਜੀਠੀਆ ਨੇ ਮੰਗ ਕੀਤੀ ਕਿ ਸੀ.ਬੀ.ਆਈ. ਇਸ ਮਾਮਲੇ ਅਤੇ ਇਸ ਨਾਲ ਸਬੰਧਤ ਹੋਰ ਸਾਰੇ ਮਾਮਲਿਆਂ ਦੀ ਨਿਰਪੱਖ ਜਾਂਚ ਕਰੇ ਅਤੇ ਦੋਸ਼ੀ ਪਾਏ ਜਾਣ ਵਾਲਿਆਂ ਵਿਰੁੱਧ ਕਾਰਵਾਈ ਕਰੇ।



ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)

(ਬੱਕਰਾਂ ਦੇ ਹਾਈ ਕੋਰਟ)



ਸੰਤ ਬਾਬਾ ਜਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ

**ਮਿਤੀ 1 ਨਵੰਬਰ 2026 ਦਿਨ ਐਤਵਾਰ**
**ਨੂੰ ਸ੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।**

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।
ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



**30 ਅਕਤੂਬਰ 2026 ਦਿਨ ਸ਼ੁੱਕਰਵਾਰ**

ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

**1 ਨਵੰਬਰ 2026 ਦਿਨ ਐਤਵਾਰ ਨੂੰ**

ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137
ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404




ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV



DHAN DHAN SRI GURU NANAK DEV JI
PARKASH PURAB
SANDWELL
NAGAR
KIRTAN
ਨਗਰ ਕੀਰਤਨ
SUNDAY 1ST NOVEMBER 2026
GURDWARA GURU HAR RAI SAHIB JI START 9:00AM
George Street, West Bromwich
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ ਅਰੰਭਤਾ: ੯:੦੦ ਵਜੇ
ਜਰੋਜ ਸਟਰੀਟ, ਵੈਸਟ ਬ੍ਰਮਮਿਚ
GURU NANAK GURDWARA 11:00AM
Edward Street, West Bromwich
ਗੁਰੂ ਨਾਨਕ ਗੁਰਦੁਆਰਾ ੧੧:੦੦ ਵਜੇ
ਏਡਵਰਡ ਸਟਰੀਟ, ਵੈਸਟ ਬ੍ਰਮਮਿਚ
GURDWARA AMRIT PARCHAR DHARMIK DIWAN 1:00PM
Birmingham Road, Oldbury
ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ ੧:੦੦ ਵਜੇ
ਬ੍ਰਮਿੰਘਮ ਰੋਡ, ਓਲਡਬਰੀ
GURDWARA GURU MANEYO GRANTH 2:00PM
Popes Lane, Oldbury
ਗੁਰਦੁਆਰਾ ਗੁਰੂ ਮਾਨਯੋ ਗ੍ਰੰਥ ੨:੦੦ ਵਜੇ
ਪੋਪਸ ਲੇਨ, ਓਲਡਬਰੀ
GURDWARA BABA SANG 3:15PM
St. Paul's Road, Smethwick
ਗੁਰਦੁਆਰਾ ਬਾਬਾ ਸੰਗ ਜੀ ੩:੧੫ ਵਜੇ
ਸਟ, ਪੋਲਜ਼ ਰੋਡ, ਸਮੇਦਿਕ
GURU NANAK GURDWARA SMETHWICK 4:00PM
High Street, Smethwick
ਗੁਰੂ ਨਾਨਕ ਗੁਰਦੁਆਰਾ ੪:੦੦ ਵਜੇ
ਸਮੇਦਿਕ
GURDWARA GURU HAR RAI SAHIB - 0121 553 7219
GURU NANAK GURDWARA SMETHWICK - 0121 558 2527
ਆਵਾਜ਼ਿ ਕੌਮ AWAZE QAUM
International Newspaper & WEB TV
GURDWARA AMRIT PARCHAR DHARMIK DIWAN OLDBURY
Gurdwara Guru Maneyo Granth OLDBURY
The Council of Sikh Gurdwaras in Sandwell


TPU - THE PANJAB UNIVERSE
LEARN | TRADE | GROW | EARN FOR LIFE
ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ
ਸਾਡੀਆਂ ਸੇਵਾਵਾਂ:
100% ਪ੍ਰੈਕਟੀਕਲ ਟਰੇਡਿੰਗ
ਲਾਈਵ ਮਾਰਕੀਟ ਸਿਖਲਾਈ
ਬਿਗਨਰ ਤੋਂ ਐਡਵਾਂਸ ਲੈਵਲ ਤੱਕ
ਇਨਕਿਊਬੇਟਰ ਗਾਈਡੈਂਸ
ਲਾਈਫ ਟਾਈਮ ਸਪੋਰਟ
ਕੋਰਸ ਵਿੱਚ ਸ਼ਾਮਲ:
ਇੰਟਰਾਡੇ
ਸਵਿੰਗ
ਆਪਸ਼ਨ
ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
ਰਿਸਕ ਮੈਨੇਜਮੈਂਟ
ਇਨਵੈਸਟਮੈਂਟ ਸਟ੍ਰੈਟਜੀ
ਪ੍ਰੈਕਟੀਕਲ ਟਰੇਡਿੰਗ ਸਿਸਟਮ
ਆਵਾਜ਼ਿ ਕੌਮ AWAZE QAUM
International Newspaper & WEB TV
ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ
ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ
+91 76961 59766
Instagram: thepanjabuniverse / the.panjabuniverse (ਜਲੰਧਰ)
ਸਾਡਾ ਪਤਾ: Lambra near Jalandhar


ਧੰਨ ਧੰਨ ਸ਼੍ਰੀ ਗੁਰੂ ਰਾਮਦਾਸ ਜੀ ਦੇ
ਪ੍ਰਕਾਸ਼ ਪੁਰਬ
ਨੂੰ ਸਮਰਪਿਤ ਸਮਾਗਮ ਗੁਰਦੁਆਰਾ ਸਿੰਘ ਸਭਾ ਘੱਗਾ ਵਿਖੇ
ਮਿਤੀ:-
25, ਅਤੇ 26 ਅਕਤੂਬਰ
ਸ਼ਾਮ 6 ਵਜੇ ਤੋਂ ਰਾਤ 9 ਵਜੇ ਤੱਕ
ਦੀਵਾਨ
27 ਅਕਤੂਬਰ ਨੂੰ
ਸਵੇਰੇ 9 ਵਜੇ ਤੋਂ ਸਵੇਰੇ 11:30 ਵਜੇ ਤੱਕ
ਸਮਾਗਮ
ਬਾਬਾ ਸੁਖਵਿੰਦਰ ਸਿੰਘ ਜੀ (ਘੱਗੇ ਵਾਲੇ)
ਗਿਆਨੀ ਰਵਿੰਦਰ ਸਿੰਘ (ਦਮਦਮੀ ਟਕਸਾਲ)
ਗਿਆਨੀ ਜਗਜੀਤ ਸਿੰਘ ਜੀ (ਹੈੱਡ ਗ੍ਰੰਥੀ ਗੁ: ਨਾਢਾ ਸਾਹਿਬ)
ਗਿਆਨੀ ਜਸਵੀਰ ਸਿੰਘ ਜੀ (ਖੜਗ)
ਬਾਬਾ ਬਲਜੀਤ ਸਿੰਘ ਜੀ (ਢੱਕਰ)
ਬਾਬਾ ਦਰਸ਼ਨ ਸਿੰਘ ਜੀ
ਗਿਆਨੀ ਦਇਆ ਸਿੰਘ ਜੀ
ਭਾਈ ਗੁਰਸੇਵਕ ਸਿੰਘ ਰੰਗੀਲਾ ਜੀ (ਹਜ਼ੂਰੀ ਜੱਥਾ ਗੁ: ਦਾਦੂ ਸਾਹਿਬ)
ਬਾਬਾ ਦਲਜੀਤ ਸਿੰਘ ਜੀ (ਬਰਾਸ ਵਾਲੇ)
ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਆਪ ਜੀ ਨੇ ਇਹਨਾਂ ਸਮਾਗਮਾਂ ਵਿੱਚ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ।
ਮੋ. 90411-47540, 90413-28422, 91150-66349
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ
ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ, ਅਤੇ ਸਮੂਹ ਸਾਧਸੰਗਤ, ਘੱਗਾ


7ਵਾਂ ਸਾਲਾਨਾ ਗੁਰਮਤਿ ਸਮਾਗਮ
ਪਿੰਡ ਸੰਗਤਪੁਰਾ ਮੋਹਾਲੀ
21 ਤੋਂ 25 ਅਕਤੂਬਰ 2026
ਸਮਾ: ਸ਼ਾਮ 6 ਤੋਂ 10 ਵਜੇ ਤੱਕ
ਦਸਤਾਰ ਬੰਦੀ ਮੁਕਾਬਲੇ
23 ਅਕਤੂਬਰ 2026 ਸਵੇਰ 10 ਵਜੇ
ਲੰਬੇ ਕੇਸ ਮੁਕਾਬਲੇ
ਅੰਮ੍ਰਿਤ ਸੰਚਾਰ
25 ਅਕਤੂਬਰ, ਸ਼ਾਮ 5 ਵਜੇ
ਸੰਗਤਾਂ ਲਈ ਬੱਸਾਂ ਦੀ ਸੇਵਾ ਮੁਫ਼ਤ ਲਗਾਈ ਜਾਵੇਗੀ
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਖੂਨਦਾਨ ਕੈਂਪ
23 ਅਕਤੂਬਰ, ਸਵੇਰੇ 10 ਵਜੇ
ਮੈਡੀਕਲ ਕੈਂਪ
5 ਦਿਨ
DARVESH TV
LIVE ON
ਸੰਪਰਕ :-
62845-76824
94642-46744
SCAN FOR LOCATION
ਬਾਬਾ ਇਸ਼ਰ ਸਿੰਘ ਜੀ
ਸੰਗਤਪੁਰੇ ਵਾਲੇ
ਵਿਸ਼ੇਸ਼ ਹਾਜ਼ਰੀ
ਸੰਤ ਬਾਬਾ ਗੁਲਾਬ ਸਿੰਘ ਜੀ
ਸ੍ਰੀ ਚਮਕੌਰ ਸਾਹਿਬ ਵਾਲੇ
ਬੇਨਤੀ ਕਰਤਾ :- ਬਾਬਾ ਇਸ਼ਰ ਸਿੰਘ ਜੀ ਸੰਗਤਪੁਰੇ ਵਾਲੇ ਅਤੇ ਸਮੂਹ ਇਲਾਕਾ ਨਿਵਾਸੀ ਪਿੰਡ ਸੰਗਤਪੁਰਾ





## ਭਗਵਾਨ ਸ੍ਰੀ ਬਾਲਮੀਕ ਜੀ ਦੇ ਪ੍ਰਗਟ ਦਿਵਸ ਨੂੰ ਸਮਰਪਿਤ ਸ਼ੋਭਾ ਯਾਤਰਾ ’ਚ

# ਬਾਪੂ ਤਰਸੇਮ ਸਿੰਘ ਜੀ ਹੋਏ ਸ਼ਾਮਿਲ ਅਤੇ ਸਮੂਹ ਬਾਲਮੀਕ ਭਾਈਚਾਰੇ ਨੂੰ ਦਿੱਤੀ ਵਧਾਈ

### ਭਗਵਾਨ ਸ੍ਰੀ ਬਾਲਮੀਕ ਜੀ ਦੀਆਂ ਸਿੱਖਿਆਵਾਂ ਸਮਾਜ ਨੂੰ ਬਰਾਬਰਤਾ, ਆਪਸੀ ਸਾਂਝ, ਸਤਿਕਾਰ ਅਤੇ ਮਨੁੱਖਤਾ ਦੀ ਸੇਵਾ ਦਾ ਮਾਰਗ ਦਿਖਾਉਂਦੀਆਂ ਹਨ : ਬਾਪੂ ਤਰਸੇਮ ਸਿੰਘ

**ਅੰਮ੍ਰਿਤਸਰ, 22 ਅਕਤੂਬਰ (ਆਵਾਜ਼ਿ ਕੌਮ ਬਿਊਰੋ)-** ਭਗਵਾਨ ਸ਼੍ਰੀ ਬਾਲਮੀਕ ਜੀ ਦੇ ਪਵਿੱਤਰ ਪ੍ਰਗਟ ਦਿਵਸ ਨੂੰ ਸਮਰਪਿਤ ਅੱਜ ਅੰਮ੍ਰਿਤਸਰ ਵਿਖੇ ਬਾਲਮੀਕ ਭਾਈਚਾਰੇ ਵੱਲੋਂ ਸਜਾਈ ਗਈ ਵਿਸ਼ਾਲ ਸ਼ੋਭਾ ਯਾਤਰਾ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਬਾਪੂ ਤਰਸੇਮ ਸਿੰਘ ਜੀ ਵਿਸ਼ੇਸ਼ ਤੌਰ ’ਤੇ ਸ਼ਾਮਲ ਹੋਏ ਅਤੇ ਭਗਵਾਨ ਵਾਲਮੀਕ ਜੀ ਦੀ ਮੂਰਤੀ ਨੂੰ ਸਤਿਕਾਰ ਭੇਟ ਕੀਤਾ ਅਤੇ

ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰੀ ਸੰਨੀ ਦਾਨਵ ਜੀ ( ਅੰਬੇਦਕਰ ਸਮਾਜ ਦਲ ਅਤੇ ਭਗਵਾਨ ਵਾਲਮੀਕ ਜੀ ਤੀਰਥ ਤੋਂ ਅਤੇ ਸ੍ਰੀ ਸੰਦੀਪ ਜੀ ਜੰਡਿਆਲਾ ਏਕਤਾ ਸੰਘਰਸ਼ ਦਲ ਵੱਲੋਂ ਬਾਪੂ ਤਰਸੇਮ ਸਿੰਘ ਦੀ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਨੇ ਨੇ ਸਮੂਹ ਬਾਲਮੀਕ ਭਾਈਚਾਰੇ ਨੂੰ ਪ੍ਰਗਟ ਦਿਵਸ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਭਗਵਾਨ ਸ਼੍ਰੀ ਬਾਲਮੀਕ ਜੀ ਦਾ ਜੀਵਨ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਸਮੁੱਚੀ ਮਨੁੱਖਤਾ ਲਈ ਪ੍ਰੇਰਨਾ ਦਾ ਸਰੋਤ ਹਨ। ਉਨ੍ਹਾਂ ਕਿਹਾ ਕਿ ਅਜਿਹੇ ਪਵਿੱਤਰ ਦਿਹਾੜੇ ਸਾਨੂੰ ਜਾਤ-ਪਾਤ, ਊਚ-ਨੀਚ ਅਤੇ ਸਮਾਜਿਕ ਵੰਡੀਆਂ ਤੋਂ ਉੱਪਰ ਉੱਠ ਕੇ ਆਪਸੀ ਪਿਆਰ, ਸਤਿਕਾਰ, ਬਰਾਬਰਤਾ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਦਾ ਸੰਦੇਸ਼ ਦਿੰਦੇ ਹਨ। ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਇੱਕ ਸਿਹਤਮੰਦ ਅਤੇ ਖੁਸ਼ਹਾਲ ਸਮਾਜ ਦੀ ਸਿਰਜਣਾ ਤਾਂ ਹੀ ਸੰਭਵ ਹੈ, ਜਦੋਂ ਹਰ ਮਨੁੱਖ ਨੂੰ ਬਿਨਾਂ ਕਿਸੇ ਭੇਦਭਾਵ ਦੇ ਬਰਾਬਰ





ਸਤਿਕਾਰ, ਹੱਕ ਅਤੇ ਅੱਗੇ ਵਧਣ ਦੇ ਮੌਕੇ ਮਿਲਣ। ਉਨ੍ਹਾਂ ਕਿਹਾ ਕਿ ਸਾਨੂੰ ਭਗਵਾਨ ਸ਼੍ਰੀ ਬਾਲਮੀਕ ਜੀ ਦੀਆਂ ਸਿੱਖਿਆਵਾਂ ਤੋਂ ਪ੍ਰੇਰਨਾ ਲੈਂਦਿਆਂ ਸਮਾਜ ਵਿੱਚੋਂ ਨਫ਼ਰਤ, ਵਿਤਕਰੇ ਅਤੇ ਅਨਿਆਂ ਨੂੰ ਖ਼ਤਮ ਕਰਨ ਲਈ ਸਾਂਝੇ ਯਤਨ ਕਰਨੇ ਚਾਹੀਦੇ ਹਨ। ਉਨ੍ਹਾਂ ਨੇ ਸਮੂਹ ਸੰਗਤ ਨੂੰ ਅਪੀਲ ਕੀਤੀ ਕਿ ਇਸ ਪਵਿੱਤਰ ਦਿਹਾੜੇ ਦੀਆਂ ਖੁਸ਼ੀਆਂ ਨੂੰ ਸਮਾਜਿਕ ਏਕਤਾ, ਆਪਸੀ ਸਦਭਾਵਨਾ ਅਤੇ ਮਨੁੱਖਤਾ ਦੀ ਸੇਵਾ ਦੇ ਸੰਕਲਪ ਨਾਲ ਜੋੜਿਆ ਜਾਵੇ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਬਰਾਬਰੀ, ਸਾਂਝ ਅਤੇ ਸਤਿਕਾਰ ਵਾਲੇ ਸਮਾਜ ਦੀ ਨੀਂਹ ਰੱਖੀ ਜਾ ਸਕੇ। ਇਸ ਸ਼ੋਭਾ ਯਾਤਰਾ ਦਾ ਆਗਾਜ਼ ਅੰਮ੍ਰਿਤਸਰ ਵਿਖੇ ਗਵਾਲਮੰਡੀ ਨੇੜੇ ਸਥਿਤ ਭਗਵਾਨ ਸ਼੍ਰੀ ਬਾਲਮੀਕ ਜੀ ਦੇ ਮੂਰਤੀ ਸਥਲ ਤੋਂ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਸਮਾਜਿਕ ਜਥੇਬੰਦੀਆਂ ਅਤੇ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੇ ਸ਼ਮੂਲੀਅਤ ਕੀਤੀ। ਬਾਪੂ ਤਰਸੇਮ ਸਿੰਘ ਜੀ ਦੇ ਨਾਲ ਅਕਾਲੀ ਦਲ ਵਾਰਿਸ ਪੰਜਾਬ ਦੇ ਦੇ ਹੋਰ ਸੀਨੀਅਰ ਆਗੂ ਵੀ ਵਿਸ਼ੇਸ਼ ਤੌਰ ’ਤੇ ਹਾਜ਼ਰ ਰਹੇ। ਇਸ ਮੌਕੇ ਹਾਜ਼ਰ ਪਾਰਟੀ ਆਗੂਆਂ ਵਿੱਚ ਮੁੱਖ ਤੌਰ ਤੇ ਅੰਮ੍ਰਿਤਸਰ ਸ਼ਹਿਰੀ ਪ੍ਰਧਾਨ ਅਮਨਦੀਪ ਸਿੰਘ ਡੱਡੂਆਣਾਂ, ਭਾਈ ਪਲਵਿੰਦਰ ਸਿੰਘ ਜੱਲੂਪੁਰ, ਭਾਈ ਅਮਰਜੀਤ ਸਿੰਘ ਜੱਲੂਪੁਰ, ਬਾਪੂ ਦਯਾ ਸਿੰਘ ਜੀ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਸ੍ਰ ਗੁਰਵਿੰਦਰ ਸਿੰਘ ਝੰਡੇਰ, ਸ੍ਰ ਗੁਰਦੇਵ ਸਿੰਘ ਜੱਜੀ, ਸ੍ਰ ਜਸਬੀਰ ਸਿੰਘ ਵਡਾਲੀ, ਸ੍ਰ ਅੰਗਰੇਜ ਸਿੰਘ, ਸ੍ਰ ਸੰਦੀਪ ਸਿੰਘ ਗੁੰਮਟਾਲਾ, ਭਾਈ ਜਗਜੋਤ ਸਿੰਘ ਖ਼ਾਲਸਾ, ਭਾਈ ਮਹਿੰਦਰਪਾਲ ਸਿੰਘ ਤੂੰਗ, ਸ੍ਰ ਜਤਿੰਦਰ ਸਿੰਘ, ਸ੍ਰ ਸ਼ਾਹਜੀਤ ਸਿੰਘ ਬੱਲ, ਸ੍ਰ ਅੰਗਰੇਜ ਸਿੰਘ, ਸ੍ਰ ਹਰਕਮਲਪ੍ਰੀਤ ਸਿੰਘ, ਸੁਖਬੀਰ ਸਿੰਘ ਤੇ ਜਰਮਨਦੀਪ ਸਿੰਘ ਆਦਿ ਹਾਜ਼ਰ ਸਨ।

23 ਅਕਤੂਬਰ ਜਨਮ ਦਿਹਾੜੇ 'ਤੇ ਵਿਸ਼ੇਸ਼

# ਬ੍ਰਹਮ ਗਿਆਨੀ ਬਾਬਾ ਬੁੱਢਾ ਜੀ : ਬੰਦਗੀ, ਸੇਵਾ ਤੇ ਸਮਰਪਣ ਦੇ ਮੁਜੱਸਮੇ

**ਗੁਰਬਾਣੀ** ਵਿੱਚ ਜਿਸ ਪੂਰਨ ਮਨੁੱਖ, ਬ੍ਰਹਮ ਗਿਆਨੀ ਤੇ ਗੁਰਮੁਖ ਦੇ ਗੁਣਾਂ ਦਾ ਵਰਣਨ ਕੀਤਾ ਗਿਆ ਹੈ, ਉਹ ਸਾਰੇ ਗੁਣ ਬਾਬਾ ਬੁੱਢਾ ਜੀ ਦੀ ਮਹਾਨ ਸ਼ਖ਼ਸੀਅਤ ਵਿੱਚ ਵਿਦਮਾਨ ਸਨ। ਆਪ ਜੀ ਗੁਰੂ-ਘਰ ਦੇ ਅਨਿੰਨ ਸੇਵਕ, ਗੁਰਮਤਿ ਦੇ ਪ੍ਰਚਾਰਕ, ਪਰਉਪਕਾਰੀ, ਮਹਾਨ ਉਸਰੱਈਏ, ਦੂਰਅੰਦੇਸ਼ ਅਤੇ ਵਿਦਵਾਨ ਸਨ। ਆਪ ਜੀ ਅਜਿਹੇ ਆਦਰਸ਼ਕ ਅਤੇ ਅਦੁੱਤੀ ਗੁਰਸਿੱਖ ਸਨ, ਜਿਨ੍ਹਾਂ ਦੀਆਂ ਅੱਖਾਂ ਅੱਗੋਂ ਲਗਭਗ ਅੱਧਾ ਗੁਰ-ਇਤਿਹਾਸ ਲੰਘਿਆ। ਆਪ ਜੀ ਨੂੰ ਪਹਿਲੀਆਂ ਛੇ ਪਾਤਸ਼ਾਹੀਆਂ ਦੀ ਸੰਗਤ ਅਤੇ ਸੇਵਾ ਕਰਨ, ਗੁਰੂ ਨਾਨਕ ਦੇਵ ਜੀ ਤੋਂ ਬਾਅਦ ਅਗਲੀਆਂ ਪੰਜ ਪਾਤਸ਼ਾਹੀਆਂ ਨੂੰ ਗੁਰਗੱਦੀ 'ਤੇ ਬਿਰਾਜਮਾਨ ਕਰਨ ਸਮੇਂ ਤਿਲਕ ਲਗਾਉਣ ਦਾ ਮਾਣ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਪਹਿਲੇ ਪ੍ਰਕਾਸ਼ ਸਮੇਂ ਪਹਿਲੇ ਗ੍ਰੰਥੀ ਵਜੋਂ ਸੇਵਾ ਨਿਭਾਉਣ ਦਾ ਸੁਭਾਗ ਅਤੇ ਭਾਰਤੀ ਇਤਿਹਾਸ ਨੂੰ ਨਵੀਂ ਦਿਸ਼ਾ ਦੇਣ 'ਚ ਅਹਿਮ ਦਸਤਕ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਹੱਥੀਂ ਨਿਰਮਾਣ ਅਤੇ ਗੁਰੂ ਹਰਿਗੋਬਿੰਦ ਸਾਹਿਬ ਨੂੰ ਮੀਰੀ ਪੀਰੀ ਦੀਆਂ ਦੇ ਤਲਵਾਰਾਂ ਪਹਿਨਾਉਣਾ ਵੀ ਆਪ ਜੀ ਦੇ ਹਿੱਸੇ ਆਇਆ।



ਬਾਬਾ ਬੁੱਢਾ ਜੀ ਦਾ ਜਨਮ ਸੰਮਤ 1563 ਬਿਕ੍ਰਮੀ, 7 ਕੱਤਕ ਵਦੀ 10 (22 ਅਕਤੂਬਰ, 1506 ਈ.) ਨੂੰ ਜ਼ਿਲ੍ਹਾ ਅੰਮ੍ਰਿਤਸਰ ਦੇ ਪਿੰਡ ਕੱਥੂਨੰਗਲ ਵਿਖੇ ਭਾਈ ਸੁੱਖਾ ਜੀ ਰੰਧਾਵਾ ਦੇ ਗ੍ਰਹਿ ਵਿਖੇ ਮਾਤਾ ਗੌਰਾਂ ਜੀ ਦੀ ਕੁੱਖੋਂ ਹੋਇਆ। ਮਾਪਿਆਂ ਨੇ ਬਾਲਕ ਦਾ ਨਾਂ ਬੂੜਾ ਰੱਖਿਆ। ਲਗਭਗ ਬਾਰਾਂ ਸਾਲ ਦੀ ਉਮਰ ਵਿੱਚ ਪਸ਼ੂ ਚਾਰਦਿਆਂ ਬਾਲਕ ਬੂੜੇ ਦਾ ਮੇਲ ਗੁਰੂ ਨਾਨਕ ਦੇਵ ਜੀ ਨਾਲ ਹੋਇਆ। ਉਨ੍ਹਾਂ ਗੁਰੂ ਸਾਹਿਬ ਨੂੰ ਸਾਧੂ-ਸੰਤ ਜਾਣ ਕੇ ਦੁੱਧ ਭੇਟ ਕੀਤਾ ਅਤੇ ਉਨ੍ਹਾਂ ਨਾਲ ਬਿਬੇਕ ਤੇ ਵੈਰਾਗ ਦੀਆਂ ਗੱਲਾਂ ਕੀਤੀਆਂ। ਬਾਲਕ ਬੂੜੇ ਦੇ ਵਿਚਾਰਾਂ ਨੂੰ ਸੁਣ ਕੇ ਸਤਿਗੁਰੂ ਜੀ ਬਖਸ਼ਿਸ਼ ਦੇ ਘਰ ਆਏ ਅਤੇ ਕਿਹਾ " ਭਾਵੇਂ ਉਮਰ ਨਿੱਕੀ ਹੈ, ਪਰ ਸੂਝ ਸਮਝ ਪੱਖੋਂ ਤੂੰ ਬੁੜਾ ਨਹੀਂ ਸਗੋਂ ਬੁੜ੍ਹਾ ਭਾਵ ਬੁੱਢਾ ਹੈ। ਉਸ ਦਿਨ ਤੋਂ ਬੂੜੇ ਦਾ ਨਾਂ ਬੁੱਢਾ ਪ੍ਰਸਿੱਧ ਹੋ ਗਿਆ। ਕੌਣ ਜਾਣਦਾ ਸੀ ਕਿ ਇਹ ਬਾਲਕ ਇੱਕ ਦਿਨ ਆਪਣੀ ਅਧਿਆਤਮਿਕ ਸੂਝ-ਬੂਝ, ਗੁਰੂ-ਭਗਤੀ ਅਤੇ ਨਿਸ਼ਕਾਮ ਸੇਵਾ ਸਦਕਾ ਸਿੱਖ ਇਤਿਹਾਸ ਵਿੱਚ ਅਜਿਹਾ ਉੱਚਾ ਸਥਾਨ ਹਾਸਲ ਕਰੇਗਾ ਕਿ ਉਸ ਦਾ ਨਾਂ ਸਦੀਆਂ ਤੱਕ ਸ਼ਰਧਾ ਨਾਲ ਲਿਆ ਜਾਂਦਾ ਰਹੇਗਾ। ਗੁਰੂ ਨਾਨਕ ਦੇਵ ਜੀ ਦੀ ਸੰਗਤ 'ਚ ਕਰਤਾਰਪੁਰ ਵਿਖੇ ਗੁਰਮਤਿ ਗਿਆਨ ਦੀਆਂ ਬਾਰੀਕੀਆਂ ਨੂੰ ਪ੍ਰਾਪਤ ਕੀਤਾ ਅਤੇ ਇਸ ਗਿਆਨ ਨੂੰ ਹੋਰ ਸਿੱਖਾਂ ਨਾਲ ਵੀ ਖੁੱਲ੍ਹੇ ਦਿਲ ਨਾਲ ਸਾਂਝਾ ਕੀਤਾ। ਇਸੇ ਦੌਰਾਨ ਆਪ ਜੀ ਦਾ ਵਿਆਹ ਪਿੰਡ ਅਚੱਲ, ਵਟਾਲਾ ਵਿਖੇ ਸਮਰਾਹ ਗੋਤ ਦੇ ਜ਼ਿਮੀਂਦਾਰ ਦੀ ਪੁੱਤਰੀ ਮਾਤਾ ਮਿਰੋਆ ਜੀ ਨਾਲ ਹੋਇਆ ਅਤੇ ਉਨ੍ਹਾਂ ਦੇ ਗ੍ਰਹਿ ਵਿਖੇ ਚਾਰ ਪੁੱਤਰਾਂ ਨੇ ਜਨਮ ਲਿਆ। ਗ੍ਰਹਿਸਤ ਜੀਵਨ ਦੀਆਂ ਜ਼ਿੰਮੇਵਾਰੀਆਂ ਨਿਭਾਉਂਦਿਆਂ ਵੀ ਆਪ ਜੀ ਦੀ ਗੁਰੂ-ਭਗਤੀ ਅਤੇ ਸੇਵਾ-ਭਾਵਨਾ ਵਿੱਚ ਕਦੇ ਕਮੀ ਨਾ ਆਈ। ਗੁਰੂ ਨਾਨਕ ਦੇਵ ਜੀ ਦੇ ਜੋਤੀ ਜੋਤਿ ਸਮਾਉਣ ਉਪਰੰਤ ਗੁਰੂ ਅੰਗਦ ਦੇਵ ਜੀ ਗੁਰੂ-ਵਿਛੋੜੇ ਦੀ ਪੀੜਾ ਵਿੱਚ ਖਡੂਰ ਸਾਹਿਬ ਵਿਖੇ ਮਾਈ ਸਭਰਾਈ ਜੀ ਦੇ ਘਰ ਇੱਕ ਬੰਦ ਕਮਰੇ ਵਿੱਚ ਇਕਾਂਤਵਾਸ ਕਰ ਗਏ। ਸੰਗਤਾਂ ਸਤਿਗੁਰੂ ਜੀ ਦੇ ਦਰਸ਼ਨਾਂ ਲਈ ਵਿਆਕੁਲ ਸਨ। ਅਜਿਹੇ ਸਮੇਂ ਬਾਬਾ ਬੁੱਢਾ ਜੀ ਨੇ ਆਪਣੀ ਸੂਝ-ਬੂਝ ਅਤੇ ਗੁਰੂ-ਘਰ ਪ੍ਰਤੀ ਅਟੁੱਟ ਸਮਰਪਣ ਸਦਕਾ ਸਤਿਗੁਰੂ ਜੀ ਨੂੰ ਲੱਭਿਆ ਅਤੇ ਸੰਗਤਾਂ ਨੂੰ ਗੁਰਾਂ ਦੇ ਦਰਸ਼ਨ ਕਰਾਉਣ ਦਾ ਸੁਭਾਗ ਬਖ਼ਸ਼ਿਆ। ਇਸੇ ਤਰ੍ਹਾਂ, ਜਦੋਂ ਗੁਰੂ ਅਮਰਦਾਸ ਜੀ ਕਿਸੇ ਕਾਰਨ ਉਪਰਾਮ ਹੋ ਕੇ ਪਿੰਡ ਬਾਸਰਕੇ ਵਿਖੇ ਇੱਕ ਕੋਠੇ ਵਿੱਚ ਬੂਹਾ ਬੰਦ ਕਰਕੇ ਬਿਰਾਜਮਾਨ ਹੋ ਗਏ ਅਤੇ ਬਾਹਰ ਲਿਖ ਦਿੱਤਾ ਕਿ ਜਿਹੜਾ ਵੀ ਦਰਵਾਜ਼ਾ ਖੋਲ੍ਹਣ ਦੀ ਕੋਸ਼ਿਸ਼ ਕਰੇਗਾ, ਉਹ ਉਨ੍ਹਾਂ ਦਾ ਸਿੱਖ ਨਹੀਂ ਹੋਵੇਗਾ, ਤਾਂ ਬਾਬਾ ਬੁੱਢਾ ਜੀ ਨੇ ਗੁਰੂ-ਹੁਕਮ ਦੀ ਮਰਿਆਦਾ ਕਾਇਮ ਰੱਖਦਿਆਂ ਇੱਕ ਅਨੋਖਾ ਰਾਹ ਅਪਣਾਇਆ। ਉਨ੍ਹਾਂ ਨੇ ਦਰਵਾਜ਼ਾ ਖੋਲ੍ਹਣ ਦੀ ਬਜਾਏ ਪਿੱਛਿਓਂ ਸੰਨ੍ਹ ਲਾਈ ਅਤੇ ਸਤਿਗੁਰੂ ਜੀ ਦੇ ਦਰਸ਼ਨ ਕਰਕੇ ਸੰਗਤਾਂ ਨੂੰ ਵੀ ਇਸ ਸੁਭਾਗ ਤੋਂ ਵਾਂਝਾ ਨਾ ਰਹਿਣ ਦਿੱਤਾ। ਇਹ ਪ੍ਰਸੰਗ ਆਪ ਜੀ ਦੀ ਤੀਖਣ ਬੁੱਧੀ, ਗੁਰੂ-ਮਰਿਆਦਾ ਪ੍ਰਤੀ ਸਤਿਕਾਰ ਅਤੇ ਸੰਗਤ ਦੀਆਂ ਭਾਵਨਾਵਾਂ ਨੂੰ ਸਮਝਣ ਦੀ ਸਮਰੱਥਾ ਦਾ ਪ੍ਰਤੀਕ ਹੈ।

ਬਾਬਾ ਬੁੱਢਾ ਜੀ ਗੁਰੂ-ਘਰ ਦਾ ਇਕ ਸੱਚਾ ਸੇਵਕ ਧਾਰਮਿਕ ਗਿਆਨ ਦੇ ਨਾਲ-ਨਾਲ ਸਮਾਜ ਵਿੱਚ ਬਰਾਬਰੀ, ਸਾਂਝ ਅਤੇ ਮਨੁੱਖੀ ਸਤਿਕਾਰ ਦੀ ਸਥਾਪਨਾ ਲਈ ਵੀ ਯਤਨਸ਼ੀਲ ਰਿਹਾ। ਸੰਗਤਾਂ ਦੀ ਅਗਵਾਈ ਦੇ ਨਾਲ ਨਾਲ ਸਿੱਖ ਪੰਥ ਦੇ ਉਸਾਰੀ ਕਾਰਜਾਂ ਵਿੱਚ ਵੀ ਆਪ ਜੀ ਦੀ ਭੂਮਿਕਾ ਬਹੁਤ ਮਹੱਤਵਪੂਰਨ ਰਹੀ। ਖਡੂਰ ਸਾਹਿਬ ਵਿਖੇ ਗੁਰਮਤਿ ਦੀ ਸਿੱਖਿਆ ਦੇਣ ਅਤੇ ਗੁਰੂ ਅਮਰਦਾਸ ਜੀ ਵੱਲੋਂ ਗੋਇੰਦਵਾਲ ਸਾਹਿਬ ਦੀ ਉਸਾਰੀ ਸਮੇਂ ਆਪ ਜੀ ਨੂੰ ਅਹਿਮ ਸੇਵਾਵਾਂ ਸੌਂਪੀਆਂ ਗਈਆਂ। ਗੋਇੰਦਵਾਲ ਸਾਹਿਬ ਵਿਖੇ ਜਾਤ-ਪਾਤ, ਊਚ-ਨੀਚ ਅਤੇ ਛੂਤ-ਛਾਤ ਦੇ ਭੇਦਭਾਵ ਨੂੰ ਮਿਟਾਉਣ ਵਾਲੀ ਗੁਰਮਤਿ ਵਿਚਾਰਧਾਰਾ ਅਨੁਸਾਰ ਸਾਂਝੀ ਬਾਉਲੀ ਦੇ ਨਿਰਮਾਣ ਵਿੱਚ ਵੀ ਆਪ ਜੀ ਨੇ ਆਪਣੀ ਜ਼ਿੰਮੇਵਾਰੀ ਨਿਭਾਈ।

ਅੰਮ੍ਰਿਤਸਰ ਦੀ ਵਸੋਂ ਅਤੇ ਇਸ ਦੇ ਧਾਰਮਿਕ ਮਹੱਤਵ ਨਾਲ ਜੁੜੇ ਕਾਰਜਾਂ ਵਿੱਚ ਵੀ ਬਾਬਾ ਬੁੱਢਾ ਜੀ ਨੇ ਅਹਿਮ ਯੋਗਦਾਨ ਪਾਇਆ। ਆਪ ਜੀ ਲਈ ਕੋਈ ਕੰਮ ਛੋਟਾ ਜਾਂ ਵੱਡਾ ਨਹੀਂ ਹੁੰਦਾ ਸੀ ਅਤੇ ਨਿੱਜੀ ਮਾਣ-ਸਨਮਾਨ ਨਾਲੋਂ ਗੁਰੂ-ਹੁਕਮ ਦੀ ਪਾਲਣਾ ਵਧੇਰੇ ਮਹੱਤਵਪੂਰਨ ਹੁੰਦੀ ਸੀ। ਗੁਰੂ ਰਾਮਦਾਸ ਜੀ ਅਤੇ ਗੁਰੂ ਅਰਜਨ ਦੇਵ ਜੀ ਦੇ ਸਮੇਂ ਸ਼ਹਿਰ ਦੀ ਉਸਾਰੀ, ਸਰੋਵਰਾਂ ਦੀ ਤਿਆਰੀ ਅਤੇ ਹੋਰ ਪੰਥਕ ਕਾਰਜਾਂ ਵਿੱਚ ਆਪ ਜੀ ਨੇ ਤਨ-ਮਨ ਨਾਲ ਸੇਵਾ ਕੀਤੀ। ਅੰਮ੍ਰਿਤ ਸਰੋਵਰ ਦੀ ਕਾਰਸੇਵਾ ਸਮੇਂ ਬਾਬਾ ਬੁੱਢਾ ਜੀ ਨੇ ਟੋਕਰੀਆਂ ਚੁੱਕ ਕੇ ਹੱਥੀਂ ਸੇਵਾ ਕੀਤੀ ਅਤੇ ਬੇਰੀ ਹੇਠ ਬੈਠ ਕੇ ਕਾਰਜਾਂ ਦੀ ਨਿਗਰਾਨੀ ਵੀ ਕਰਦੇ ਰਹੇ।

ਸ੍ਰੀ ਹਰਿਮੰਦਰ ਸਾਹਿਬ ਦੀ ਸਥਾਪਨਾ ਨਾਲ ਜੁੜੇ ਕਾਰਜਾਂ ਵਿੱਚ ਵੀ ਬਾਬਾ ਬੁੱਢਾ ਜੀ ਦੀ ਅਹਿਮ ਭੂਮਿਕਾ ਰਹੀ। ਗੁਰੂ ਅਰਜਨ ਦੇਵ ਜੀ ਦੇ ਸਮੇਂ ਸ੍ਰੀ ਹਰਿਮੰਦਰ ਸਾਹਿਬ ਦੀ ਨੀਂਹ ਰੱਖਣ ਦੇ ਪਾਵਨ ਪ੍ਰਸੰਗ ਸਮੇਂ ਬਾਬਾ ਬੁੱਢਾ ਜੀ ਨੇ ਅਰਦਾਸ ਕੀਤੀ। ਇਹ ਅਸਥਾਨ ਸਿੱਖ ਧਰਮ ਦੀ ਸਰਬ ਸਾਂਝੀਵਾਲਤਾ, ਨਿਮਰਤਾ ਅਤੇ ਅਧਿਆਤਮਿਕ ਏਕਤਾ ਦਾ ਪ੍ਰਤੀਕ ਬਣਿਆ। ਇਸ ਦੀ ਸਥਾਪਨਾ ਅਤੇ ਵਿਕਾਸ ਨਾਲ ਜੁੜੇ ਕਾਰਜਾਂ ਵਿੱਚ ਬਾਬਾ ਬੁੱਢਾ ਜੀ ਦੀ ਸੇਵਾ ਉਨ੍ਹਾਂ ਦੇ ਗੁਰੂ-ਘਰ ਨਾਲ ਅਟੁੱਟ ਸਬੰਧਾਂ ਦੀ ਗਵਾਹੀ ਭਰਦੀ ਹੈ।

ਮਾਤਾ ਗੰਗਾ ਜੀ ਦੀ ਇੱਛਾ ਅਨੁਸਾਰ ਬਾਬਾ ਬੁੱਢਾ ਜੀ ਤੋਂ ਪੁੱਤਰ ਦੀ ਦਾਤ ਲਈ ਅਸੀਸ ਪ੍ਰਾਪਤ ਕਰਨ ਦਾ ਪ੍ਰਸੰਗ ਵੀ ਸਿੱਖ ਇਤਿਹਾਸ ਵਿੱਚ ਵਿਸ਼ੇਸ਼ ਸਥਾਨ ਰੱਖਦਾ ਹੈ। ਬਾਬਾ ਬੁੱਢਾ ਜੀ ਦੀ ਅਸੀਸ ਨਾਲ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਹੋਇਆ। ਬਾਲ ਗੁਰੂ ਹਰਿਗੋਬਿੰਦ ਸਾਹਿਬ ਜੀ ਨੂੰ ਸ਼ਸਤਰ ਅਤੇ ਸ਼ਾਸਤਰ ਦੀ ਵਿਦਿਆ ਦੇਣ ਦੀ ਸੇਵਾ ਵੀ ਬਾਬਾ ਬੁੱਢਾ ਜੀ ਨੇ ਨਿਭਾਈ। ਆਪ ਜੀ ਨੇ ਬਾਲ ਗੁਰੂ ਸਾਹਿਬ ਨੂੰ ਧਾਰਮਿਕ ਗਿਆਨ ਦੇ ਨਾਲ-ਨਾਲ ਸੂਰਮਤਾਈ, ਆਤਮ-ਵਿਸ਼ਵਾਸ ਅਤੇ ਜ਼ਿੰਮੇਵਾਰੀ ਦੀ ਭਾਵਨਾ ਨਾਲ ਜੋੜਿਆ। ਇਸ ਤਰ੍ਹਾਂ ਆਪ ਜੀ ਨੇ ਸਿੱਖ ਪੰਥ ਦੇ ਭਵਿੱਖੀ ਆਗੂ ਦੀ ਤਿਆਰੀ ਵਿੱਚ ਵੀ ਆਪਣਾ ਅਹਿਮ ਯੋਗਦਾਨ ਪਾਇਆ।

ਗੁਰੂ ਅਰਜਨ ਦੇਵ ਜੀ ਵੱਲੋਂ ਆਦਿ ਗ੍ਰੰਥ ਸਾਹਿਬ ਦੀ ਸੰਪਾਦਨਾ ਤੋਂ ਬਾਅਦ ਬੀੜ ਸਾਹਿਬ ਨੂੰ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੁਸ਼ੋਭਿਤ ਕੀਤੇ ਜਾਣ ਸਮੇਂ ਸਿੱਖ ਇਤਿਹਾਸ ਅਨੁਸਾਰ ਬੀੜ ਸਾਹਿਬ ਨੂੰ ਬਾਬਾ ਬੁੱਢਾ ਜੀ ਨੇ ਆਪਣੇ ਸੀਸ ਉੱਤੇ ਚੁੱਕਿਆ ਹੋਇਆ ਸੀ ਅਤੇ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਚੌਰ ਸਾਹਿਬ ਦੀ ਸੇਵਾ ਕਰ ਰਹੇ ਸਨ।

ਗੁਰੂ ਸਾਹਿਬ ਦੇ ਆਦੇਸ਼ ਅਨੁਸਾਰ ਬਾਬਾ ਬੁੱਢਾ ਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਕੀਤਾ ਅਤੇ ਪਹਿਲਾ ਹੁਕਮਨਾਮਾ ਲਿਆ:

ਸੂਹੀ ਮਹਲਾ 5 ॥ ਸੰਤਾ ਕੇ ਕਾਰਜਿ ਆਪਿ ਖਲੋਇਆ ਹਰਿ ਕੰਮੁ ਕਰਾਵਣਿ ਆਇਆ ਰਾਮ ॥ ਇਸ ਦੇ ਨਾਲ ਹੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਤੇ ਸ੍ਰੀ ਦਰਬਾਰ ਸਾਹਿਬ ਦੇ ਪਹਿਲੇ ਗ੍ਰੰਥੀ ਵਜੋਂ ਆਪ ਜੀ ਦੀ ਸੇਵਾ ਸਿੱਖ ਇਤਿਹਾਸ ਵਿੱਚ ਸਦੀਵੀ ਤੌਰ 'ਤੇ ਅੰਕਿਤ ਹੋ ਗਈ।

ਗੁਰੂ-ਘਰ ਵਿੱਚ ਬਾਬਾ ਜੀ ਦੀ ਮਹਾਨਤਾ ਅਤੇ ਉੱਚੇ ਸਥਾਨ ਦਾ ਪ੍ਰਮਾਣ ਹੈ ਕਿ ਗੁਰੂ ਅਰਜਨ ਦੇਵ ਜੀ ਨੇ ਸ਼ਹਾਦਤ ਲਈ ਲਾਹੌਰ ਜਾਣ ਸਮੇਂ ਗੁਰੂ ਹਰਿਗੋਬਿੰਦ ਸਾਹਿਬ ਜੀ ਨੂੰ ਬਾਬਾ ਬੁੱਢਾ ਜੀ ਦਾ ਸਤਿਕਾਰ ਬਣਾਈ ਰੱਖਣ ਦਾ ਉਪਦੇਸ਼ ਦਿੱਤਾ।

ਪੰਚਮ ਪਾਤਸ਼ਾਹ ਦੀ ਸ਼ਹਾਦਤ ਉਪਰੰਤ ਸਿੱਖ ਪੰਥ ਲਈ ਸਮਾਂ ਬਹੁਤ ਸੰਕਟਮਈ ਸੀ। ਸਿੱਖਾਂ ਅੰਦਰ ਸੂਰਮਤਾਈ, ਆਤਮ-ਵਿਸ਼ਵਾਸ ਅਤੇ ਚੜ੍ਹਦੀ ਕਲਾ ਦੀ ਭਾਵਨਾ ਨੂੰ ਮਜ਼ਬੂਤ ਕਰਨ ਲਈ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਉਸਾਰੀ ਕਰਵਾਈ। ਇਸ ਮਹਾਨ ਕਾਰਜ ਦੀ ਸ਼ੁਰੂਆਤ ਸਮੇਂ ਬਾਬਾ ਬੁੱਢਾ ਜੀ ਨੇ ਅਰਦਾਸ ਕੀਤੀ ਅਤੇ ਭਾਈ ਗੁਰਦਾਸ ਜੀ ਨੇ ਵੀ ਸੇਵਾ ਵਿੱਚ ਯੋਗਦਾਨ ਪਾਇਆ। ਇਸ ਪਾਵਨ ਤਖ਼ਤ ਦੀ ਉਸਾਰੀ ਵਿੱਚ ਬਾਬਾ ਬੁੱਢਾ ਜੀ ਅਤੇ ਭਾਈ ਗੁਰਦਾਸ ਜੀ ਨੂੰ ਹੀ ਹੱਥੀਂ ਸੇਵਾ ਦਾ ਮੌਕਾ ਮਿਲਿਆ।

ਸ੍ਰੀ ਅਕਾਲ ਤਖ਼ਤ ਸਾਹਿਬ ਉੱਤੇ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਬਿਰਾਜਮਾਨ ਹੋਣ ਸਮੇਂ ਬਾਬਾ ਬੁੱਢਾ ਜੀ ਨੇ ਗੁਰੂ ਸਾਹਿਬ ਨੂੰ ਤਿਲਕ ਲਗਾਇਆ ਅਤੇ ਮੀਰੀ-ਪੀਰੀ ਦੀਆਂ ਦੋ ਤਲਵਾਰਾਂ ਪਹਿਨਾਈਆਂ। ਇਹ ਪ੍ਰਸੰਗ ਸਿੱਖ ਇਤਿਹਾਸ ਵਿੱਚ ਅਧਿਆਤਮਿਕ ਅਗਵਾਈ ਅਤੇ ਸੰਸਾਰਕ ਜ਼ਿੰਮੇਵਾਰੀ ਦੇ ਸੁਮੇਲ ਦਾ ਪ੍ਰਤੀਕ ਹੈ। ਗੁਰੂ ਸਾਹਿਬ ਨੇ ਸੰਗਤਾਂ ਨੂੰ ਸ਼ਸਤਰ ਅਤੇ ਘੋੜੇ ਭੇਟ ਕਰਨ ਲਈ ਪ੍ਰੇਰਿਆ, ਤਾਂ ਜੋ ਸਿੱਖ ਪੰਥ ਜ਼ੁਲਮ ਦਾ ਟਾਕਰਾ ਕਰਨ ਅਤੇ ਧਰਮ ਦੀ ਰੱਖਿਆ ਲਈ ਤਿਆਰ ਹੋ ਸਕੇ। ਜਦੋਂ ਮੁਗ਼ਲ ਬਾਦਸ਼ਾਹ ਜਹਾਂਗੀਰ ਦੇ ਹੁਕਮ ਨਾਲ ਗੁਰੂ ਹਰਿਗੋਬਿੰਦ ਸਾਹਿਬ ਜੀ ਨੂੰ ਗਵਾਲੀਅਰ ਦੇ ਕਿਲ੍ਹੇ ਵਿੱਚ ਨਜ਼ਰਬੰਦ ਕੀਤਾ ਗਿਆ, ਤਾਂ ਸਿੱਖ ਸੰਗਤਾਂ ਵਿੱਚ ਵਿਛੋੜੇ ਅਤੇ ਚਿੰਤਾ ਦੀ ਭਾਵਨਾ ਪੈਦਾ ਹੋਈ। ਇਸ ਸਮੇਂ ਬਾਬਾ ਬੁੱਢਾ ਜੀ ਨੇ ਸਤਿਗੁਰੂ ਜੀ ਦੀ ਯਾਦ ਵਿੱਚ ਸ਼ਬਦ-ਚੌਕੀ ਦੀ ਪਰੰਪਰਾ ਚਲਾਈ ਅਤੇ ਗਵਾਲੀਅਰ ਜਾ ਕੇ ਗੁਰੂ ਸਾਹਿਬ ਦੀ ਸੁਖ-ਸਾਂਦ ਦਾ ਪਤਾ ਲਗਾਉਣ ਦੇ ਨਾਲ ਸਿੱਖ ਸੰਗਤਾਂ ਦਾ ਮਨੋਬਲ ਕਾਇਮ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਈ। ਆਪ ਜੀ ਨੇ ਔਖੇ ਸਮੇਂ ਵੀ ਸੰਗਤ ਨੂੰ ਗੁਰੂ-ਭਰੋਸੇ, ਸਬਰ ਅਤੇ ਚੜ੍ਹਦੀ ਕਲਾ ਨਾਲ ਜੋੜੀ ਰੱਖਿਆ।

ਸਾਰੀ ਉਮਰ ਗੁਰੂ-ਘਰ ਦੀ ਸੇਵਾ, ਸਿਮਰਨ ਅਤੇ ਗੁਰਮਤਿ ਦੀ ਕਮਾਈ ਵਿੱਚ ਬਿਤਾਉਣ ਵਾਲੇ ਬਾਬਾ ਬੁੱਢਾ ਜੀ ਦੇ ਜੀਵਨ ਦਾ ਅੰਤਿਮ ਪੜਾਅ ਵੀ ਗੁਰੂ-ਭਗਤੀ ਦੀ ਅਦੁੱਤੀ ਮਿਸਾਲ ਹੈ। ਪਰੰਪਰਾਗਤ ਸਾਖੀਆਂ ਅਨੁਸਾਰ, ਸਰੀਰ ਤਿਆਗਣ ਦਾ ਸਮਾਂ ਨੇੜੇ ਜਾਣ ਕੇ ਆਪ ਜੀ ਨੇ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਦਰਸ਼ਨਾਂ ਦੀ ਇੱਛਾ ਪ੍ਰਗਟ ਕੀਤੀ। ਗੁਰੂ ਸਾਹਿਬ ਨੇ ਰਮਦਾਸ ਨਗਰ ( ਅਜਨਾਲੇ ਕੋਲ ) ਵਿਖੇ ਪਹੁੰਚ ਕੇ ਬਾਬਾ ਜੀ ਨੂੰ ਦਰਸ਼ਨ ਦਿੱਤੇ। ਇਸ ਮੌਕੇ ਬਾਬਾ ਬੁੱਢਾ ਜੀ ਨੇ ਆਪਣੇ ਛੋਟੇ ਪੁੱਤਰ ਭਾਈ ਭਾਨਾ ਜੀ ਦੀ ਬਾਂਹ ਗੁਰੂ ਸਾਹਿਬ ਨੂੰ ਫੜਾਈ। ਇਹ ਪ੍ਰਸੰਗ ਗੁਰੂ-ਘਰ ਨਾਲ ਉਨ੍ਹਾਂ ਦੇ ਜੀਵਨ ਭਰ ਦੇ ਅਟੁੱਟ ਰਿਸ਼ਤੇ ਅਤੇ ਅੰਤਿਮ ਸਾਹਾਂ ਤੱਕ ਕਾਇਮ ਰਹੀ ਸ਼ਰਧਾ ਦਾ ਭਾਵਪੂਰਤ ਪ੍ਰਤੀਕ ਹੈ। ਪਰੰਪਰਾਗਤ ਵੇਰਵਿਆਂ ਅਨੁਸਾਰ, 14 ਮੱਘਰ, ਮੱਘਰ ਸੁਦੀ 4, ਸੰਮਤ 1688 ਬਿਕ੍ਰਮੀ ਨੂੰ ਲਗਭਗ 125 ਸਾਲ ਦੀ ਉਮਰ ਭੋਗ ਕੇ ਬਾਬਾ ਬੁੱਢਾ ਜੀ ਨੇ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਹਜ਼ੂਰੀ ਵਿੱਚ ਆਪਣਾ ਪੰਜ-ਭੂਤਕ ਸਰੀਰ ਤਿਆਗ ਦਿੱਤਾ ਅਤੇ ਗੁਰੂ-ਜੋਤਿ ਵਿੱਚ ਅਭੇਦ ਹੋ ਗਏ। ਆਪ ਜੀ ਦੀ ਅੰਤਿਮ ਯਾਤਰਾ ਵੀ ਗੁਰੂ-ਘਰ ਨਾਲ ਜੁੜੇ ਅਦੁੱਤੀ ਸਤਿਕਾਰ ਦੀ ਗਵਾਹ ਬਣੀ। ਸਾਖੀਆਂ ਅਨੁਸਾਰ, ਗੁਰੂ ਹਰਿਗੋਬਿੰਦ ਸਾਹਿਬ ਜੀ ਅਤੇ ਭਾਈ ਭਾਨਾ ਜੀ ਨੇ ਇੱਕ ਪਾਸਿਓਂ ਅਰਥੀ ਨੂੰ ਮੋਢਾ ਦਿੱਤਾ, ਜਦਕਿ ਦੂਜੇ ਪਾਸੇ ਭਾਈ ਗੁਰਦਾਸ ਜੀ ਅਤੇ ਭਾਈ ਅਜਿੱਤਾ ਜੀ ਨੇ ਇਹ ਸੇਵਾ ਨਿਭਾਈ। ਗੁਰੂ ਸਾਹਿਬ ਦੀ ਦੇਖ-ਰੇਖ ਹੇਠ ਆਪ ਜੀ ਦਾ ਸਤਿਕਾਰ ਸਹਿਤ ਸਸਕਾਰ ਕੀਤਾ ਗਿਆ।

ਸਾਰੇ ਗੁਰੂ ਸਾਹਿਬਾਨ ਬਾਬਾ ਬੁੱਢਾ ਜੀ ਦਾ ਅਥਾਹ ਸਤਿਕਾਰ ਕਰਦੇ ਸਨ। ਉਨ੍ਹਾਂ ਦੀ ਉਮਰ, ਅਨੁਭਵ, ਗੁਰਮਤਿ ਗਿਆਨ, ਨਿਰਮਲ ਆਚਰਨ ਅਤੇ ਗੁਰੂ-ਘਰ ਪ੍ਰਤੀ ਅਟੁੱਟ ਸਮਰਪਣ ਨੇ ਉਨ੍ਹਾਂ ਨੂੰ ਵਿਸ਼ੇਸ਼ ਸਤਿਕਾਰ ਦਾ ਪਾਤਰ ਬਣਾਇਆ। ਸਿੱਖ ਪੰਥ ਦੇ ਬਿਖੜੇ ਸਮਿਆਂ ਵਿੱਚ ਆਪਣੀ ਦੂਰਅੰਦੇਸ਼ੀ ਅਤੇ ਸੂਝ-ਬੂਝ ਨਾਲ ਉਨ੍ਹਾਂ ਨੇ ਸੰਗਤਾਂ ਨੂੰ ਗੁਰਮਤਿ ਦੇ ਸਿਧਾਂਤਾਂ ਅਤੇ ਗੁਰੂ-ਘਰ ਦੀ ਮਰਿਆਦਾ ਨਾਲ ਜੋੜੀ ਰੱਖਿਆ। ਬਾਬਾ ਬੁੱਢਾ ਜੀ ਦਾ ਜੀਵਨ ਨਿਸ਼ਕਾਮ ਸੇਵਾ, ਨਿਮਰਤਾ, ਗਿਆਨ ਅਤੇ ਗੁਰੂ-ਭਗਤੀ ਦਾ ਅਦੁੱਤੀ ਸੁਮੇਲ ਹੈ। ਅਨੇਕਾਂ ਇਤਿਹਾਸਕ ਕਾਰਜਾਂ ਵਿੱਚ ਮਹੱਤਵਪੂਰਨ ਯੋਗਦਾਨ ਪਾਉਣ ਦੇ ਬਾਵਜੂਦ ਉਨ੍ਹਾਂ ਨੇ ਕਦੇ ਕਿਸੇ ਪਦਵੀ ਜਾਂ ਮਾਣ-ਸਨਮਾਨ ਨੂੰ ਆਪਣੀ ਵਡਿਆਈ ਦਾ ਆਧਾਰ ਨਹੀਂ ਬਣਾਇਆ। ਗੁਰੂ-ਘਰ ਵੱਲੋਂ ਸੌਂਪੀ ਹਰ ਸੇਵਾ ਨੂੰ ਸ਼ਰਧਾ ਅਤੇ ਸਮਰਪਣ ਨਾਲ ਨਿਭਾਉਣਾ ਹੀ ਉਨ੍ਹਾਂ ਦੇ ਜੀਵਨ ਦਾ ਮੂਲ ਮੰਤਰ ਸੀ।

ਬਾਬਾ ਬੁੱਢਾ ਜੀ ਦੀ ਜੀਵਨ-ਗਾਥਾ ਸਾਨੂੰ ਪ੍ਰੇਰਨਾ ਦਿੰਦੀ ਹੈ ਕਿ ਅਸਲ ਮਹਾਨਤਾ ਅਹੁਦੇ ਜਾਂ ਮਾਣ-ਸਨਮਾਨ ਵਿੱਚ ਨਹੀਂ, ਸਗੋਂ ਨਿਮਰਤਾ, ਨਿਸ਼ਕਾਮ ਸੇਵਾ ਅਤੇ ਗੁਰੂ ਪ੍ਰਤੀ ਅਡੋਲ ਸ਼ਰਧਾ ਵਿੱਚ ਵੱਸਦੀ ਹੈ। ਆਪ ਜੀ ਗੁਰੂ-ਭਗਤੀ ਦੀ ਉਹ ਅਮਰ ਜੋਤ ਹਨ, ਜਿਸ ਦਾ ਚਾਨਣ ਯੁੱਗਾਂ-ਯੁੱਗਾਂ ਤੱਕ ਸਿੱਖ ਹਿਰਦਿਆਂ ਨੂੰ ਰਾਹ ਦਿਖਾਉਂਦਾ ਰਹੇਗਾ। ਉਨ੍ਹਾਂ ਦੀ ਪਵਿੱਤਰ ਯਾਦ ਸਾਨੂੰ ਗੁਰਬਾਣੀ ਦੇ ਉਪਦੇਸ਼ਾਂ ਨੂੰ ਜੀਵਨ ਵਿੱਚ ਧਾਰਨ ਕਰਨ, ਸੇਵਾ ਨੂੰ ਆਪਣਾ ਧਰਮ ਬਣਾਉਣ ਅਤੇ ਮਨੁੱਖਤਾ ਦੀ ਭਲਾਈ ਲਈ ਯਤਨਸ਼ੀਲ ਰਹਿਣ ਦੀ ਪ੍ਰੇਰਨਾ ਦਿੰਦੀ ਰਹੇਗੀ।

**ਬਾਬਾ ਬੁੱਢਾ ਜੀ ਦੇ ਪਵਿੱਤਰ ਜੀਵਨ ਨੂੰ ਕੋਟਿ-ਕੋਟਿ ਪ੍ਰਣਾਮ !**

**-ਪ੍ਰੋ. ਸਰਚਾਂਦ ਸਿੰਘ ਖਿਆਲਾ**, 9781355522

## ਹਲਕਾ ਜੰਡਿਆਲਾ ਗੁਰੂ ਅਕਾਲੀ ਦਲ ਵਾਰਿਸ ਪੰਜਾਬ ਦੇ ਸੇਵਾਦਾਰ ਸੰਤ ਬਾਬਾ ਬਿਬੇਕ ਸਿੰਘ ਨੇ ਸਿਆਸਤ ਤੋਂ ਕੀਤਾ ਕਿਨਾਰਾ ਸੰਤ ਸਮਾਜ ਦੇ ਹੁਕਮ ਦੀ ਕੀਤੀ ਗਈ ਪਾਲਣਾ : ਸੰਤ ਬਾਬਾ ਬਿਬੇਕ ਸਿੰਘ ਜੰਡਿਆਲਾ ਗੁਰੂ

**ਚੌਕ ਮਹਿਤਾ, 22 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਬੀਤੇ ਲੰਮੇ ਸਮੇਂ ਤੋਂ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸੇਵਾਦਾਰ ਦੇ ਰੂਪ ਵਿੱਚ ਸੇਵਾ ਨਿਭਾ ਰਹੇ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਸੰਤ ਬਾਬਾ ਬਿਬੇਕ ਸਿੰਘ ਨੇ ਸੰਤ ਸਮਾਜ ਵੱਲੋਂ ਹੁਕਮ ਤੇ ਸਿਆਸਤ ਤੋਂ ਦੂਰੀ ਬਣਾਉਣ ਲਈ ਹੁਕਮ ਜਾਰੀ ਹੁੰਦਿਆ ਹੀ ਇਕ ਪ੍ਰੈਸ ਨੋਟ ਰਾਹੀਂ ਜਾਣਕਾਰੀ ਸਾਂਝੀ ਕਰਦਿਆ ਹੋਇਆ ਸੰਤ ਬਾਬਾ ਬਿਬੇਕ ਸਿੰਘ ਜੀ ਨੇ ਕਿਹਾ ਕਿ ਖਾਲਸਾ ਵਹੀਰ ਤੋਂ ਲੈ ਕਿ ਵੱਡੀਆਂ ਸੇਵਾਵਾਂ ਨਿਭਾਈਆਂ ਗਈਆਂ ਹਨ ਅਤੇ ਅੱਜ ਤਕ ਨਿਭਾਈਆਂ ਜਾ ਰਹੀਆਂ ਹਨ ਲੇਕਿਨ ਕੁਝ ਐਸੀਆਂ ਗੱਲਾਂ ਜੋ ਸੰਸਾਰ ਤੇ ਮੀਡੀਆ ਤੋਂ ਵੀ ਛੁਪਾ ਕਿ ਰੱਖਣੀਆਂ ਪੈਂਦੀਆਂ ਹਨ ਅਤੇ ਕੁੱਝ ਉਹ ਗੱਲਾਂ ਜੋ ਸੰਤ ਸਮਾਜ ਦੇ ਧਿਆਨ ਵਿੱਚ ਆਈਆਂ ਜਿਸ ਤੇ ਹੁਕਮ ਹੋਇਆ ਕਿ ਸਿਆਸਤ ਤੋਂ ਕਿਨਾਰਾ ਕਰਕੇ ਗੁਰਧਾਮਾਂ ਦੀਆਂ ਸੇਵਾਵਾਂ ਅਤੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਣ ਵੱਲ ਵਿਸੇਸ ਧਿਆਨ ਦਿੱਤਾ ਜਾਵੇ ਕਿਉਂਕਿ ਹਰੇਕ ਅਸਥਾਨ ਦਾ ਮੁੱਖੀ ਕਿਸੇ ਇਕ ਵਿਸੇਸ ਸਿਆਸੀ ਪਾਰਟੀ ਦਾ ਹਿੱਸਾ ਨਹੀਂ ਹੁੰਦਾ ਬਲਕਿ ਪੂਰੀ ਕਾਇਨਾਤ ਦਾ ਭਲਾ ਮੰਗਣ ਵਾਲਾ ਗਿਆਨੀ ਕਹਿਲਾਉਂਦਾ ਹੈ ਇਸ ਲਈ ਅੱਜ ਤੋਂ ਸੰਤ ਸਮਾਜ ਦੇ ਹੁਕਮ ਨੂੰ ਪ੍ਰਵਾਨ ਕਰਦਿਆਂ ਹੋਇਆ ਸਿਆਸੀ ਪਾਰਟੀ ਤੋਂ ਕਿਨਾਰਾ ਕੀਤਾ ਗਿਆ ਹੈ ! ਬਾਬਾ ਬਿਬੇਕ ਸਿੰਘ ਨੇ ਕਿਹਾ ਕਿ ਬੇਸ਼ੱਕ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਮੀਰੀ ਪੀਰੀ ਦੇ ਸਿਧਾਂਤ ਨੂੰ ਪਹਿਲ ਦਿੱਤੀ ਹੈ ਅਤੇ ਅਕਾਲ ਪੁਰਖ ਦੀ ਕਿਰਪਾ ਨਾਲ ਕੁਝ ਕੁ ਲੋਕ ਇਸ ਤੇ ਪੂਰੇ ਉਤਰ ਰਹੇ ਹਨ ਪਰ ਅੱਜ ਦੇ ਸਮੇਂ ਵਿੱਚ ਐਸੇ ਸੰਸਾਰ ਵਿੱਚ ਧਰਮ ਤੇ ਸਿਆਸਤ ਦੋਵੇਂ ਇਕੱਠੇ ਚੱਲਣੇ ਮੁਸਕਲ ਨਜਰ ਆ ਰਹੇ ਹਨ ਅੱਗੇ ਬਾਬਾ ਬਿਬੇਕ ਸਿੰਘ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਸਮਾਗਮਾਂ ਅਤੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਣ ਦੇ ਵਿਸੇਸ ਉਪਰਾਲੇ ਕੀਤੇ ਜਾਣਗੇ !



## ਦਿਲਜੀਤ ਦੋਸਾਂਝ ਨੂੰ ਦਿੱਲੀ 'ਚ ਝਟਕਾ, ਦਿੱਲੀ ਪੁਲਿਸ ਨੇ ਪ੍ਰੋਗਰਾਮ ਦੀ ਮਨਜ਼ੂਰੀ ਕੀਤੀ ਰੱਦ

**ਨਵੀਂ ਦਿੱਲੀ, 22 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:-ਪੰਜਾਬੀ ਗਾਇਕ ਤੇ ਅਦਾਕਾਰ ਦਿਲਜੀਤ ਦੋਸਾਂਝ ਵੱਲੋਂ 30 ਅਕਤੂਬਰ ਨੂੰ ਦਿੱਲੀ ਦੇ ਜਵਾਹਰਲਾਲ ਨਹਿਰੂ ਸਟੇਡੀਅਮ ਵਿਖੇ ਕੀਤੇ ਜਾਣ ਵਾਲੇ ਪ੍ਰੋਗਰਾਮ ਨੂੰ ਦਿੱਲੀ ਪੁਲਿਸ ਨੇ ਸੁਰੱਖਿਆ ਚਿੰਤਾਵਾਂ ਅਤੇ ਤਿਉਹਾਰੀ ਸੀਜ਼ਨ ਦੌਰਾਨ ਵਧੀਆਂ ਸੁਰੱਖਿਆ ਲੋੜਾਂ ਦਾ ਹਵਾਲਾ ਦਿੰਦਿਆਂ ਮਨਜ਼ੂਰੀ ਦੇਣ ਤੋਂ ਇਨਕਾਰ ਕਰ ਦਿੱਤਾ ਹੈ। ਦਿਲਜੀਤ ਦੇ ਇਸ ਪ੍ਰੋਗਰਾਮ ਨੂੰ ਲੈ ਕੇ ਪਹਿਲਾਂ ਤੋਂ ਹੀ ਵਿਵਾਦ ਬਣਿਆ ਹੋਇਆ ਸੀ ਇਸ ਪ੍ਰੋਗਰਾਮ ਦੀ ਪਹਿਲਾਂ ਤਰੀਕ 1 ਨਵੰਬਰ ਸੀ । ਸਾਹਮਣੇ ਆਈਆਂ ਰਿਪੋਰਟਾਂ ਮੁਤਾਬਕ ਸਭ ਤੋਂ ਪਹਿਲਾਂ ਗੁਰਪਤਵੰਤ ਸਿੰਘ ਪਨੂੰ ਵੱਲੋਂ ਦਿਲਜੀਤ ਦੇ ਪ੍ਰੋਗਰਾਮ ਦਾ ਵਿਰੋਧ ਕੀਤਾ ਗਿਆ ਅਤੇ ਇਸ ਵਿੱਚ ਵਿਘਨ ਪਾਉਣ ਸਬੰਧੀ ਗੱਲ ਕਹੀ ਗਈ ਸੀ ਕਿਉਂਕਿ 1 ਨਵੰਬਰ 1984 ਨੂੰ ਦਿੱਲੀ ਅਤੇ ਹੋਰ ਰਾਜਾ ਅੰਦਰ ਸਿੱਖਾਂ ਦਾ ਕਤਲੇਆਮ ਸ਼ੁਰੂ ਹੋਇਆ ਸੀ । ਇਸ ਤੋਂ ਬਾਅਦ ਦਿੱਲੀ ਦੇ ਕੁਝ ਸਿੱਖ ਆਗੂਆਂ ਅਤੇ ਸਿੱਖ ਭਾਈਚਾਰੇ ਵੱਲੋਂ ਵੀ ਦਿਲਜੀਤ ਦੇ ਪ੍ਰੋਗਰਾਮ 'ਤੇ ਇਤਰਾਜ਼ ਜਤਾਏ ਜਾਣ ਦੀਆਂ ਗੱਲਾਂ ਸਾਹਮਣੇ ਆਈਆਂ ਸਨ । ਜਿਸ ਉਪਰੰਤ ਤਰੀਕ ਬਦਲ ਕੇ 30 ਅਕਤੂਬਰ ਕਰ ਦਿੱਤੀ ਗਈ ਸੀ ਹਾਲਾਂਕਿ ਦਿੱਲੀ ਪੁਲਿਸ ਨੇ ਆਪਣੇ ਅਧਿਕਾਰਤ ਫੈਸਲੇ ਵਿੱਚ ਪ੍ਰੋਗਰਾਮ ਨੂੰ ਮਨਜ਼ੂਰੀ ਨਾ ਦੇਣ ਦਾ ਕਾਰਨ ਸੁਰੱਖਿਆ ਚਿੰਤਾਵਾਂ ਅਤੇ ਤਿਉਹਾਰੀ ਸੀਜ਼ਨ ਦੌਰਾਨ ਸੁਰੱਖਿਆ ਪ੍ਰਬੰਧਾਂ ਨੂੰ ਦੱਸਿਆ ਹੈ। ਪੁਲਿਸ ਵੱਲੋਂ ਇਹ ਸਪੱਸ਼ਟ ਨਹੀਂ ਕੀਤਾ ਗਿਆ ਕਿ ਪਹਿਲਾਂ ਸਾਹਮਣੇ ਆਏ ਵਿਰੋਧ ਜਾਂ ਕਿਸੇ ਵਿਸ਼ੇਸ਼ ਧਮਕੀ ਨੇ ਫੈਸਲੇ ਨੂੰ ਪ੍ਰਭਾਵਿਤ ਕੀਤਾ ਜਾਂ ਨਹੀਂ। ਦਿਲਜੀਤ ਦੋਸਾਂਝ ਦਾ ਇਹ ਪ੍ਰੋਗਰਾਮ 'ਔਰਾ ਵਰਲਡ ਟੂਰ' ਤਹਿਤ ਭਾਰਤ ਵਿੱਚ ਉਨ੍ਹਾਂ ਦੇ ਦੌਰੇ ਦੀ ਸ਼ੁਰੂਆਤ ਹੋਣਾ ਸੀ। ਇਸ ਤੋਂ ਬਾਅਦ ਇੰਦੌਰ, ਅਹਿਮਦਾਬਾਦ, ਮੁੰਬਈ, ਬੈਂਗਲੁਰੂ, ਲਖਨਊ ਅਤੇ ਚੰਡੀਗੜ੍ਹ ਵਿੱਚ ਵੀ ਉਨ੍ਹਾਂ ਦੇ ਪ੍ਰੋਗਰਾਮ ਹੋਣੇ ਤੈਅ ਸਨ।







## ਜਨਮ ਦਿਨ ਮੁਬਾਰਕ

ਸਹਤਾਜਦੀਪ ਸਿੰਘ ਸੰਧੂ
ਪਿਤਾ - ਬਚਿੱਤਰ ਸਿੰਘ ਸੰਧੂ
ਮਾਤਾ ਰਵਿੰਦਰ ਕੌਰ
ਪਿੰਡ ਮੁੱਛਲ
ਤਹਿਸੀਲ ਬਾਬਾ ਬਕਾਲਾ ਸਾਹਿਬ
ਜਿਲ੍ਹਾ ਅੰਮ੍ਰਿਤਸਰ

ਤਲਵੰਡੀ ਸਾਬੋ 'ਚ ਕ੍ਰਿਸ਼ਨ ਸਿੰਘ ਭਾਗੀਵਾਂਦਰ ਦੇ ਹੱਕ 'ਚ ਜੁੜੇ ਵੱਖ-ਵੱਖ ਪਿੰਡਾਂ ਦੇ ਆਗੂ, 2027 ਦੀਆਂ ਚੋਣਾਂ ਲਈ ਸਰਗਰਮੀਆਂ ਤੇਜ਼

# ਕਿਸਾਨ ਵਿੰਗ ਦੇ ਅਹੁਦੇਦਾਰਾਂ ਨੂੰ ਦਿੱਤੇ ਨਿਯੁਕਤੀ ਪੱਤਰ






**ਤਲਵੰਡੀ ਸਾਬੋ, 22 ਅਕਤੂਬਰ (ਗੁਰਜੰਟ ਸਿੰਘ ਨਥੇਹਾ)**-ਤਲਵੰਡੀ ਸਾਬੋ ਕਾਂਗਰਸ ਦੇ ਦਫ਼ਤਰ ਵਿਖੇ ਅੱਜ ਵੱਖ-ਵੱਖ ਪਿੰਡਾਂ ਦੇ ਆਗੂਆਂ ਅਤੇ ਵਰਕਰਾਂ ਦੀ ਮੀਟਿੰਗ ਹੋਈ। ਇਸ ਮੌਕੇ ਕਿਸਾਨ ਸੈੱਲ ਦੇ ਜ਼ਿਲ੍ਹਾ ਪ੍ਰਧਾਨ ਗੁਰਪ੍ਰੀਤ ਸਿੰਘ ਗਿੱਲ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਮੀਟਿੰਗ ਦੌਰਾਨ 2027 ਦੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਹਲਕੇ ਵਿੱਚ ਜਥੇਬੰਦੀ ਨੂੰ ਮਜ਼ਬੂਤ ਕਰਨ ਅਤੇ ਪਿੰਡ ਪੱਧਰ 'ਤੇ ਪਾਰਟੀ ਦੀਆਂ ਸਰਗਰਮੀਆਂ ਤੇਜ਼ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਕਿਸਾਨ ਸੈੱਲ ਅਤੇ ਜ਼ਿਲ੍ਹਾ ਕਮੇਟੀ ਵਿੱਚ ਵੱਖ-ਵੱਖ ਪਿੰਡਾਂ ਦੇ ਆਗੂਆਂ ਨੂੰ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ। ਮੀਟਿੰਗ ਮੌਕੇ ਪਰਵਿੰਦਰ ਸਿੰਘ ਝੋਟਾ ਨੂੰ ਦੋ ਮਿੰਟ ਦਾ ਮੌਨ ਰੱਖਕੇ ਸ਼ਰਧਾਂਜਲੀ ਦਿੱਤੀ ਗਈ। ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਸਾਥੀਆਂ ਦੀ ਸ਼ਮੂਲੀਅਤ ਰਹੀ ਅਤੇ ਇਕੱਠ ਨੇ 2027 ਦੀਆਂ ਚੋਣਾਂ ਨੂੰ ਲੈ ਕੇ ਚੱਲ ਰਹੀਆਂ ਸਰਗਰਮੀਆਂ ਨੂੰ ਨਵੀਂ ਦਿਸ਼ਾ ਦੇਣ ਸਬੰਧੀ ਚਰਚਾ ਕੀਤੀ। ਇਕੱਠ ਦੌਰਾਨ ਕ੍ਰਿਸ਼ਨ ਸਿੰਘ ਭਾਗੀਵਾਂਦਰ ਦੇ ਹੱਕ ਵਿੱਚ ਸਮਰਥਨ ਪ੍ਰਗਟ ਕਰਨ ਦੀ ਗੱਲ ਵੀ ਸਾਹਮਣੇ ਆਈ। ਆਗੂਆਂ ਅਤੇ ਵਰਕਰਾਂ ਨੇ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਆਪਸੀ ਤਾਲਮੇਲ ਵਧਾਉਣ, ਲੋਕਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ 'ਤੇ ਜ਼ੋਰ ਦਿੱਤਾ। ਇਸ ਮੌਕੇ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਹਾਜ਼ਰ ਸਾਰੇ ਆਗੂਆਂ ਅਤੇ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਹਲਕੇ ਦੇ ਲੋਕਾਂ ਨਾਲ ਸਾਂਝ ਬਣਾਈ ਰੱਖਣਾ, ਵਰਕਰਾਂ ਨੂੰ ਮਾਣ-ਸਤਿਕਾਰ ਦੇਣਾ ਅਤੇ ਲੋਕਾਂ ਦੀ ਆਵਾਜ਼ ਬਣਨਾ ਉਨ੍ਹਾਂ ਦੀ ਪਹਿਲ ਰਹੇਗੀ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪਿੰਡ ਪੱਧਰ 'ਤੇ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਲਈ ਯਤਨ ਜਾਰੀ ਰਹਿਣਗੇ। ਇਸ ਮੌਕੇ ਬੇਅੰਤ ਸਿੰਘ ਸਾਬਕਾ ਚੇਅਰਮੈਨ, ਜਗਤਾਰ ਸਿੰਘ ਮੈਨੂੰਆਣਾ ਸਾਬਕਾ ਚੇਅਰਮੈਨ, ਦਿਲਪ੍ਰੀਤ ਸਿੰਘ ਸਾਬਕਾ ਬਲਾਕ ਪ੍ਰਧਾਨ, ਬਲਵਿੰਦਰ ਸਿੰਘ ਸੀਂਗੋ ਪ੍ਰਧਾਨ ਕਿਸਾਨ ਸੈੱਲ ਬਲਾਕ ਤਲਵੰਡੀ ਸਾਬੋ, ਇਕਬਾਲ ਸਿੰਘ ਸੇਖੂ ਪ੍ਰਧਾਨ ਕਿਸਾਨ ਸੈੱਲ ਬਲਾਕ ਰਾਮਾ ਮੰਡੀ, ਜ਼ਿਲ੍ਹਾ ਉਪ ਪ੍ਰਧਾਨ ਰਣਬੀਰ ਸਿੰਘ ਸ਼ੇਖਪੁਰਾ, ਜਿਲਾ ਜਨਰਲ ਸੈਕਟਰੀ ਮੇਜਰ ਸਿੰਘ ਜਗ੍ਹਾ ਰਾਮ ਤੀਰਥ, ਰਾਜਾ ਸਿੰਘ ਨਸੀਬਪੁਰਾ, ਰਾਜਾ ਸਿੰਘ ਕਮਾਲੂ ਜਿਲਾ ਸੈਕਟਰੀ, ਜਿਲਾ ਮਹਿਲਾ ਆਗੂ ਅਮਰਜੀਤ ਕੌਰ ਬੰਗੀ, ਮਲਕੀਤ ਸਿੰਘ ਸਾਬਕਾ ਸਰਪੰਚ, ਨੈਬ ਸਿੰਘ ਸਾਬਕਾ ਸਰਪੰਚ, ਮੰਗਤ ਜਟਾਣਾ, ਰਾਮ ਸਿੰਘ ਲੇਲੇਵਾਲਾ, ਜਸਵਿੰਦਰ ਸ਼ਰਮਾ ਤਲਵੰਡੀ ਸਾਬੋ, ਦੁੱਲਾ ਸ਼ਰਮਾ ਤਲਵੰਡੀ ਸਾਬੋ, ਬਲਕਰਨ ਸਿੰਘ ਸੁਖਲੱਧੀ, ਅੰਮ੍ਰਿਤਪਾਲ ਸਿੰਘ ਕਮਾਲੂ, ਬਲਜਿੰਦਰ ਸਿੰਘ ਸੇਖੂ, ਯੂਥ ਆਗੂ ਰਾਜ ਸਿੰਘ ਭੰਮ, ਖੁਸ਼ਦੀਪ ਸਿੰਘ ਭੰਮ, ਜਸਵੀਰ ਸਿੰਘ ਢੱਲਾ, ਗੋਰਾ ਸਿੰਘ ਸੋਨੀ, ਮਨਪ੍ਰੀਤ ਸਿੰਘ ਯੂਥ ਆਗੂ ਚਰਨਾਂ ਸਿੰਘ, ਗੁਰਵਿੰਦਰ ਸਿੰਘ, ਕੁਲਦੀਪ ਸਿੰਘ ਮੈਂਬਰ ਜੀਵਨ ਸਿੰਘ ਵਾਲਾ, ਜੱਗਾ ਜੀਵਨ ਸਿੰਘ ਵਾਲਾ, ਵਕੀਲ ਸਿੰਘ ਜੀਵਨ ਸਿੰਘ ਵਾਲਾ ਸਮੇਤ ਹੋਰ ਆਗੂ ਤੇ ਵਰਕਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ ਰੈੱਡ ਡੇਅ ਦੀਆਂ ਰੌਣਕਾਂ

# ਲਾਲ ਰੰਗ ਵਿੱਚ ਰੰਗੇ ਨੰਨ੍ਹੇ-ਮੁੰਨੇ ਬੱਚੇ




**ਬਿਲਾਸਪੁਰ/ਮੋਗਾ (ਵਰਿਆਮ ਹਠੂਰ)**-ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਵਿਖੇ ਪ੍ਰੀ-ਪ੍ਰਾਇਮਰੀ ਵਿਭਾਗ ਦੇ ਨੰਨ੍ਹੇ-ਮੁੰਨੇ ਵਿਦਿਆਰਥੀਆਂ ਲਈ 'ਰੈੱਡ ਡੇਅ' ਬੜੇ ਉਤਸ਼ਾਹ, ਚਾਅ ਅਤੇ ਖੁਸ਼ੀਆਂ ਭਰੇ ਮਾਹੌਲ ਵਿੱਚ ਮਨਾਇਆ ਗਿਆ। ਇਸ ਵਿਸ਼ੇਸ਼ ਦਿਨ ਮੌਕੇ ਸਕੂਲ ਦਾ ਸਮੁੱਚਾ ਪ੍ਰੀ-ਪ੍ਰਾਇਮਰੀ ਵਿੰਗ ਲਾਲ ਰੰਗ ਦੀਆਂ ਰੌਣਕਾਂ ਨਾਲ ਸਜਿਆ ਨਜ਼ਰ ਆਇਆ। ਲਾਲ ਰੰਗ ਦੇ ਮਨਮੋਹਕ ਪਹਿਰਾਵਿਆਂ ਵਿੱਚ ਸਜੇ ਬੱਚਿਆਂ ਦੀਆਂ ਮੁਸਕਰਾਹਟਾਂ ਨੇ ਸਮਾਗਮ ਨੂੰ ਹੋਰ ਵੀ ਯਾਦਗਾਰੀ ਬਣਾ ਦਿੱਤਾ। ਇਸ ਗਤੀਵਿਧੀ ਦਾ ਮੁੱਖ ਉਦੇਸ਼ ਬੱਚਿਆਂ ਨੂੰ ਲਾਲ ਰੰਗ ਦੀ ਪਛਾਣ ਕਰਵਾਉਣਾ ਅਤੇ ਖੇਡ-ਖੇਡ ਵਿੱਚ ਸਿੱਖਣ ਦੀ ਪ੍ਰਕਿਰਿਆ ਨੂੰ ਹੋਰ ਦਿਲਚਸਪ ਬਣਾਉਣਾ ਸੀ। ਅਧਿਆਪਕਾਂ ਵੱਲੋਂ ਬੱਚਿਆਂ ਨੂੰ ਲਾਲ ਰੰਗ ਨਾਲ ਸਬੰਧਤ ਵੱਖ-ਵੱਖ ਵਸਤੂਆਂ ਜਿਵੇਂ ਸੇਬ, ਅਨਾਰ, ਟਮਾਟਰ, ਗੁਲਾਬ, ਗੁਬਾਰੇ ਅਤੇ ਖਿਡੌਣਿਆਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਬੱਚਿਆਂ ਲਈ ਰੰਗਾਂ ਦੀ ਪਛਾਣ, ਚਿੱਤਰਕਾਰੀ, ਰੰਗ ਭਰਨ, ਵਸਤੂਆਂ ਦੀ ਪਛਾਣ ਅਤੇ ਹੋਰ ਮਨੋਰੰਜਕ ਗਤੀਵਿਧੀਆਂ ਕਰਵਾਈਆਂ ਗਈਆਂ। ਨੰਨ੍ਹੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਇਨ੍ਹਾਂ ਗਤੀਵਿਧੀਆਂ ਵਿੱਚ ਹਿੱਸਾ ਲਿਆ ਅਤੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਅਧਿਆਪਕਾਂ ਨੇ ਬੱਚਿਆਂ ਨੂੰ ਦੱਸਿਆ ਕਿ ਲਾਲ ਰੰਗ ਪਿਆਰ, ਊਰਜਾ, ਹਿੰਮਤ ਅਤੇ ਉਤਸ਼ਾਹ ਦਾ ਪ੍ਰਤੀਕ ਹੈ। ਇਸ ਦੌਰਾਨ ਬੱਚਿਆਂ ਨੂੰ ਰੋਜ਼ਾਨਾ ਜੀਵਨ ਵਿੱਚ ਵਰਤੀਆਂ ਜਾਣ ਵਾਲੀਆਂ ਲਾਲ ਰੰਗ ਦੀਆਂ ਵਸਤੂਆਂ ਦੀ ਪਛਾਣ ਕਰਨ ਲਈ ਵੀ ਪ੍ਰੇਰਿਤ ਕੀਤਾ ਗਿਆ। ਅਜਿਹੀਆਂ ਗਤੀਵਿਧੀਆਂ ਰਾਹੀਂ ਬੱਚਿਆਂ ਦੀ ਨਿਰੀਖਣ ਸ਼ਕਤੀ, ਇਕਾਗਰਤਾ, ਭਾਸ਼ਾਈ ਯੋਗਤਾ ਅਤੇ ਆਤਮ-ਵਿਸ਼ਵਾਸ ਨੂੰ ਵਿਕਸਤ ਕਰਨ ਦਾ ਯਤਨ ਕੀਤਾ ਗਿਆ।

## ਪ੍ਰਿੰਸੀਪਲ ਜਸਮੇਲ ਸਿੰਘ ਕਲਸੀ ਨੇ ਬੱਚਿਆਂ ਵੱਲੋਂ ਕੀਤੀ ਐਕਟੀਵਿਟੀ ਦੀ ਪ੍ਰਸੰਸਾ ਕੀਤੀ

ਸਕੂਲ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਸਰਦਾਰ ਚਰਨ ਸਿੰਘ ਸਕੂਲ ਚੇਅਰਮੈੱਨ ਯੋਗਿੰਦਰ ਪ੍ਰਸਾਦ ਸ਼ਰਮਾ ਤੇ ਪ੍ਰਿੰਸੀਪਲ ਜਸਮੇਲ ਸਿੰਘ ਕਲਸੀ ਨੇ ਇਸ ਮੌਕੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਮੁੱਢਲੀ ਸਿੱਖਿਆ ਦੌਰਾਨ ਬੱਚਿਆਂ ਨੂੰ ਸਿਰਫ਼ ਕਿਤਾਬਾਂ ਤੱਕ ਸੀਮਤ ਰੱਖਣ ਦੀ ਬਜਾਏ ਗਤੀਵਿਧੀਆਂ ਰਾਹੀਂ ਸਿਖਾਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਰੰਗਾਂ ਨਾਲ ਸਬੰਧਤ ਅਜਿਹੇ ਸਮਾਗਮ ਬੱਚਿਆਂ ਦੇ ਬੌਧਿਕ, ਮਾਨਸਿਕ, ਸਮਾਜਿਕ ਅਤੇ ਰਚਨਾਤਮਕ ਵਿਕਾਸ ਵਿੱਚ ਅਹਿਮ ਯੋਗਦਾਨ ਪਾਉਂਦੇ ਹਨ। ਜਦੋਂ ਬੱਚੇ ਖੁਸ਼ੀ-ਖੁਸ਼ੀ ਕਿਸੇ ਗਤੀਵਿਧੀ ਵਿੱਚ ਭਾਗ ਲੈਂਦੇ ਹਨ ਤਾਂ ਉਨ੍ਹਾਂ ਦੀ ਸਿੱਖਣ ਪ੍ਰਤੀ ਦਿਲਚਸਪੀ ਹੋਰ ਵਧਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਸੁਪਰੀਮ ਕੌਨਵੈਂਟ ਸਕੂਲ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਦੇ ਨਾਲ-ਨਾਲ ਅਜਿਹਾ ਖੁਸ਼ਨੁਮਾ ਅਤੇ ਸਿਰਜਣਾਤਮਕ ਮਾਹੌਲ ਪ੍ਰਦਾਨ ਕਰਨਾ ਹੈ, ਜਿੱਥੇ ਹਰ ਬੱਚਾ ਆਪਣੀ ਛੁਪੀ ਹੋਈ ਪ੍ਰਤਿਭਾ ਨੂੰ ਨਿਖਾਰ ਸਕੇ। ਅੰਤ ਵਿੱਚ ਪ੍ਰਿੰਸੀਪਲ ਸਾਹਿਬ ਨੇ ਪ੍ਰੀ-ਪ੍ਰਾਇਮਰੀ ਵਿਭਾਗ ਦੇ ਸਮੂਹ ਅਧਿਆਪਕਾਂ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਬੱਚਿਆਂ ਦੇ ਮਨਾਂ ਵਿੱਚ ਸਕੂਲ ਅਤੇ ਸਿੱਖਿਆ ਪ੍ਰਤੀ ਪਿਆਰ ਪੈਦਾ ਕਰਦੇ ਹਨ। ਇਸ ਤਰ੍ਹਾਂ ਰੈੱਡ ਡੇਅ ਦਾ ਇਹ ਸਮਾਗਮ ਨੰਨ੍ਹੇ-ਮੁੰਨੇ ਬੱਚਿਆਂ ਲਈ ਸਿੱਖਿਆ, ਮਨੋਰੰਜਨ ਅਤੇ ਖੁਸ਼ੀਆਂ ਦਾ ਸੁੰਦਰ ਸੁਮੇਲ ਹੋ ਨਿੱਬੜਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

# ਰਾੜ ਅਤੇ ਗਰੀਸ ਨੂੰ ਟੀਮ ਵੱਲੋਂ ਪਿੰਡ ਵਡਾਲਾ ਜੌਹਲ ਵਿੱਚ ਅੱਖਾਂ ਦਾ ਵਿਸ਼ਾਲ ਕੈਂਪ ਲਗਾਇਆ ਗਿਆ

## 225 ਮਰੀਜ਼ਾਂ ਦਾ ਚੈੱਕ ਅਪ ਅਤੇ 25 ਮਰੀਜ਼ ਆਪਰੇਸ਼ਨ ਲਈ ਹਸਪਤਾਲ ਲਜਾਏ ਗਏ




**ਚੌਕ ਮਹਿਤਾ,22 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਮਾਤਾ ਅਮਰਜੀਤ ਕੌਰ ਬਰਾੜ ਦੇ ਆਸ਼ੀਰਵਾਦ ਸਦਕਾ ਅਤੇ ਸਮਾਜ ਸੇਵੀ ਸ. ਪਰਮਜੀਤ ਸਿੰਘ ਬਰਾੜ ਗ੍ਰੀਸ ਅਤੇ ਸਮੂਹ ਟੀਮ ਗਰੀਸ ਦੇ ਵੱਲੋਂ ਸੰਕਰਾ ਆਈ ਹਸਪਤਾਲ ਅਤੇ ਸਿਹਤ ਵਿਭਾਗ ਦੇ ਸਹਿਯੋਗ ਦੇ ਨਾਲ ਅੱਖਾਂ ਦਾ ਵਿਸ਼ਾਲ ਕੈਂਪ ਪਿੰਡ ਵਡਾਲਾ ਜੌਹਲ ਜਿਲਾ ਅੰਮ੍ਰਿਤਸਰ ਵਿਖੇ ਲਗਾਇਆ ਗਿਆ। ਜਿਸ ਦੀ ਯੋਗ ਅਗਵਾਈ ਹੀਰਾ ਸਿੰਘ ਜੌਹਲ ਅਤੇ ਸਮੂਹ ਟੀਮ ਨੇ ਕੀਤੀ ਕੈਂਪ ਵਿੱਚ ਮਾਤਾ ਅਮਰਜੀਤ ਕੌਰ ਬਰਾੜ ਦੀ ਸਿਹਤ ਠੀਕ ਨਾ ਹੋਣ ਕਾਰਨ ਉਹ ਇਸ ਕੈਂਪ ਵਿੱਚ ਨਹੀਂ ਪਹੁੰਚ ਸਕੇ ਅਤੇ ਮਿਹਰ ਸਿੰਘ ਬਾਘਾ ਪੁਰਾਣਾ ਦੀ ਟੀਮ ਉਚੇਚੇ ਤੌਰ ਤੇ ਇਸ ਕੈਂਪ ਵਿੱਚ ਪਹੁੰਚੀ ਕੈਂਪ ਦੌਰਾਨ ਕਰੀਬ 225 ਮਰੀਜ਼ਾਂ ਦੀਆਂ ਅੱਖਾਂ ਦਾ ਚੈੱਕ ਅਪ ਕੀਤਾ ਗਿਆ ਜਿਨਾਂ ਨੂੰ ਦਵਾਈਆਂ ਅਤੇ ਦਾਰੂ ਫਰੀ ਦਿੱਤੇ ਗਏ ਅਤੇ 25 ਮਰੀਜ਼ਾਂ ਨੂੰ ਆਪਰੇਸ਼ਨ ਕਰਨ ਲਈ ਸੰਕਰਾ ਹਸਪਤਾਲ ਲੁਧਿਆਣਾ ਵਿਖੇ ਲਿਜਾਇਆ ਗਿਆ ਕੈਂਪ ਦੌਰਾਨ ਵੱਡੀ ਗਿਣਤੀ ਵਿੱਚ ਮਰੀਜ਼ ਹਾਜ਼ਰ ਸਨ, ਇਸ ਮੌਕੇ ਤੇ ਸੰਬੋਧਨ ਕਰਦਿਆਂ ਟੀਮ ਦੇ ਆਗੂ ਹੀਰਾ ਸਿੰਘ ਜੌਹਲ ਨੇ ਮਾਤਾ ਅਮਰਜੀਤ ਕੌਰ ਬਰਾੜ ਅਤੇ ਪਰਮਜੀਤ ਸਿੰਘ ਬਰਾੜ ਤੇ ਉਹਨਾਂ ਦੀ ਟੀਮ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹਨਾਂ ਦਾ ਪਿੰਡ ਤੇ ਇਲਾਕਾ ਇਸ ਟੀਮ ਦਾ ਸਦਾ ਰਿਣੀ ਰਹੇਗਾ ਜਿਨਾਂ ਨੇ ਇਸ ਇਲਾਕੇ ਵਿੱਚ ਅੱਖਾਂ ਦਾ ਕੈਂਪ ਲਗਾ ਕੇ ਲੋਕਾਂ ਨੂੰ ਇਹ ਸਹੂਲਤ ਦਿੱਤੀ ਹੈ, ਇਸ ਮੌਕੇ ਤੇ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਗੁਰਪਿੰਦਰ ਸਿੰਘ, ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ , ਪ੍ਰਧਾਨ ਹੀਰਾ ਸਿੰਘ ਜੌਹਲ, ਰਾਜਿੰਦਰ ਭਾਰਦਵਾਜ਼, ਡਾਕਟਰ ਬਲਕਾਰ ਸਿੰਘ, ਲਖਵਿੰਦਰ ਸਿੰਘ ਵੱਲੋਂ ਆਏ ਹੋਏ ਟੀਮ ਦੇ ਮੈਂਬਰਾਂ ਦਾ ਸਨਮਾਨ ਕੀਤਾ ਗਿਆ ਅਤੇ ਮਾਤਾ ਅਮਰਜੀਤ ਕੌਰ ਬਰਾੜ ਜੋ ਆਪਣੀ ਸਿਹਤ ਢਿੱਲੀ ਹੋਣ ਦੇ ਕਾਰਨ ਇਥੇ ਨਹੀਂ ਪਹੁੰਚ ਸਕੇ ਸਨ ਉਹਨਾਂ ਦਾ ਸਨਮਾਨ ਮਾਤਾ ਸੁਖਵਿੰਦਰ ਕੌਰ ਵਡਾਲਾ ਜੋਹਲ ਨੂੰ ਦਿੱਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

## ਭਾਰਤੀ ਸਨਾਤਨ ਧਰਮ ਮਹਾਂਵੀਰ ਦਲ ਬਠਿੰਡਾ ਵੱਲੋਂ ਸ਼੍ਰੀ ਸਾਲਾਸਰ ਧਾਮ ਵਿਖੇ ਭੰਡਾਰੇ ਲਈ ਟਰੱਕ ਰਵਾਨਾ






ਤਲਵੰਡੀ ਸਾਬੋ, 22 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਸ਼੍ਰੀ ਸਾਲਾਸਰ ਧਾਮ ਵਿਖੇ ਤਿੰਨ ਰੋਜ਼ਾ ਭੰਡਾਰੇ ਲਈ ਭਾਰਤੀ ਸਨਾਤਨ ਧਰਮ ਮਹਾਂਵੀਰ ਦਲ, ਰਜਿ. ਨੰ: 129, ਬਠਿੰਡਾ ਵੱਲੋਂ ਸੇਵਾਦਾਰਾਂ ਅਤੇ ਰਾਸ਼ਨ ਦਾ ਟਰੱਕ ਚਿਰੰਜੀ ਨਾਲ ਗਰਗ ਸਾਬਕਾ ਕੈਬਨਿਟ ਮੰਤਰੀ ਪੰਜਾਬ ਅਤੇ ਐਡਵੋਕੇਟ ਰਾਜਨ ਗਰਗ ਵੱਲੋਂ ਝੰਡੀ ਵਿਖਾ ਕੇ ਰਵਾਨਾ ਕੀਤਾ ਗਿਆ। ਇਸ ਬਾਰੇ ਜਾਣਕਾਰੀ ਦਿੰਦਿਆਂ ਸਰਪ੍ਰਸਤ ਪ੍ਰੇਮ ਕੁਮਾਰ ਗਰਗ ਨੇ ਦੱਸਿਆ ਕਿ ਇਹ ਭੰਡਾਰਾ ਮਿਤੀ 23 ਅਕਤੂਬਰ ਤੋਂ 25 ਅਕਤੂਬਰ ਤੱਕ ਮੰਡੀ ਡੱਬਵਾਲੀ ਧਰਮਸ਼ਾਲਾ, ਅੰਜਨੀ ਮਾਤਾ ਮੰਦਿਰ ਰੋੜ, ਸ਼੍ਰੀ ਸਾਲਾਸਰ ਧਾਮ ਵਿਖੇ ਲਗਾਇਆ ਜਾਏਗਾ। ਭੰਡਾਰੇ ਵਿੱਚ ਵਿਪਨ ਗੋਇਲ, ਪ੍ਰੇਮ ਗੋਇਲ, ਸੁਰਿੰਦਰ ਗੋਇਲ, ਰਮੇਸ਼ ਗਰਗ, ਪ੍ਰਮੋਦ ਕੁਮਾਰ, ਵਿਕਾਸ ਗੋਇਲ, ਹਰੀਸ਼ ਮੰਗਲਾ, ਸੁਰਜੀਤ ਸਿੰਘ ਅਤੇ ਸ਼ਰਧਾਲੂ ਭੰਡਾਰੇ ਵਿੱਚ ਦਿਨ-ਰਾਤ ਸੇਵਾ ਨਿਭਾਉਣਗੇ। ਉਹਨਾਂ ਦੱਸਿਆ ਕਿ ਪਿਛਲੇ ਇੱਕ ਦਹਾਕੇ ਤੋਂ ਸ਼ਰਧਾਲੂਆਂ ਦੀ ਸੇਵਾ ਅਤੇ ਉਹਨਾਂ ਦੀ ਸੁਵਿਧਾ ਨੂੰ ਧਿਆਨ ਵਿੱਚ ਰੱਖਦੇ ਹੋਏ ਦਲ ਦੇ ਵਲੰਟੀਅਰਾਂ ਵੱਲੋਂ ਨਿਸ਼ਕਾਮ ਸੇਵਾ ਨਿਭਾਈ ਜਾਂਦੀ ਹੈ। ਭੰਡਾਰੇ ਵਿੱਚ ਦੋਸਤ ਵੈਲਫੇਅਰ ਸੋਸਾਇਟੀ (ਰਜਿ.) ਬਠਿੰਡਾ ਵੱਲੋਂ ਰਮੇਸ਼ ਗਰਗ ਦੀ ਦੇਖ-ਰੇਖ ਹੇਠ ਮੁਫ਼ਤ ਮੁਢਲੀ ਸਹਾਇਤਾ ਅਤੇ ਮੈਡੀਕਲ ਚੈਕਅੱਪ ਕੈਂਪ ਵੀ ਲਗਾਇਆ ਜਾਵੇਗਾ। ਜਿਸ ਵਿੱਚ ਬੀ.ਪੀ., ਸ਼ੂਗਰ ਚੈਕਅੱਪ ਤੋਂ ਇਲਾਵਾ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਵੀ ਵੰਡੀਆਂ ਜਾਣਗੀਆਂ। ਉਹਨਾਂ ਦੱਸਿਆ ਕਿ ਦਲ ਦੇ ਵਲੰਟੀਅਰਾਂ ਅਤੇ ਸੇਵਾਦਾਰਾਂ ਵੱਲੋਂ ਕੀਤੀ ਜਾ ਰਹੀ ਇਸ ਸੇਵਾ ਦੀ ਸ਼ਰਧਾਲੂਆਂ, ਭਗਤਾਂ ਅਤੇ ਯਾਤਰੂਆਂ ਵੱਲੋਂ ਖੂਬ ਸ਼ਲਾਘਾ ਕੀਤੀ ਜਾ ਰਹੀ ਹੈ। ਚੇਤੇ ਰਹੇ ਕਿ ਇਸ ਭੰਡਾਰੇ ਵਿੱਚ ਬਠਿੰਡਾ ਅਤੇ ਨੇੜਲੇ ਇਲਾਕੇ ਦੀਆਂ ਮਹਿਲਾ ਸੇਵਾਦਾਰ ਵੀ ਸਵੈ-ਇੱਛਾ ਨਾਲ ਯੋਗਦਾਨ ਪਾ ਰਹੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

### ਦੇਸ਼ ਭਗਤ ਕਾਲਜ ਬਰੜਵਾਲ ਵਿਖੇ

# ਪੰਜਾਬੀ ਯੂਨੀਵਰਸਿਟੀ ਦੇ ਖੇਤਰੀ ਯੁਵਕ ਅਤੇ ਲੋਕ ਮੇਲੇ ਦੀ ਸ਼ਾਨਦਾਰ ਸ਼ੁਰੂਆਤ




**ਧੂਰੀ (ਰਣਜੀਤ ਸਿੰਘ ਪੇਧਨੀ)** -ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਖੇਤਰੀ ਯੁਵਕ ਅਤੇ ਲੋਕ ਮੇਲੇ ਦੀ ਅੱਜ ਦੇਸ਼ ਭਗਤ ਕਾਲਜ, ਬਰੜਵਾਲ, ਧੂਰੀ ਵਿਖੇ ਸ਼ਾਨਦਾਰ ਸ਼ੁਰੂਆਤ ਹੋਈ। 22 ਤੋਂ 25 ਅਕਤੂਬਰ ਤੱਕ ਚੱਲਣ ਵਾਲੇ ਇਸ ਮੇਲੇ ਦੇ ਉਦਘਾਟਨੀ ਸਮਾਰੋਹ ਵਿੱਚ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਚੇਅਰਮੈਨ

ਆਵਾਜ਼ਿ ਕੌਮ AWAZE QAUM International Newspaper & WEB TV

**ਨੌਜਵਾਨਾਂ ਨੂੰ ਆਪਣੀ ਅਮੀਰ ਵਿਰਾਸਤ ਅਤੇ ਸੱਭਿਆਚਾਰ ਨਾਲ ਜੋੜਨ 'ਚ ਅਹਿਮ ਭੂਮਿਕਾ ਨਿਭਾਉਂਦੇ ਹਨ ਯੁਵਕ ਮੇਲੇ: ਦਲਵੀਰ ਸਿੰਘ ਢਿੱਲੋਂ**

ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਯੁਵਕ ਮੇਲੇ ਵਿਦਿਆਰਥੀਆਂ ਦੀ ਛੁਪੀ ਹੋਈ ਪ੍ਰਤਿਭਾ ਨੂੰ ਨਿਖਾਰਨ ਅਤੇ ਉਨ੍ਹਾਂ ਨੂੰ ਆਪਣੀ ਕਲਾ ਦੇ ਪ੍ਰਦਰਸ਼ਨ ਲਈ ਮੰਚ ਪ੍ਰਦਾਨ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਪੜ੍ਹਾਈ ਦੇ ਨਾਲ-ਨਾਲ ਸੱਭਿਆਚਾਰਕ ਗਤੀਵਿਧੀਆਂ ਵਿੱਚ ਭਾਗ ਲੈਣਾ ਵੀ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਅਮੀਰ ਵਿਰਾਸਤ, ਲੋਕ ਕਲਾਵਾਂ, ਗੀਤ-ਸੰਗੀਤ ਅਤੇ ਰਵਾਇਤੀ ਕਲਾਵਾਂ ਸਾਡੀ ਸੱਭਿਆਚਾਰਕ ਪਛਾਣ ਦਾ ਅਨਿੱਖੜਵਾਂ ਅੰਗ ਹਨ। ਅਜਿਹੇ ਮੇਲੇ ਨੌਜਵਾਨ ਪੀੜ੍ਹੀ ਨੂੰ ਆਪਣੀਆਂ ਜੜ੍ਹਾਂ ਨਾਲ ਜੋੜਨ ਦੇ ਨਾਲ-ਨਾਲ ਆਪਣੀ ਵਿਰਾਸਤ ਨੂੰ ਸੰਭਾਲਣ ਅਤੇ ਅਗਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਲਈ ਪ੍ਰੇਰਿਤ ਕਰਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਪੂਰੇ ਉਤਸ਼ਾਹ ਨਾਲ ਅਜਿਹੀਆਂ ਗਤੀਵਿਧੀਆਂ ਵਿੱਚ ਹਿੱਸਾ ਲੈਣ ਅਤੇ ਆਪਣੀ ਪ੍ਰਤਿਭਾ ਨੂੰ ਨਿਖਾਰਨ। ਇਸ ਮੌਕੇ ਟਰੱਸਟ ਦੇ ਚੇਅਰਮੈਨ ਪਰਮਜੀਤ ਸਿੰਘ ਗਿੱਲ, ਕਾਲਜ ਦੇ ਪ੍ਰਿੰਸੀਪਲ ਡਾ. ਬਲਵੀਰ ਸਿੰਘ, ਚੇਅਰਮੈਨ ਬਲਵੰਤ ਸਿੰਘ ਮੀਮਸਾ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਟਰੇਡ ਵਿੰਗ ਧੂਰੀ ਹਲਕੇ ਦੇ ਚੇਅਰਮੈਨ ਪੁਸ਼ਿਪੰਦਰ ਸ਼ਰਮਾ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਅਮ੍ਰਿਤਪਾਲ ਸਿੰਘ, ਜਤਿੰਦਰ ਸਿੰਘ ਸੋਨੀ ਮੰਡੇਰ, ਜਗਤਾਰ ਸਿੰਘ ਬਾਗੜੀ ਅਤੇ ਟਰੱਸਟ ਦੇ ਹੋਰ ਮੈਂਬਰ ਹਾਜ਼ਰ ਸਨ।

### ਨਿਊ ਫਲਾਵਰਜ ਪਬਲਿਕ ਸੀ.ਸੈ. ਸਕੂਲ, ਨਿਊ ਅੰਤਰਯਾਮੀ ਕਲੌਨੀ,ਅੰਮ੍ਰਿਤਸਰ ਦੀ ਗਿਆਰਵੀਂ ਜਮਾਤ ਦੀ ਵਿਦਿਆਰਥਣ ਨੇ ਟੂਰਨਾਮੈਂਟ ਖੇਡ ਵਤਨ ਪੰਜਾਬ ਤਾਇਕਵਾਂਡੋ ਸਟੇਟ ਚੈਂਪੀਅਨਸ਼ਿਪ ਜਿਲ੍ਹਾ ਫਰੀਦਕੋਟ (ਪੰਜਾਬ) ਵਿਖੇ ਦੂਜਾ ਸਥਾਨ ਹਾਂਸਲ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ



**ਚੌਕ ਮਹਿਤਾ,22 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਨਿਊ ਫਲਾਵਰਜ ਪਬਲਿਕ ਸੀ.ਸੈ. ਸਕੂਲ, ਅੰਮ੍ਰਿਤਸਰ ਦੀ ਗਿਆਰਵੀਂ ਜਮਾਤ ਦੀ ਵਿਦਿਆਰਥਣ ਹਰਪ੍ਰੀਤ ਕੌਰ ਪੁੱਤਰੀ ਸ. ਦਿਲਬਾਗ ਸਿੰਘ ਨੇ ਮਿਤੀ 16 ਤੋਂ 19 ਅਕਤੂਬਰ, 2026 ਨੂੰ ਟੂਰਨਾਮੈਂਟ ਖੇਡ ਵਤਨ ਪੰਜਾਬ ਤਾਇਕਵਾਂਡੋ ਸਟੇਟ ਚੈਂਪੀਅਨਸ਼ਿਪ ਜਿਲ੍ਹਾ ਫਰੀਦਕੋਟ (ਪੰਜਾਬ) ਵਿਖੇ ਦੂਜਾ ਸਥਾਨ ਹਾਂਸਲ ਕਰਕੇ ਸਿਲਵਰ ਮੈਡਲ ਪ੍ਰਾਪਤ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਅਤੇ ਇਸ ਟੂਰਨਾਮੈਂਟ ਦੇ ਵਿਚ 300 ਦੇ ਕਰੀਬ ਲੜਕੀਆ ਨੇ ਭਾਗ ਲਿਆ ਸੀ। ਜਿਸ ਤੇ ਪ੍ਰਿੰਸੀਪਲ ਸ੍ਰੀਮਤੀ ਕੁਲਵਿੰਦਰ ਕੌਰ ਜੀ ਨੇ ਵਿਦਿਆਰਥਣ ਅਤੇ ਉਹਨਾਂ ਦੇ ਮਾਪੇ ਅਤੇ ਸਮੂਹ ਸਕੂਲ ਸਟਾਫ

ਆਵਾਜ਼ਿ ਕੌਮ AWAZE QAUM International Newspaper & WEB TV

ਨੂੰ ਵਧਾਈ ਦਿੱਤੀ।ਇਸਦਾ ਸਿਹਰਾ ਸਕੂਲ ਦੇ ਗਗਨਦੀਪ ਸਿੰਘ (ਕੋਚ), ਵਿਦਿਆਰਥਣ ਦੀ ਮਿਹਨਤ ਅਤੇ ਉਸਦੇ ਮਾਪਿਆਂ ਨੂੰ ਜਾਂਦਾ ਹੈ । ਵਿਦਿਆਰਥਣ ਨੂੰ ਸਿਲਵਰ ਮੈਡਲ ਅਤੇ 7,000 (ਸੱਤ ਹਜਾਰ) ਰੁਪਏ ਦੀ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ। ਅੱਜ ਮੌਕੇ ਤੇ ਹਾਜਰ ਪ੍ਰਿੰਸੀਪਲ ਸ੍ਰੀਮਤੀ ਕੁਲਵਿੰਦਰ ਕੌਰ ਜੀ, ਵਾਈਸ ਪ੍ਰਿੰਸੀਪਲ ਤਾਨੀਆ ਭਾਟੀਆ, ਗਗਨਦੀਪ ਸਿੰਘ (ਕੋਚ) ਆਦਿ ਦੁਆਰਾ ਬੱਚੇ ਨੂੰ ਨਾਲ ਸਨਮਾਨਿਤ ਕੀਤਾ ਅਤੇ ਮੂੰਹ ਮਿੱਠਾ ਕਰਵਾਇਆ ਗਿਆ।

### ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਪਿੰਡ ਕਾਤਰੋਂ ਦੀ ਅਨਾਜ ਮੰਡੀ 'ਚ

# ਝੋਨੇ ਦੀ ਖ਼ਰੀਦ ਕਰਵਾਈ ਸ਼ੁਰੂ



**ਧੂਰੀ ( ਰਣਜੀਤ ਸਿੰਘ ਪੇਧਨੀ )** -ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਪਿੰਡ ਕਾਤਰੋਂ ਦੀ ਅਨਾਜ ਮੰਡੀ ਵਿਖੇ ਝੋਨੇ ਦੀ ਖ਼ਰੀਦ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਉਨ੍ਹਾਂ ਮੰਡੀ

ਆਵਾਜ਼ਿ ਕੌਮ AWAZE QAUM International Newspaper & WEB TV

**ਕਿਸਾਨਾਂ ਨੂੰ ਮੰਡੀਆਂ ਵਿੱਚ ਸੁੱਕਾ ਝੋਨਾ ਲਿਆਉਣ ਦੀ ਕੀਤੀ ਅਪੀਲ**

ਵਿੱਚ ਮੌਜੂਦ ਕਿਸਾਨਾਂ ਅਤੇ ਹੋਰ ਹਾਜ਼ਰੀਨ ਨਾਲ ਗੱਲਬਾਤ ਕੀਤੀ ਅਤੇ ਝੋਨੇ ਦੀ ਖਰੀਦ ਪ੍ਰਕਿਰਿਆ ਦਾ ਜਾਇਜ਼ਾ ਲਿਆ। ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਸੁੱਕਾ ਝੋਨਾ ਹੀ ਲੈ ਕੇ ਆਉਣ, ਤਾਂ ਜੋ ਮੰਡੀ ਵਿੱਚ ਪਹੁੰਚੀ ਫ਼ਸਲ ਦੀ ਨਾਲੋ-ਨਾਲ ਖਰੀਦ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਕਿਹਾ ਕਿ ਝੋਨੇ ਦੀ ਸਰਕਾਰੀ ਖਰੀਦ 1 ਅਕਤੂਬਰ ਤੋਂ ਸ਼ੁਰੂ ਹੋ ਚੁੱਕੀ ਹੈ ਅਤੇ ਕਿਸਾਨਾਂ ਦੀ ਫ਼ਸਲ ਦੀ ਸਮੇਂ ਸਿਰ ਖਰੀਦ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਸਾਲ ਭਰ ਦੀ ਮਿਹਨਤ ਨਾਲ ਤਿਆਰ ਹੋਈ ਫ਼ਸਲ ਦਾ ਉਨ੍ਹਾਂ ਨੂੰ ਸਹੀ ਮੁੱਲ ਮਿਲਣਾ ਬਹੁਤ ਮਹੱਤਵਪੂਰਨ ਹੈ। ਕਿਸਾਨ ਪੰਜਾਬ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹਨ ਅਤੇ ਉਨ੍ਹਾਂ ਦੀ ਮਿਹਨਤ ਸੂਬੇ ਦੀ ਤਰੱਕੀ ਵਿੱਚ ਅਹਿਮ ਯੋਗਦਾਨ ਪਾਉਂਦੀ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਫ਼ਸਲ ਨੂੰ ਚੰਗੀ ਤਰ੍ਹਾਂ ਸੁਕਾ ਕੇ ਅਤੇ ਨਿਰਧਾਰਤ ਮਾਪਦੰਡਾਂ ਅਨੁਸਾਰ ਮੰਡੀਆਂ ਵਿੱਚ ਲਿਆਉਣ, ਤਾਂ ਜੋ ਖਰੀਦ ਪ੍ਰਕਿਰਿਆ ਵਿੱਚ ਕਿਸੇ ਕਿਸਮ ਦੀ ਦੇਰੀ ਨਾ ਹੋਵੇ। ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਪਿੰਡ ਘਨੌਰੀ ਕਲਾਂ ਦੇ ਸਰਪੰਚ ਅੰਮ੍ਰਿਤਪਾਲ ਸਿੰਘ, ਪਿੰਡ ਕਾਤਰੋਂ ਦੇ ਪੰਚਾਇਤ ਮੈਂਬਰ ਗੁਰਸੇਵਕ ਸਿੰਘ, ਸਾਬਕਾ ਸਰਪੰਚ ਬਹਾਦਰ ਸਿੰਘ, ਬਲਾਕ ਸੰਮਤੀ ਮੈਂਬਰ ਜਗਜੀਤ ਸਿੰਘ ਫ਼ੌਜੀ, ਗੁਰੀਤ ਸਿੰਘ ਅਟਵਾਲ ਸਮੇਤ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

### ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਸਨਮਾਨ ਸਮਾਗਮ 25 ਅਕਤੂਬਰ ਨੂੰ



**ਚੌਕ ਮਹਿਤਾ 22 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਇਕ ਸਨਮਾਨ ਸਮਾਗਮ ਅਤੇ ਕਵੀ ਦਰਬਾਰ ਮਿਤੀ 25 ਅਕਤੂਬਰ, ਦਿਨ ਐਤਵਾਰ ਨੂੰ ਸਵੇਰੇ 10 ਵਜੇ ਮੀਟਿੰਗ ਹਾਲ ਬਾਬਾ ਮੱਖਣ ਸ਼ਾਹ ਲੁਬਾਣਾ ਸਰਾਂ, ਬਾਬਾ ਬਕਾਲਾ ਸਾਹਿਬ ਵਿਖੇ ਕਰਵਾਇਆ ਜਾ ਰਿਹਾ ਹੈ ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਭਾ ਦੇ ਮੁੱਖ ਸੰਚਾਲਕ ਸ਼ੇਲ੍ਹੰਦਿਰਜੀਤ ਸਿੰਘ ਰਾਜਨ, ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ, ਸੀ: ਮੀਤ ਪ੍ਰਧਾਨ ਮੱਖਣ ਭੈਣੀਵਾਲਾ, ਡਾ: ਪਰਮਜੀਤ ਸਿੰਘ ਬਾਠ, ਸਕੱਤਰ ਨਵਦੀਪ ਸਿੰਘ ਬਦੇਸ਼ਾ, ਪ੍ਰੈੱਸ ਸਕੱਤਰ ਬਲਵਿੰਦਰ ਸਿੰਘ ਅਠੌਲਾ ਨੇ ਦੱਸਿਆ ਹੈ ਕਿ ਇਸ ਮੌਕੇ ਸ: ਜਸਵਿੰਦਰ ਸਿੰਘ ਢਿੱਲੋਂ (ਪ੍ਰਧਾਨ

ਆਵਾਜ਼ਿ ਕੌਮ AWAZE QAUM International Newspaper & WEB TV

ਪੰਜਾਬੀ ਸਾਹਿਤ ਸਭਾ ਅਤੇ ਸਭਿਆਚਾਰਕ ਕੇਂਦਰ ਤਰਨ ਤਾਰਨ) ਨੂੰ ਪ੍ਰਿੰਸੀਪਲ ਸੇਵਾ ਸਿੰਘ ਕੌੜਾ ਯਾਦਗਾਰੀ ਐਵਾਰਡ, ਸ: ਕੰਵਰ ਇਕਬਾਲ ਸਿੰਘ (ਪ੍ਰਧਾਨ ਸਿਰਜਣਾ ਕੇਂਦਰ ਕਪੂਰਥਲਾ) ਨੂੰ ਸ: ਸ਼ੰਕਰ ਸਿੰਘ ਪ੍ਰਵਾਨਾ ਯਾਦਗਾਰੀ ਐਵਾਰਡ, ਸ: ਹਰਦਰਸ਼ਨ ਸਿੰਘ ਕਮਲ (ਜਨਰਲ ਸਕੱਤਰ ਮਜਲਸ) ਨੂੰ ਸ: ਰਣਜੀਤ ਸਿੰਘ ਬਾਬੁਲ ਯਾਦਗਾਰੀ ਐਵਾਰਡ, ਸ: ਸ਼ੁਕਰਗੁਜਾਰ ਸਿੰਘ (ਪ੍ਰਧਾਨ ਪੰਜਾਬੀ ਸਾਹਿਤ ਸਭਾ ਜੰਡਿਆਲਾ ਗੁਰੂ) ਨੂੰ ਸ: ਅਰਜਿੰਦਰ ਸਿੰਘ ਬੁਤਾਲਵੀ ਯਾਦਗਾਰੀ ਐਵਾਰਡ, ਡਾ: ਗਗਨਦੀਪ ਸਿੰਘ (ਪ੍ਰਧਾਨ ਮਝੈਲਾਂ ਦੀ ਸੱਥ) ਨੂੰ ਸ: ਬਲਬੀਰ ਸਿੰਘ ਫੁੱਲ ਯਾਦਗਾਰੀ ਐਵਾਰਡ ਅਤੇ ਸ: ਕੁਲਵਿੰਦਰ ਸਿੰਘ ਗਾਖਲ (ਪ੍ਰਧਾਨ ਪੰਜਾਬ ਸਾਹਿਤਕ ਮੰਚ ਜਲੰਧਰ) ਨੂੰ ਸ: ਬਚਨ ਸਿੰਘ ਪ੍ਰੀਤਮ ਯਾਦਗਾਰੀ ਐਵਾਰਡ ਨਾਲ ਸਨਮਾਨਿਤ ਕੀਤਾ ਜਾਵੇਗਾ । ਸਮਾਗਮ ਦੇ ਮੁੱਖ ਮਹਿਮਾਨ ਸਿਫਰ ਸਤਿਬੀਰ ਸਿੰਘ (ਪੰਜਾਬ ਪ੍ਰਧਾਨ ਵਿਸ਼ਵ ਪੰਜਾਬੀ ਸਭਾ ਕੈਨੇਡਾ) ਹੋਣਗੇ, ਜਦਕਿ ਪ੍ਰਧਾਨਗੀ ਮੰਡਲ ਵਿੱਚ ਦੀਪ ਦਵਿੰਦਰ ਸਿੰਘ (ਸਕੱਤਰ ਕੇਂਦਰੀ ਪੰਜਾਬੀ ਲੇਖਕ ਸਭਾ), ਵਿਸ਼ਾਲ (ਸੰਪਾਦਕ ਮੰਤਵ), ਪ੍ਰੋ: ਬਖਤੌਰ ਧਾਲੀਵਾਲ, ਕੀਰਤ ਪ੍ਰਤਾਪ ਸਿੰਘ ਪੰਨੂੰ ਪ੍ਰਧਾਨ ਮਜਸਲ, ਬਲਬੀਰ ਸਿੰਘ ਬੇਲੀ (ਤਰਨ ਤਾਰਨ) ਗਿ: ਗੁਲਜ਼ਾਰ ਸਿੰਘ ਖੈੜਾ (ਜੰਡਿਆਲਾ ਗੁਰੂ), ਅਵਤਾਰ ਸਿੰਘ ਗੋਇੰਦਵਾਲ, ਹਰਭਜਨ ਸਿੰਘ ਭੱਗਰੱਥ ਆਦਿ ਸ਼ੁਸ਼ੋਭਿਤ ਹੋਣਗੇ । ਉਪਰੰਤ ਕਵੀ ਦਰਬਾਰ ਵੀ ਹੋਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਪੰਜਾਬ ਨੂੰ ਨਸ਼ਾ ਮੁਕਤ ਅਤੇ ਭਾਰਤ ਨੂੰ ਬਚਾਉਣ ਲਈ ਹੁਣ ਬਸਪਾ ਨੂੰ ਮੌਕਾ ਦਿਓ

# ਨਸ਼ਾ, ਬੇਰੁਜ਼ਗਾਰੀ, ਸਿੱਖਿਆ ਦਾ ਨਿੱਜੀਕਰਨ ਅਤੇ ਲੋਕਤੰਤਰ ਉੱਤੇ ਸਵਾਲ — ਜਨਤਾ ਹੁਣ ਜਵਾਬ ਮੰਗਦੀ ਹੈ!



ਸਤਿਕਾਰਯੋਗ ਪੰਜਾਬ ਵਾਸੀਓ, ਮੂਲਨਿਵਾਸੀ ਭਰਾਵੋ ਅਤੇ ਭੈਣੋ!

ਪੰਜਾਬ ਨੂੰ ਨਸ਼ਾ ਮੁਕਤ ਕਰਨ ਦੇ ਦਾਅਵੇ ਕਰਨ ਵਾਲੀ ਭਾਜਪਾ, ਕਾਂਗਰਸ, ਕੇਜਰੀਵਾਲ ਦੀ ਆਮ ਆਦਮੀ ਪਾਰਟੀ ਅਤੇ ਹੋਰ ਰਵਾਇਤੀ ਸਿਆਸੀ ਪਾਰਟੀਆਂ ਦੀਆਂ ਸਰਕਾਰਾਂ ਨੂੰ ਹੁਣ ਜਨਤਾ ਦੇ ਸਵਾਲਾਂ ਦੇ ਜਵਾਬ ਦੇਣੇ ਪੈਣਗੇ। ਪੰਜਾਬ ਦੀ ਜਵਾਨੀ ਨਸ਼ਿਆਂ ਦੀ ਲਪੇਟ ਵਿੱਚ ਕਿਉਂ ਆ ਰਹੀ ਹੈ? ਮਾਵਾਂ ਦੇ ਪੁੱਤ ਨਸ਼ਿਆਂ ਕਾਰਨ ਕਿਉਂ ਮਰ ਰਹੇ ਹਨ? ਨਸ਼ਿਆਂ ਦੀ ਸਪਲਾਈ ਦੇ ਵੱਡੇ ਨੈੱਟਵਰਕ ਨੂੰ ਤੋੜਨ ਵਿੱਚ ਸਰਕਾਰਾਂ ਕਾਮਯਾਬ ਕਿਉਂ ਨਹੀਂ ਹੋ ਰਹੀਆਂ?

ਸਰਹੱਦੀ ਸੁਰੱਖਿਆ ਤੋਂ ਲੈ ਕੇ ਨਸ਼ਾ ਤਸਕਰੀ ਦੇ ਨੈੱਟਵਰਕ ਤੱਕ ਜਵਾਬਦੇਹੀ ਤੈਅ ਹੋਣੀ ਚਾਹੀਦੀ ਹੈ। ਪੰਜਾਬ ਦੀ ਸਰਹੱਦ ਦੇ ਨਾਲ ਬੀਐਸਐਫ ਦੀ ਜ਼ਿੰਮੇਵਾਰੀ ਅਤੇ ਕੇਂਦਰ ਤੇ ਸੂਬਾ ਸਰਕਾਰਾਂ ਦੀਆਂ ਭੂਮਿਕਾਵਾਂ ਬਾਰੇ ਜਨਤਾ ਨੂੰ ਸਪੱਸ਼ਟ ਜਾਣਕਾਰੀ ਦਿੱਤੀ ਜਾਵੇ। ਜੇ ਵੱਡੀ ਮਾਤਰਾ ਵਿੱਚ ਨਸ਼ੇ ਫੜੇ ਜਾਂਦੇ ਹਨ, ਤਾਂ ਇਹ ਵੀ ਦੱਸਿਆ ਜਾਵੇ ਕਿ ਨਸ਼ਾ ਤਸਕਰੀ ਦੇ ਸਰੋਤਾਂ, ਸਪਲਾਈ ਚੇਨ ਅਤੇ ਵੱਡੇ ਦੋਸ਼ੀਆਂ ਵਿਰੁੱਧ ਕੀ ਕਾਰਵਾਈ ਹੋਈ ਹੈ। ਸਿਰਫ਼ ਨਸ਼ੇ ਫੜਨ ਦੇ ਅੰਕੜੇ ਪੇਸ਼ ਕਰਨਾ ਕਾਫ਼ੀ ਨਹੀਂ; ਨਸ਼ਾ ਮੁਕਤ ਪੰਜਾਬ ਬਣਾਉਣਾ ਅਸਲ ਜ਼ਿੰਮੇਵਾਰੀ ਹੈ।

### ਸਿੱਖਿਆ, ਰੁਜ਼ਗਾਰ ਅਤੇ ਸੰਵਿਧਾਨ ਬਾਰੇ ਜਵਾਬ ਦਿਓ!

?? ਸਰਕਾਰੀ ਸਕੂਲਾਂ ਦਾ ਭਵਿੱਖ: ਸਰਕਾਰੀ ਸਕੂਲਾਂ ਨੂੰ ਬੰਦ ਕਰਨ ਜਾਂ ਮਿਲਾਉਣ ਦੀਆਂ ਨੀਤੀਆਂ ਨਾਲ ਗਰੀਬਾਂ ਦੇ ਬੱਚਿਆਂ ਦੀ ਸਿੱਖਿਆ ਉੱਤੇ ਕੀ ਅਸਰ ਪੈ ਰਿਹਾ ਹੈ? ਜਨਤਾ ਨੂੰ ਸਹੀ ਅੰਕੜੇ ਅਤੇ ਸਪੱਸ਼ਟ ਜਵਾਬ ਦਿੱਤੇ ਜਾਣ।

?? ਪੱਕੀਆਂ ਸਰਕਾਰੀ ਨੌਕਰੀਆਂ: ਨੌਜਵਾਨਾਂ ਨੂੰ ਠੇਕੇਦਾਰੀ ਅਤੇ ਅਸਥਾਈ ਰੁਜ਼ਗਾਰ ਦੀ ਬਜਾਏ ਪੱਕੀਆਂ ਨੌਕਰੀਆਂ, ਬਰਾਬਰ ਮੌਕੇ ਅਤੇ ਸੁਰੱਖਿਅਤ ਭਵਿੱਖ ਕਿਉਂ ਨਹੀਂ ਮਿਲ ਰਹੇ?

?? ”73 ਅਤੇ ਵਿਦਿਆਰਥੀਆਂ ਦੇ ਹੱਕ: ਯੂਨੀਵਰਸਿਟੀਆਂ, ਵਿਦਿਆਰਥੀਆਂ ਅਤੇ ਨੌਜਵਾਨਾਂ ਨਾਲ ਜੁੜੇ ਵਿਵਾਦਾਂ ਦਾ ਹੱਲ ਗੱਲਬਾਤ, ਨਿਆਂ ਅਤੇ ਸੰਵਿਧਾਨਕ ਹੱਕਾਂ ਦੀ ਰੱਖਿਆ ਰਾਹੀਂ ਹੋਣਾ ਚਾਹੀਦਾ ਹੈ। ਜੰਤਰ-ਮੰਤਰ ਸਮੇਤ ਕਿਸੇ ਵੀ ਥਾਂ ਸ਼ਾਂਤਮਈ ਪ੍ਰਦਰਸ਼ਨ ਕਰਨ ਵਾਲਿਆਂ ਦੇ ਹੱਕਾਂ ਦਾ ਸਤਿਕਾਰ ਕੀਤਾ ਜਾਵੇ।

?? ਲੋਕਤੰਤਰ ਦੀ ਰੱਖਿਆ: ਚੋਣ ਪ੍ਰਕਿਰਿਆ, ਵੋਟਰ ਸੂਚੀਆਂ ਅਤੇ ਵੋਟਾਂ ਦੀ ਗਿਣਤੀ ਬਾਰੇ ਉੱਠਣ ਵਾਲੇ ਸਵਾਲਾਂ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ। ਲੋਕਤੰਤਰ ਵਿੱਚ ਸੱਤਾ ਲੋਕਾਂ ਦੀ ਵੋਟ ਨਾਲ ਆਉਂਦੀ ਹੈ ਅਤੇ ਲੋਕਾਂ ਪ੍ਰਤੀ ਜਵਾਬਦੇਹ ਰਹਿੰਦੀ ਹੈ।

?? ਸੰਵਿਧਾਨ ਸਭ ਤੋਂ ਉੱਪਰ: ਦੇਸ਼ ਦੀਆਂ ਨੀਤੀਆਂ ਅਜਿਹੀਆਂ ਹੋਣੀਆਂ ਚਾਹੀਦੀਆਂ ਹਨ ਜੋ ਗਰੀਬਾਂ, ਮਜ਼ਦੂਰਾਂ, ਕਿਸਾਨਾਂ, ਦਲਿਤਾਂ, ਪਛੜੇ ਵਰਗਾਂ, ਘੱਟ ਗਿਣਤੀਆਂ ਅਤੇ ਨੌਜਵਾਨਾਂ ਦੇ ਹੱਕਾਂ ਦੀ ਰੱਖਿਆ ਕਰਨ।

### ਹੁਣ ਸਵਾਲ ਇਹ ਹੈ — ਬਦਲਾਅ ਕੌਣ ਲਿਆਵੇਗਾ?

ਮੇਰੇ ਸਤਿਕਾਰਯੋਗ ਪੰਜਾਬ ਵਾਸੀਓ! ਅਸੀਂ ਕਾਂਗਰਸ, ਭਾਜਪਾ ਅਤੇ ਆਮ ਆਦਮੀ ਪਾਰਟੀ ਸਮੇਤ ਵੱਖ-ਵੱਖ ਪਾਰਟੀਆਂ ਦੀਆਂ ਸਰਕਾਰਾਂ ਨੂੰ ਮੌਕੇ ਦੇ ਕੇ ਦੇਖ ਚੁੱਕੇ ਹਾਂ। ਹੁਣ ਸਮਾਂ ਹੈ ਕਿ ਅਸੀਂ ਜਾਤ-ਪਾਤ, ਧਰਮ, ਲਾਲਚ ਅਤੇ ਝੂਠੇ ਵਾਅਦਿਆਂ ਤੋਂ ਉੱਪਰ ਉੱਠ ਕੇ ਸਿੱਖਿਆ, ਸਿਹਤ, ਰੁਜ਼ਗਾਰ, ਸਮਾਜਿਕ ਨਿਆਂ ਅਤੇ ਸੰਵਿਧਾਨਕ ਅਧਿਕਾਰਾਂ ਦੇ ਆਧਾਰ ਉੱਤੇ ਆਪਣਾ ਫ਼ੈਸਲਾ ਕਰੀਏ।

ਬਹੁਜਨ ਸਮਾਜ ਪਾਰਟੀ (ਬਸਪਾ) ਨੂੰ ਇੱਕ ਮੌਕਾ ਦਿਓ!

ਬਸਪਾ ਦੀ ਵਿਚਾਰਧਾਰਾ ਮਹਾਤਮਾ ਜੋਤੀਬਾ ਫੂਲੇ, ਮਾਤਾ ਸਾਵਿਤਰੀਬਾਈ ਫੂਲੇ, ਛੱਤਰਪਤੀ ਸ਼ਾਹੂ ਜੀ ਮਹਾਰਾਜ, ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਅਤੇ ਮਾਨਯੋਗ ਕਾਂਸ਼ੀ ਰਾਮ ਜੀ ਦੇ ਸਮਾਜਿਕ ਨਿਆਂ, ਬਰਾਬਰੀ ਅਤੇ ਬਹੁਜਨ ਮੁਕਤੀ ਦੇ ਸੰਘਰਸ਼ ਤੋਂ ਪ੍ਰੇਰਿਤ ਹੈ।

ਸਾਡਾ ਮਕਸਦ ਅਜਿਹਾ ਸਮਾਜ ਬਣਾਉਣਾ ਹੋਣਾ ਚਾਹੀਦਾ ਹੈ, ਜਿੱਥੇ ਕਿਸੇ ਨਾਲ ਜਾਤ, ਧਰਮ ਜਾਂ ਆਰਥਿਕ ਹਾਲਤ ਦੇ ਆਧਾਰ ਉੱਤੇ ਵਿਤਕਰਾ ਨਾ ਹੋਵੇ; ਹਰ ਬੱਚੇ ਨੂੰ ਚੰਗੀ ਸਿੱਖਿਆ, ਹਰ ਨੌਜਵਾਨ ਨੂੰ ਰੁਜ਼ਗਾਰ ਦੇ ਮੌਕੇ, ਹਰ ਮਰੀਜ਼ ਨੂੰ ਸਿਹਤ ਸਹੂਲਤਾਂ ਅਤੇ ਹਰ ਨਾਗਰਿਕ ਨੂੰ ਇਨਸਾਫ਼ ਮਿਲੇ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਬ-ਸਾਂਝੀਵਾਲਤਾ, ਮਨੁੱਖੀ ਬਰਾਬਰੀ ਅਤੇ ਭਾਈਚਾਰੇ ਦੀਆਂ ਸਿੱਖਿਆਵਾਂ ਦਾ ਸਤਿਕਾਰ ਕਰਦਿਆਂ ਸਾਨੂੰ ਨਫ਼ਰਤ ਦੀ ਰਾਜਨੀਤੀ ਛੱਡ ਕੇ ਮਨੁੱਖਤਾ ਅਤੇ ਸੰਵਿਧਾਨ ਦੇ ਰਾਹ ਉੱਤੇ ਚੱਲਣਾ ਚਾਹੀਦਾ ਹੈ। 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਆਪਣੀ ਵੋਟ ਸੋਚ-ਸਮਝ ਕੇ ਪਾਓ। ਨਸ਼ਾ ਮੁਕਤ ਪੰਜਾਬ, ਰੁਜ਼ਗਾਰਯੁਕਤ ਨੌਜਵਾਨ, ਮਜ਼ਬੂਤ ਸਰਕਾਰੀ ਸਿੱਖਿਆ, ਬਿਹਤਰ ਸਿਹਤ ਸੇਵਾਵਾਂ ਅਤੇ ਸਮਾਜਿਕ ਨਿਆਂ ਲਈ ਬਸਪਾ ਦੀਆਂ ਨੀਤੀਆਂ ਅਤੇ ਉਮੀਦਵਾਰਾਂ ਨੂੰ ਪਰਖੋ ਅਤੇ ਲੋਕ-ਹਿੱਤ ਵਿੱਚ ਫ਼ੈਸਲਾ ਕਰੋ।

ਆਓ, ਲੋਕਤੰਤਰ ਬਚਾਈਏ, ਸੰਵਿਧਾਨ ਮਜ਼ਬੂਤ ਕਰੀਏ ਅਤੇ ਪੰਜਾਬ ਦੇ ਸੁਨਹਿਰੀ ਭਵਿੱਖ ਲਈ ਇਕਜੁੱਟ ਹੋਈਏ!

ਜੈ ਭੀਮ! ਨਮੋ ਬੁੱਧਾਯ! ਜੈ ਭਾਰਤ! ਜੈ ਸੰਵਿਧਾਨ!

**-ਡਾਕਟਰ ਜਗਜੀਵਨ ਸਿੰਘ ਸ਼ੇਰਪੁਰ**
**ਇੰਚਾਰਜ, ਬਸਪਾ, ਜ਼ਿਲ੍ਹਾ ਬਰਨਾਲਾ, ਪੰਜਾਬ।**

ਕਾਮਨਵੈਲਥ ਕਬੱਡੀ ਚੈਂਪੀਅਨਸ਼ਿਪ-2026 ਵਿੱਚ

# ਭਾਰਤ ਦੀ ਨੁਮਾਇੰਦਗੀ ਕਰੇਗੀ ਗੁਰੂ ਕਾਸ਼ੀ ਯੂਨੀਵਰਸਿਟੀ ਦੀ ਖਿਡਾਰਣ ਸਿਮਰਨ ਕੰਬੋਜ



ਪੰਜਾਬ ਦੀ ਇਕਲੌਤੀ ਖਿਡਾਰਣ ਵਜੋਂ ਭਾਰਤੀ ਸੀਨੀਅਰ ਕਬੱਡੀ ਟੀਮ ਵਿੱਚ ਹੋਈ ਚੋਣ

ਤਲਵੰਡੀ ਸਾਬੋ, 22 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਗੁਰੂ ਕਾਸ਼ੀ ਯੂਨੀਵਰਸਿਟੀ ਦੀ ਫੈਕਲਟੀ ਆਫ਼ ਫਿਜ਼ੀਕਲ ਐਜੂਕੇਸ਼ਨ ਦੀ ਵਿਦਿਆਰਥਣ ਸਿਮਰਨ ਕੰਬੋਜ਼ ਦੀ ਕਾਮਨਵੈਲਥ ਕਬੱਡੀ ਚੈਂਪੀਅਨਸ਼ਿਪ-2026 ਲਈ ਭਾਰਤੀ ਸੀਨੀਅਰ ਕਬੱਡੀ ਟੀਮ ਵਿੱਚ ਚੋਣ ਹੋਈ ਹੈ। ਅਹਿਮਦਾਬਾਦ, ਗੁਜਰਾਤ ਵਿਖੇ 23 ਤੋਂ 31 ਅਕਤੂਬਰ ਤੱਕ ਹੋਣ ਵਾਲੀ ਇਸ ਅੰਤਰਰਾਸ਼ਟਰੀ ਚੈਂਪੀਅਨਸ਼ਿਪ ਵਿੱਚ ਸਿਮਰਨ 14 ਮੈਂਬਰੀ ਭਾਰਤੀ ਟੀਮ ਦਾ ਹਿੱਸਾ ਬਣ ਕੇ ਦੇਸ਼ ਦੀ ਨੁਮਾਇੰਦਗੀ ਕਰੇਗੀ। ਇਸ ਪ੍ਰਾਪਤੀ ਨਾਲ ਉਹ ਪੰਜਾਬ ਦੀ ਇਕਲੌਤੀ ਖਿਡਾਰਣ ਬਣ ਗਈ ਹੈ, ਜਿਸ ਦੀ ਚੋਣ ਇਸ ਟੀਮ ਲਈ ਹੋਈ ਹੈ। ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਬਲਰਾਜ ਸਿੰਘ ਨੇ ਸਿਮਰਨ ਨੂੰ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਉਨ੍ਹਾਂ ਉਮੀਦ ਪ੍ਰਗਟਾਈ ਕਿ ਸਿਮਰਨ ਆਪਣੇ ਖੇਡ ਹੁਨਰ ਨਾਲ ਪਰਿਵਾਰ, ਯੂਨੀਵਰਸਿਟੀ ਅਤੇ ਇਲਾਕੇ ਦਾ ਨਾਮ ਅੰਤਰਰਾਸ਼ਟਰੀ ਪੱਧਰ 'ਤੇ ਰੌਸ਼ਨ ਕਰੇਗੀ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਦੇ ਖਿਡਾਰੀਆਂ ਨੇ ਪਹਿਲਾਂ ਵੀ ਅੰਤਰਰਾਸ਼ਟਰੀ ਖੇਡ ਮੁਕਾਬਲਿਆਂ ਵਿੱਚ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਇਆ ਹੈ। ਉਨ੍ਹਾਂ ਖਿਡਾਰਣ ਦੇ ਖੇਡ ਕੌਸ਼ਲ ਨੂੰ ਨਿਖਾਰਨ ਲਈ ਡਾਇਰੈਕਟਰ ਖੇਡਾਂ ਅਤੇ ਕੋਚ ਰਾਮ ਸਿੰਘ ਬਰਾੜ ਵੱਲੋਂ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅੰਤਰਰਾਸ਼ਟਰੀ ਖੇਡਾਂ ਵਿੱਚ ਭਾਰਤੀ ਖਿਡਾਰਣਾਂ ਦੇ ਸ਼ਾਨਦਾਰ ਪ੍ਰਦਰਸ਼ਨ 'ਤੇ ਦੇਸ਼ ਅਤੇ ਯੂਨੀਵਰਸਿਟੀ ਨੂੰ ਮਾਣ ਹੈ ਯੂਨੀਵਰਸਿਟੀ ਵਿੱਚ ਐੱਮ.ਪੀ.ਐੱਡ. ਦੀ ਪੜ੍ਹਾਈ ਕਰ ਰਹੀ 25 ਸਾਲਾ ਸਿਮਰਨ ਕੰਬੋਜ਼ ਬਾਰੇ ਜਾਣਕਾਰੀ ਦਿੰਦਿਆਂ ਖੇਡ ਨਿਰਦੇਸ਼ਕ ਡਾ. ਬਲਵਿੰਦਰ ਸ਼ਰਮਾ ਅਤੇ ਡੀਨ ਡਾ. ਸੁਖਜੀਤ ਸਿੰਘ ਨੇ ਦੱਸਿਆ ਕਿ ਉਹ ਭਾਰਤੀ ਟੀਮ ਵਿੱਚ ਰਾਈਟ ਸਾਈਡ ਰੇਡਰ ਵਜੋਂ ਆਪਣੀ ਭੂਮਿਕਾ ਨਿਭਾਏਗੀ। ਇਸ ਚੈਂਪੀਅਨਸ਼ਿਪ ਦਾ ਆਯੋਜਨ ਅਮੇਚਿਓਰ ਕਬੱਡੀ ਫੈਡਰੇਸ਼ਨ ਆਫ਼ ਇੰਡੀਆ ਵੱਲੋਂ ਕੀਤਾ ਜਾਂਦਾ ਹੈ। ਪਿੰਡ ਪੰਜਾਵਾ, ਲੰਬੀ ਦੀ ਰਹਿਣ ਵਾਲੀ ਸਿਮਰਨ ਕੰਬੋਜ਼ ਦੇ ਪਿਤਾ ਭਾਰਤੀ ਸੈਨਾ ਵਿੱਚੋਂ ਸੂਬੇਦਾਰ ਦੇ ਅਹੁਦੇ ਤੋਂ ਸੇਵਾਮੁਕਤ ਹੋਏ ਹਨ ਅਤੇ ਮੌਜੂਦਾ ਸਮੇਂ ਕਿਸਾਨੀ ਕਰ ਰਹੇ ਹਨ। ਸਿਮਰਨ ਦੀ ਇਸ ਪ੍ਰਾਪਤੀ ਨਾਲ ਉਸ ਦੇ ਪਰਿਵਾਰ ਅਤੇ ਇਲਾਕੇ ਵਿੱਚ ਖ਼ੁਸ਼ੀ ਦਾ ਮਾਹੌਲ ਹੈ।

# ਫ਼ੌਜੀ ਪੁੱਤਰ ਦੇ ਸਸਕਾਰ ਮੌਕੇ ਸਰਕਾਰੀ ਨੁਮਾਇੰਦਿਆਂ ਦੀ ਗੈ.ਰਹਾਜ਼ਰੀ 'ਤੇ ਪੱਤਰਕਾਰ ਹਰਨੇਕ ਸਿੰਘ ਨੇ ਜਤਾਈ ਨਾਰਾਜ਼ਗੀ

## ਆਵਾਰਾ ਸਾਨ੍ਹਾਂ ਦੀ ਭੇੜ ਕਾਰਨ ਸੜਕ ਹਾਦਸੇ ਵਿੱਚ ਹੋਈ ਸੀ ਹਵਾਲਦਾਰ ਸੰਦੀਪ ਸਿੰਘ ਦੀ ਮੌਤ



**ਧੂਰੀ ( ਰਣਜੀਤ ਸਿੰਘ ਪੇਧਨੀ)**-ਆਵਾਰਾ ਸਾਨ੍ਹਾਂ ਦੀ ਭੇੜ ਕਾਰਨ ਸੜਕ ਹਾਦਸੇ ਵਿੱਚ ਜਾਨ ਗੁਆਉਣ ਵਾਲੇ ਭਾਰਤੀ ਫ਼ੌਜ ਦੇ ਹਵਾਲਦਾਰ ਸੰਦੀਪ ਸਿੰਘ (40) ਦੇ ਸਸਕਾਰ ਮੌਕੇ ਮੁੱਖ ਮੰਤਰੀ ਦੇ ਕੈਂਪ ਦਫ਼ਤਰ ਧੂਰੀ ਦੀ ਟੀਮ ਦਾ ਕੋਈ ਨੁਮਾਇੰਦਾ ਨਾ ਪੁੱਜਣ 'ਤੇ ਪੱਤਰਕਾਰ ਹਰਨੇਕ ਸਿੰਘ ਪੇਧਨੀ ਨੇ ਸਖ਼ਤ ਨਾਰਾਜ਼ਗੀ ਪ੍ਰਗਟਾਈ ਹੈ। ਉਨ੍ਹਾਂ ਪੁਲਿਸ ਪ੍ਰਸ਼ਾਸਨ ਦੇ ਕਿਸੇ ਸਮਰੱਥ ਨੁਮਾਇੰਦੇ ਦੀ ਗੈ.ਰਹਾਜ਼ਰੀ 'ਤੇ ਵੀ ਸਵਾਲ ਉਠਾਉਂਦਿਆਂ ਇਸ ਨੂੰ ਅਤੀ ਨਿੰਦਣਯੋਗ ਕਰਾਰ ਦਿੱਤਾ।ਜ਼ਿਕਰਯੋਗ ਹੈ ਕਿ ਹਰਨੇਕ ਸਿੰਘ ਪੇਧਨੀ ਦੇ ਪੁੱਤਰ ਸੰਦੀਪ ਸਿੰਘ ਭਾਰਤੀ ਫ਼ੌਜ ਦੀ 17 ਪੂਨਾ ਹੌਡਸ ਵਿੱਚ ਬਤੌਰ ਹਵਾਲਦਾਰ ਸੇਵਾਵਾਂ ਨਿਭਾ ਰਹੇ ਸਨ ਅਤੇ ਛੁੱਟੀ 'ਤੇ ਘਰ ਆਏ ਹੋਏ ਸਨ। ਉਹ ਆਪਣੇ ਪੁੱਤਰ ਰਵਨੀਤ ਸਿੰਘ ਨਾਲ ਮੋਟਰਸਾਈਕਲ 'ਤੇ ਪਿੰਡ ਵੱਲ ਜਾ ਰਹੇ ਸਨ। ਜਦੋਂ ਉਹ ਧੂਰੀ-ਬਰਨਾਲਾ ਮੁੱਖ ਮਾਰਗ 'ਤੇ ਪਿੰਡ ਕੱਕੜਵਾਲ ਵਿਖੇ ਡੀਏਵੀ ਸਕੂਲ ਨੇੜੇ ਪੁੱਜੇ ਤਾਂ ਇੱਕ ਪਲਾਟ ਵਿੱਚੋਂ ਆਪਸ ਵਿੱਚ ਭਿੜਦੇ ਦੋ ਆਵਾਰਾ ਸਾਨ੍ਹ ਅਚਾਨਕ ਸੜਕ 'ਤੇ ਆ ਗਏ ਅਤੇ ਉਨ੍ਹਾਂ ਦੇ ਮੋਟਰਸਾਈਕਲ ਨਾਲ ਟਕਰਾ ਗਏ। ਹਾਦਸੇ ਵਿੱਚ ਗੰਭੀਰ ਜ਼ਖ਼ਮੀ ਹੋਏ ਸੰਦੀਪ ਸਿੰਘ ਦੀ ਲੁਧਿਆਣਾ ਲਿਜਾਂਦਿਆਂ ਰਸਤੇ ਵਿੱਚ ਮੌਤ ਹੋ ਗਈ।ਪਿੰਡ ਪੇਧਨੀ ਵਿਖੇ ਸੰਦੀਪ ਸਿੰਘ ਦਾ ਅੰਤਿਮ ਸਸਕਾਰ ਸਰਕਾਰੀ ਫ਼ੌਜੀ ਸਨਮਾਨਾਂ ਨਾਲ ਕੀਤਾ ਗਿਆ। ਪੇਧਨੀ ਨੇ ਕਿਹਾ ਕਿ ਦੇਸ਼ ਦੀ ਸੇਵਾ ਕਰਨ ਵਾਲੇ ਫ਼ੌਜੀ ਦੀ ਮੌਤ ਮੌਕੇ ਮੁੱਖ ਮੰਤਰੀ ਦੇ ਕੈਂਪ ਦਫ਼ਤਰ ਦੀ ਟੀਮ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਕੋਈ ਨੁਮਾਇੰਦਾ ਨਾ ਭੇਜਣਾ ਦੁਖਦਾਈ ਹੈ।ਮਰਹੂਮ ਸੰਦੀਪ ਸਿੰਘ ਨਮਿੱਤ ਸ੍ਰੀ ਸਹਿਜ ਪਾਠ ਦੇ ਭੋਗ ਅਤੇ ਅੰਤਿਮ ਅਰਦਾਸ 25 ਅਕਤੂਬਰ ਨੂੰ ਗੁਰਦੁਆਰਾ ਦੇਹਰਾ ਸਾਹਿਬ ਪਾਤਸ਼ਾਹੀ ਛੇਵੀਂ, ਪਿੰਡ ਪੇਧਨੀ ਵਿਖੇ ਦੁਪਹਿਰ 12 ਤੋਂ 1 ਵਜੇ ਤੱਕ ਹੋਵੇਗੀ।

# 2027 ਦੀਆਂ ਵਿਧਾਨ ਸਭਾ ਚੋਣਾਂ ਲਈ ਪ੍ਰਗਟ ਸਿੰਘ ਦੀ ਅਗਵਾਈ 'ਚ ਪੰਜਾਬ ਕਾਂਗਰਸ ਪੂਰੀ ਤਰ੍ਹਾਂ ਇੱਕਜੁੱਟ : ਸੁਭਮ ਸ਼ਰਮਾ ਧੂਰੀ



ਧੂਰੀ ( ਰਣਜੀਤ ਸਿੰਘ ਪੇਧਨੀ ) 2027 ਦੀਆਂ ਵਿਧਾਨ ਸਭਾ ਚੋਣਾਂ ਲਈ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਨਵੇਂ ਬਣੇ ਪ੍ਰਧਾਨ ਪ੍ਰਗਟ ਸਿੰਘ ਦੀ ਅਗਵਾਈ ਹੇਠ ਪੂਰੀ ਪਾਰਟੀ ਦੇ ਆਗੂ ਅਤੇ ਵਰਕਰ ਇੱਕਜੁੱਟ ਲੜਨਗੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਸੁਭਮ ਸ਼ਰਮਾ ਧੂਰੀ ਨੇ ਕੀਤਾ। ਉਨ੍ਹਾਂ ਕਿਹਾ ਕਿ ਕਾਂਗਰਸ ਹਾਈਕਮਾਂਡ ਵੱਲੋਂ ਸ. ਪ੍ਰਗਟ ਸਿੰਘ ਨੂੰ ਪੰਜਾਬ ਦੀ ਕਮਾਨ ਸੌਂਪਣ ਦੇ ਫੈਸਲੇ ਨਾਲ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਆਉਂਦੀਆਂ ਚੋਣਾਂ ਦੌਰਾਨ ਵਿਧਾਨ ਸਭਾ ਹਲਕਾ ਧੂਰੀ 'ਚ ਵਿਰੋਧੀ ਪਾਰਟੀਆਂ ਦਾ ਮੁਕੰਮਲ ਸਫ਼ਾਇਆ ਹੋ ਜਾਵੇਗਾ ਅਤੇ ਕਾਂਗਰਸ ਪਾਰਟੀ ਇੱਥੋਂ ਇੱਕਤਰਫ਼ਾ ਤੇ ਇਤਿਹਾਸਕ ਜਿੱਤ ਦਰਜ ਕਰੇਗੀ। ਉਹਨਾਂ ਕਿਹਾ ਕਿ ਜਦੋਂ ਤੋਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ ਉਸ ਦਿਨ ਤੋਂ ਲੈ ਕੇ ਅੱਜ ਤੱਕ ਪੰਜਾਬ ਵਿੱਚ ਕਤਲੋਗਾਰਤ ਤਿੰਨੋ ਦਿਨ ਵੱਧਦੀ ਜਾ ਰਹੀ ਹੈ। ਉਹਨਾਂ ਕਿਹਾ ਕਿ ਇੱਕ ਪਾਸੇ ਪੰਜਾਬ ਦੀ ਮੌਜੂਦਾ ਸਰਕਾਰ ਨਸ਼ਿਆਂ ਦੇ ਖਿਲਾਫ ਮੁਹਿੰਮ ਚਲਾਉਣ ਦੇ ਝੂਠੇ ਵਾਅਦੇ ਕਰ ਰਹੀ ਹੈ ਅਤੇ ਦੂਜੇ ਪਾਸੇ ਨਸ਼ਿਆਂ ਦੀ ਲੜਾਈ ਲੜਨ ਵਾਲਾ ਨੌਜਵਾਨ ਪਰਮਿੰਦਰ ਸਿੰਘ ਝੋਟਾ ਨੂੰ ਦਿਨ ਦਿਹਾੜੇ ਨਸ਼ੇ ਦੀ ਸੌਦਾਗਰਾਂ ਨੇ ਗੋਲੀ ਮਾਰ ਕੇ ਮੌਤ ਦੀ ਘਾਟ ਉਤਾਰ ਦਿੱਤਾ। ਪਰ ਪਰਿਵਾਰ ਇਨਸਾਫ ਦੀ ਲੜਾਈ ਲਈ ਅੱਜ ਵੀ ਧਰਨੇ ਤੇ ਬੈਠਾ ਹੈ।

# ਕੈਨੇਡਾ ਅੰਦਰ ਭਾਰਤੀ ਕੌਂਸੁਲਰ ਕੈਂਪ ਬੰਦ ਕਰੋ, ਨਹੀਂ ਤਾਂ ਟਕਰਾਅ ਲਈ ਰਹੋ ਤਿਆਰ, ਗੁਰਪਤਵੰਤ ਸਿੰਘ ਪੰਨੂ ਦੀ ਕਾਰਨੇ ਸਰਕਾਰ ਨੂੰ ਲਲਕਾਰ



**ਨਵੀਂ ਦਿੱਲੀ 22 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:-ਕੈਨੇਡਾ ਦੇ ਧਾਰਮਿਕ ਸਥਾਨਾਂ ਵਿੱਚ ਭਾਰਤੀ ਕੌਂਸੁਲਰ ਕੈਂਪਾਂ ਨੂੰ ਲੈ ਕੇ ਤਣਾਅ ਉਸ ਸਮੇਂ ਹੋਰ ਵਧ ਗਿਆ ਹੈ, ਜਦੋਂ ਸਿੱਖਸ ਫਾਰ ਜਸਟਿਸ ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂ ਨੇ ਪ੍ਰਧਾਨ ਮੰਤਰੀ ਮਾਰਕ ਕਾਰਨੇ ਦੀ ਸਰਕਾਰ ਨੂੰ ਤਿੱਖੀ ਚੇਤਾਵਨੀ ਦਿੰਦਿਆਂ ਭਾਰਤੀ ਕੌਂਸੁਲਰ ਕੈਂਪਾਂ ਨੂੰ ਰੋਕਣ ਦੀ ਮੰਗ ਕੀਤੀ ਹੈ। 21 ਅਕਤੂਬਰ ਨੂੰ ਪਬਲਿਕ ਸੇਫਟੀ ਮੰਤਰੀ ਗੈਰੀ ਆਨੰਦਸਾਂਗਰੀ ਅਤੇ ਜਸਟਿਸ ਮੰਤਰੀ ਸੀਨ ਫਰੇਜ਼ਰ ਨੂੰ ਭੇਜੇ ਪੱਤਰ ਵਿੱਚ ਐਸਐਫਜੇ ਨੇ ਦੋਸ਼ ਲਾਇਆ ਕਿ ਅਜਿਹੇ ਕੈਂਪ ਕਥਿਤ ਤੌਰ 'ਤੇ ਨਿਗਰਾਨੀ, ਮੁਖਬਰ ਭਰਤੀ, ਖੁਫੀਆ ਜਾਣਕਾਰੀ ਇਕੱਠੀ ਕਰਨ ਅਤੇ ਟ੍ਰਾਂਸਨੈਸ਼ਨਲ ਦਮਨ ਲਈ ਵਰਤੇ ਜਾ ਸਕਦੇ ਹਨ। ਪੰਨੂ ਨੇ 18 ਜੂਨ 2023 ਨੂੰ ਸਰੀ ਵਿੱਚ ਹਰਦੀਪ ਸਿੰਘ ਨਿੱਝਰ ਦੇ ਕਤਲ ਦਾ ਮੁੱਦਾ ਵੀ ਮੁੜ ਉਠਾਉਂਦਿਆਂ ਕਾਰਨੇ ਸਰਕਾਰ ਤੋਂ ਜਵਾਬਦੇਹੀ ਮੰਗੀ ਹੈ। ਐਸਐਫਜੇ ਨੇ ਦਾਅਵਾ ਕੀਤਾ ਕਿ ਖਾਲਿਸਤਾਨ ਰੈਫਰੈਂਡਮ ਨਾਲ ਜੁੜੇ ਇੰਦਰਜੀਤ ਸਿੰਘ ਗੋਸਲ, ਮਨਜਿੰਦਰ ਸਿੰਘ ਅਤੇ ਨਰਿੰਦਰ ਸਿੰਘ ਰੰਧਾਵਾ ਨੂੰ ਅਜੇ ਵੀ ਜਾਨੀ ਖ਼ਤਰਿਆਂ ਸਬੰਧੀ ਆਰਸੀਐਮਪੀ ਵੱਲੋਂ ਡਿਊਟੀ-ਟੂ-ਵਾਰਨ ਨੋਟਿਸ ਮਿਲ ਰਹੇ ਹਨ। ਐਸਐਫਜੇ ਨੇ 25 ਅਕਤੂਬਰ ਤੋਂ ਸਰੀ ਦੇ ਸ਼੍ਰੀ ਲਕਸ਼ਮੀ ਨਾਰਾਇਣ ਮੰਦਰ ਤੋਂ ਬਰੈਂਪਟਨ ਦੇ ਹਿੰਦੂ ਸਭਾ ਮੰਦਰ ਤੱਕ ਭਾਰਤੀ ਕੌਂਸੁਲਰ ਕੈਂਪਾਂ ਦੇ ਵਿਰੋਧ ਦਾ ਸੱਦਾ ਦਿੱਤਾ ਹੈ। ਪੰਨੂ ਨੇ ਕੈਨੇਡੀਅਨ ਸਿੱਖਾਂ ਨੂੰ ਕਾਨੂੰਨ ਤਹਿਤ ਭਾਰਤੀ ਕੌਂਸੁਲਰ ਅਧਿਕਾਰੀਆਂ ਦੀ "ਸਿਟੀਜ਼ਨਜ਼ ਅਰੈਸਟ" ਕਰਨ ਲਈ ਤਾਲਮੇਲ ਕਰਨ ਦੀ ਅਪੀਲ ਵੀ ਕੀਤੀ ਹੈ। ਉਸ ਨੇ ਮੰਦਰਾਂ ਅਤੇ ਗੁਰਦੁਆਰਿਆਂ ਦੇ ਪ੍ਰਬੰਧਕਾਂ ਨੂੰ ਕਿਹਾ ਕਿ ਧਾਰਮਿਕ ਸਥਾਨਾਂ ਨੂੰ ਕਥਿਤ ਜਾਸੂਸੀ ਅਤੇ ਟ੍ਰਾਂਸਨੈਸ਼ਨਲ ਦਮਨ ਦਾ ਕੇਂਦਰ ਨਾ ਬਣਨ ਦਿੱਤਾ ਜਾਵੇ। 15 ਨਵੰਬਰ ਨੂੰ ਬਰੈਂਪਟਨ ਦੇ ਹਿੰਦੂ ਸਭਾ ਮੰਦਰ ਵਿੱਚ ਮੁੜ ਭਾਰਤੀ ਕੌਂਸੁਲਰ ਕੈਂਪ ਲੱਗਣ ਦੀ ਯੋਜਨਾ ਨੇ ਮਾਮਲੇ ਨੂੰ ਹੋਰ ਭਖਾ ਦਿੱਤਾ ਹੈ।

ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਵਿਖੇ

# ਵਿਸ਼ਵ ਭੋਜਨ ਦਿਵਸ ਉਤਸ਼ਾਹ ਨਾਲ ਮਨਾਇਆ





**ਜੰਡਿਆਲਾ ਗੁਰੂ, 22 ਅਕਤੂਬਰ ( ਕੁਲਵੰਤ ਸਿੰਘ ਵਿਰਦੀ )**-ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ, ਜੰਡਿਆਲਾ ਗੁਰੂ ਵਿਖੇ ਵਿਸ਼ਵ ਭੋਜਨ ਦਿਵਸ 2026 ਬੜੇ ਉਤਸ਼ਾਹ ਅਤੇ ਖੁਸ਼ੀ ਭਰੇ ਮਾਹੌਲ ਵਿੱਚ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਵੱਲੋਂ ਵੱਖ-ਵੱਖ ਦੇਸ਼ਾਂ ਅਤੇ ਖੇਤਰਾਂ ਦੇ ਪਕਵਾਨਾਂ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ ਗਈ।ਸਮਾਗਮ ਦਾ ਮੁੱਖ ਉਦੇਸ਼ ਬੱਚਿਆਂ ਨੂੰ ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ, ਭੋਜਨ ਸੁਰੱਖਿਆ, ਭੋਜਨ ਦੀ ਮਹੱਤਤਾ ਅਤੇ ਵੱਖ-ਵੱਖ ਸੱਭਿਆਚਾਰਾਂ ਪ੍ਰਤੀ ਸਤਿਕਾਰ ਦੀ ਭਾਵਨਾ ਨਾਲ ਜੋੜਨਾ ਸੀ।ਇਸ ਮੌਕੇ ਸਕੂਲ ਵਿੱਚ ਲਗਾਏ ਗਏ ਵੱਖ-ਵੱਖ ਫੂਡ ਕਾਰਨਰ ਵਿਸ਼ੇਸ਼ ਖਿੱਚ ਦਾ ਕੇਂਦਰ ਬਣੇ। ਇਨ੍ਹਾਂ ਵਿੱਚ ਪੰਜਾਬੀ, ਇਤਾਲਵੀ, ਥਾਈ, ਕੋਰੀਅਨ, ਮੈਡੀਟੇਰੀਅਨ ਅਤੇ ਫਿਊਜ਼ਨ ਫੂਡ ਸਮੇਤ ਅਨੇਕਾਂ ਖੇਤਰੀ ਪਕਵਾਨ ਪੇਸ਼ ਕੀਤੇ ਗਏ।ਇਤਾਲਵੀ ਪੀਜ਼ਾ, ਕੋਰੀਅਨ ਕਿਮਬਾਪ, ਮੈਡੀਟੇਰੀਅਨ ਫਲਾਫੇਲ ਅਤੇ ਪੰਜਾਬ ਦੇ ਪ੍ਰਸਿੱਧ ਅੰਮ੍ਰਿਤਸਰੀ ਛੋਲੇ-ਕੁਲਚਿਆਂ ਨੇ ਸਮਾਗਮ ਦੀ ਰੌਣਕ ਨੂੰ ਚਾਰ ਚੰਨ ਲਗਾ ਦਿੱਤੇ। ਇਸ ਗਤੀਵਿਧੀ ਰਾਹੀਂ ਬੱਚਿਆਂ ਨੂੰ ਵਿਸ਼ਵ ਭਰ ਦੇ ਭੋਜਨ ਸੱਭਿਆਚਾਰਾਂ ਬਾਰੇ ਜਾਣਨ ਦਾ ਸੁਨਹਿਰੀ ਮੌਕਾ ਮਿਲਿਆ।ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਗੁਰਦੁਆਰਾ ਬਾਬਾ ਹੁੰਦਲ ਜੀ ਦੇ ਮੁੱਖ ਸੇਵਾਦਾਰ ਬਾਬਾ ਪਰਮਾਨੰਦ ਜੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸਕੂਲ ਪ੍ਰਬੰਧਨ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਬਾਬਾ ਜੀ ਨੇ ਵਿਦਿਆਰਥੀਆਂ ਨੂੰ ਆਪਣੀਆਂ ਅਸੀਸਾਂ ਨਾਲ ਨਿਵਾਜਦਿਆਂ ਉਨ੍ਹਾਂ ਦੀ ਹੌਸਲਾ-ਅਫ਼ਜ਼ਾਈ ਕੀਤੀ। ਉਨ੍ਹਾਂ ਦੀ ਪਵਿੱਤਰ ਹਾਜ਼ਰੀ ਨੇ ਸਮਾਗਮ ਨੂੰ ਹੋਰ ਵੀ ਯਾਦਗਾਰੀ ਅਤੇ ਅਰਥਪੂਰਨ ਬਣਾ ਦਿੱਤਾ। ਇਸ ਮੌਕੇ ਤੇ ਵਿਸ਼ੇਸ਼ ਮਹਿਮਾਨ ਦੇ ਤੌਰ ਤੇ ਸ. ਸਿਮਰਤ ਪਾਲ ਸਿੰਘ ਬੇਦੀ ਜੀ,ਅਰਪਿਤ ਢੀਗਰਾ , ਅਤੇ ਵਿਵੇਕ ਮਹਾਜਨ ਜੀ ਵੀ ਉਚੇਚੇ ਤੌਰ ਤੇ ਸ਼ਾਮਿਲ ਹੋਏ।ਇਸ ਮੌਕੇ ਕਰਵਾਏ ਗਏ ਮੁਕਾਬਲਿਆਂ ਵਿੱਚ ਪਲੇਅ ਪੈਨ ਵਰਗ ਵਿੱਚ ਫਤਿਹਵੀਰ ਸਿੰਘ ਨੇ ਪਹਿਲਾ, ਮਨਰਾਜ ਕੌਰ ਨੇ ਦੂਜਾ ਅਤੇ ਮਨਕੇਹਰ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਐੱਲ.ਕੇ.ਜੀ. ਵਰਗ ਵਿੱਚ ਸਿਰਜਨ ਨੇ ਪਹਿਲਾ, ਅਵਿਕਾ ਨੇ ਦੂਜਾ ਅਤੇ ਨਿਵਾਨ ਨੇ ਤੀਜਾ ਸਥਾਨ ਹਾਸਲ ਕੀਤਾ।

ਯੂ.ਕੇ.ਜੀ. ਵਰਗ ਵਿੱਚ ਅਮਾਨਤ ਅਤੇ ਸ਼ਿਵਜੋਤ ਨੇ ਸਾਂਝੇ ਤੌਰ 'ਤੇ ਪਹਿਲਾ, ਸੁਖਮੀਤ ਕੌਰ ਨੇ ਦੂਜਾ ਅਤੇ ਜੈਸਮੀਨ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਵਰਗ ਵਿੱਚ ਉਸਤਤਬੀਰ ਸਿੰਘ ਦਾ ਨਾਮ ਵੀ ਜੇਤੂਆਂ ਵਿੱਚ ਸ਼ਾਮਲ ਰਿਹਾ।ਪਹਿਲੀ ਜਮਾਤ ਵਿੱਚ ਪਦਮਜੋਤ ਸਿੰਘ ਨੇ ਪਹਿਲਾ, ਗੁਰਲੀਨ ਕੌਰ ਨੇ ਦੂਜਾ ਅਤੇ ਮੈਥਿਲੀ ਨੇ ਤੀਜਾ ਸਥਾਨ ਹਾਸਲ ਕੀਤਾ।ਇਸੇ ਵਰਗ ਵਿੱਚ ਹਰਬਾਜ਼ ਸਿੰਘ ਦਾ ਨਾਮ ਵੀ ਜੇਤੂਆਂ ਵਿੱਚ ਸ਼ਾਮਲ ਰਿਹਾ। ਦੂਜੀ ਜਮਾਤ ਵਿੱਚ ਮਨਸਵੀ ਨੇ ਪਹਿਲਾ, ਗੁਰਫਤਿਹ ਸਿੰਘ ਨੇ ਦੂਜਾ, ਜਦਕਿ ਜੋਰਾਵਰ ਸਿੰਘ ਅਤੇ ਪ੍ਰਣਵ ਦੇ ਨਾਮ ਤੀਜੇ ਸਥਾਨ ਲਈ ਦਰਜ ਕੀਤੇ ਗਏ। ਬੱਚਿਆਂ ਦੇ ਪੇਸ਼ਕਾਰੀ ਦੀ ਮੁਲਾਂਕਣ ਦੀ ਭੂਮਿਕਾ ਪ੍ਰਿੰਸੀਪਲ ਸੰਦੀਪ ਸ਼ਰਮਾ, ਜਸਬੀਰ ਸਿੰਘ ਅਤੇ ਸ੍ਰਿਸ਼ਟੀ ਮੈਮ ਨੇ ਬਾਖੂਬੀ ਨਿਭਾਈ।ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ.ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਵਿਦਿਆਰਥੀਆਂ ਦੀ ਪ੍ਰਤਿਭਾ ਦੀ ਭਰਪੂਰ ਸ਼ਲਾਘਾ ਕਰਦਿਆਂ ਸਮੂਹ ਮਾਪਿਆਂ ਦਾ ਉਨ੍ਹਾਂ ਦੇ ਵਡਮੁੱਲੇ ਸਹਿਯੋਗ ਅਤੇ ਉਤਸ਼ਾਹਪੂਰਨ ਭਾਗੀਦਾਰੀ ਲਈ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਡਾਕਟਰ ਅਮਰਪ੍ਰੀਤ ਕੌਰ ਜੀ ਨੇ ਕਿਹਾ ਕਿ ਅਜਿਹੇ ਸਮਾਗਮ ਬੱਚਿਆਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਇਨ੍ਹਾਂ ਰਾਹੀਂ ਵਿਦਿਆਰਥੀ ਨਾ ਸਿਰਫ਼ ਵੱਖ-ਵੱਖ ਸੱਭਿਆਚਾਰਾਂ ਤੋਂ ਜਾਣੂ ਹੁੰਦੇ ਹਨ, ਸਗੋਂ ਉਨ੍ਹਾਂ ਅੰਦਰ ਸਾਂਝੀਵਾਲਤਾ, ਰਚਨਾਤਮਕਤਾ ਅਤੇ ਭੋਜਨ ਪ੍ਰਤੀ ਸਤਿਕਾਰ ਦੀ ਭਾਵਨਾ ਵੀ ਪੈਦਾ ਹੁੰਦੀ ਹੈ।। ਇਸ ਮੌਕੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ਼੍ਰੀਮਤੀ ਸ਼ਿਲਪਾ ਸ਼ਰਮਾ ਕੋਆਰਡੀਨੇਟਰ ਨੀਲਾਕਸ਼ੀ ਗੁਪਤਾ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।।

**ਵਿਦਿਆਰਥੀਆਂ ਅੰਦਰ ਸਾਂਝੀਵਾਲਤਾ, ਰਚਨਾਤਮਕਤਾ ਅਤੇ ਭੋਜਨ ਪ੍ਰਤੀ ਸਤਿਕਾਰ ਦੀ ਭਾਵਨਾ ਪੈਦਾ ਹੁੰਦੀ ਪ੍ਰਿੰਸੀਪਲ ਡਾਕਟਰ ਅਮਰਪ੍ਰੀਤ ਕੌਰ**

ਆਵਾਜ਼ਿ ਕੌਮ AWAZE QAUM International Newspaper & WEB TV

## ਪੰਜਾਬ ਨੂੰ ਸਖਤ ਫੈਸਲਾ ਲੈਣਾ ਹੋਵੇਗਾ ਕਿ ਉਸਨੂੰ ਉਨਤੀ ਅਤੇ ਖੁਸ਼ਹਾਲੀ ਚਾਹੀਦੀ ਹੈ ਜਾਂ ਵੋਟ ਸਿਆਸਤ ਲਈ ਵੰਡੀ ਜਾਂਦੀ ਖੈਰਾਤ- ਸ ਰਵੀਇੰਦਰ ਸਿੰਘ



**ਚੰਡੀਗੜ੍ਹ, 22 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸਿੱਖ ਵਿਦਵਾਨ ਅਤੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸਰਪ੍ਰਸਤ ਸ ਰਵੀਇੰਦਰ ਸਿੰਘ ਸਾਬਕਾ ਸਪੀਕਰ ਪੰਜਾਬ ਵਿਧਾਨ ਸਭਾ ਨੇ ਇਕ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਨੂੰ ਦਹਾਕਿਆਂ ਤੋਂ ਸਿਆਸੀ ਪਾਰਟੀਆਂ ਨੇ ਵਿਕਾਸ ਨਹੀਂ, ਸਗੋਂ ਮੁਫ਼ਤਖੋਰੀ ਦੇ ਨਸ਼ੇ 'ਤੇ ਲਾ ਰੱਖਿਆ ਹੈ। ਜਿਸਦਾ ਨਤੀਜਾ ਸਭ ਦੇ ਸਾਹਮਣੇ ਹੈ ਕਿ ਇੱਕ ਸਮੇਂ ਭਾਰਤ ਦਾ ਸਭ ਤੋਂ ਅਮੀਰ ਸੂਬਾ ਰਹਿਣ ਵਾਲਾ ਪੰਜਾਬ ਅੱਜ ਬੇਰੁਜ਼ਗਾਰੀ, ਕਰਜ਼ੇ, ਨਸ਼ਿਆਂ ਅਤੇ ਪਲਾਇਨ ਦੀ ਮਾਰ ਹੇਠ ਹੈ। ਉਹਨਾਂ ਕਿਹਾ ਕਿ ਕਾਂਗਰਸ, ਅਕਾਲੀ ਦਲ ਅਤੇ ਹੁਣ ਆਮ ਆਦਮੀ ਪਾਰਟੀ, ਸਭ ਨੇ ਵੋਟਾਂ ਲਈ ਖੈਰਾਤ ਵਾਂਗ ਸਬਸਿਡੀਆਂ ਵੰਡੀਆਂ, ਪਰ ਨੌਜਵਾਨਾਂ ਲਈ ਰੁਜ਼ਗਾਰ ਦੇ ਸਾਧਨ ਨਹੀਂ ਬਣਾਏ, ਕੋਈ ਖੇਤੀ ਆਧਾਰਿਤ ਉਦਯੋਗ ਨਹੀਂ ਲਿਆਂਦੇ ਜਿਸ ਨਾਲ ਪੰਜਾਬ ਨੂੰ ਖੁਸ਼ਹਾਲ ਬਣਾਇਆ ਜਾਂਦਾ। ਏਸੇ ਕਰਕੇ ਅੱਜ ਪੰਜਾਬ ਦਾ ਨੌਜਵਾਨ ਡਿਗਰੀ ਨਹੀਂ, ਵੀਜ਼ਾ ਲੱਭ ਰਿਹਾ ਹੈ। ਕਿਸਾਨ ਖੇਤੀ ਲਾਗਤ ਵਧਣ ਦੇ ਨਾਲ-ਨਾਲ ਧਰਤੀ ਹੇਠਲਾ ਪਾਣੀ ਖ਼ਤਮ ਹੋਣ ਦੀ ਚਿੰਤਾ ਵਿੱਚ ਹੈ। ਪੰਜਾਬ ਦਾ ਖ਼ਜ਼ਾਨਾ ਕਰਜ਼ੇ ਹੇਠ ਦੱਬਿਆ ਪਿਆ ਹੈ। ਜਿਸਦੀਆਂ ਕਿਸ਼ਤਾਂ ਮਿਹਨਤਕਸ਼ ਪੰਜਾਬੀ ਆਪਣੇ 'ਤੇ ਲਗਦੇ ਵੱਡੇ ਟੈਕਸਾਂ ਰਾਹੀਂ ਭਰ ਰਹੇ ਹਨ। ਫਿਰ ਵੀ ਸਰਕਾਰਾਂ ਕੋਲ ਇੱਕੋ ਨੁਸਖ਼ਾ ਹੈ, ਹੋਰ ਮੁਫ਼ਤ ਸਹੂਲਤਾਂ, ਹੋਰ ਕਰਜ਼ਾ ਅਤੇ ਹੋਰ ਝੂਠੇ ਵਾਅਦੇ। ਸ ਰਵੀਇੰਦਰ ਸਿੰਘ ਨੇ ਪੰਜਾਬੀਆਂ ਨੂੰ ਵੰਗਾਰ ਪਾਉਂਦਿਆਂ ਕਿਹਾ ਕਿ ਪੰਜਾਬ ਨੂੰ ਹੁਣ ਫ਼ੈਸਲਾ ਕਰਨਾ ਪਵੇਗਾ ਕਿ ਉਹ ਵਿਕਾਸ ਚਾਹੁੰਦਾ ਹੈ ਜਾਂ ਵੋਟਾਂ ਲਈ ਵੰਡੀਆਂ ਜਾ ਰਹੀਆਂ ਖੈਰਾਤਾਂ। ਜੇ ਅਸੀਂ ਅੱਜ ਵੀ ਨਾ ਜਾਗੇ ਤਾਂ ਆਉਣ ਵਾਲੀਆਂ ਪੀੜ੍ਹੀਆਂ ਸਾਨੂੰ ਕਦੇ ਮਾਫ਼ ਨਹੀਂ ਕਰਨਗੀਆਂ। ਉਹਨਾਂ ਕਿਹਾ ਕਿ 2027 ਵਿੱਚ ਪੰਜਾਬ ਨੂੰ ਨਾਅਰਿਆਂ ਜਾਂ ਖੈਰਾਤਾਂ ਦੇ ਆਧਾਰ 'ਤੇ ਨਹੀਂ, ਨਤੀਜਿਆਂ ਦੇ ਆਧਾਰ 'ਤੇ ਵੋਟ ਪਾਉਣੀ ਹੋਵੇਗੀ। ਅਸੀਂ ਗੁਰੂ ਦੀ ਸ਼ੋਹ ਪ੍ਰਾਪਤ ਧਰਤੀ ਪੰਜਾਬ ਦੇ ਗੈਰਤਮੰਦ ਲੋਕ ਹਾਂ ਜਿੰਨਾ ਨੂੰ ਮੁਫ਼ਤਖੋਰੀ ਨੂੰ ਨਾਂਹ ਕਹਿਕੇ ਬਣਨ ਵਾਲੀ ਸਰਕਾਰ ਤੋਂ ਰੁਜ਼ਗਾਰ ਦੀ ਗਾਰੰਟੀ ਦੀ ਮੰਗ ਕਰਨੀ ਚਾਹੀਦੀ ਹੈ। ਕਿਉਂਕਿ ਸਬਸਿਡੀਆਂ ਸਾਡਾ ਹੀ ਘਾਣ ਨਹੀਂ ਕਰ ਰਹੀਆਂ, ਆਉਣ ਵਾਲੀਆਂ ਪੀੜ੍ਹੀਆਂ ਨੂੰ ਕੰਗਾਲੀ ਅਤੇ ਗੁਲਾਮੀ ਦੇ ਅੰਨ੍ਹੇ ਖੂਹ ਵੱਲ ਧੱਕ ਰਹੀਆਂ ਹਨ। ਇਸ ਲਈ ਲੋਕਾਂ ਦੀ ਮੰਗ ਪੰਜਾਬ ਵਿੱਚ ਪੈਦਾ ਹੁੰਦੇ ਕੱਚੇ ਮਾਲ ਆਧਾਰਿਤ ਉਦਯੋਗ ਹੋਣੀ ਚਾਹੀਦੀ ਹੈ। ਸ ਰਵੀਇੰਦਰ ਸਿੰਘ ਨੇ ਕਿਹਾ ਕਿ ਪੰਜਾਬ ਨੂੰ ਕਰਜ਼ਾ ਨਹੀਂ, ਵਿਕਾਸ ਚਾਹੀਦਾ ਹੈ। ਪੰਜਾਬ ਨੂੰ ਬਚਾਉਣ ਦਾ ਇਹੋ ਇਕੋ-ਇਕ ਰਾਹ ਹੈ। ਪੰਜਾਬ ਦੇ ਭਵਿੱਖ ਲਈ ਚਿੰਤਤ ਹਰ ਪੰਜਾਬੀ ਨੂੰ ਇਸੇ ਤਰਾਂ ਹੀ ਸੋਚਣਾ ਚਾਹੀਦਾ ਹੈ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

## ਬਾਬਾ ਬੁੱਢਾ ਸਾਹਿਬ ਜੀ ਦਾ ਜਨਮ ਦਿਹਾੜਾ 23 ਤਰੀਕ ਨੂੰ ਮਨਾਇਆ ਜਾਵੇਗਾ—ਪ੍ਰਧਾਨ ਭਾਈ ਕੁਲਵੰਤ ਸਿੰਘ



ਫ਼ਿਰੋਜ਼ਪੁਰ, 22 ਅਕਤੂਬਰ (ਮਨੋਹਰ ਲਾਲ) :— ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਰਜਿਸਟਰਡ ਦੀ ਜਨਰਲ ਮੀਟਿੰਗ ਗੁਰਦੁਆਰਾ ਸੰਗਤਸਰ ਸਾਹਿਬ ਵਿਖੇ ਹੋਈ, ਜਿਸ ਵਿੱਚ ਬਾਬਾ ਬੁੱਢਾ ਸਾਹਿਬ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਉਣ ਦਾ ਅਹਿਦ ਲਿਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਆਗੂਆਂ ਨੇ ਦੱਸਿਆ ਕਿ ਬਾਬਾ ਬੁੱਢਾ ਸਾਹਿਬ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ 23 ਅਕਤੂਬਰ ਨੂੰ ਗੁਰਦੁਆਰਾ ਸ੍ਰੀ ਗੁਰੂ ਨਾਨਕ ਦਰਬਾਰ ਪਿੰਡ ਖੁਸ਼ਹਾਲ ਸਿੰਘ ਵਾਲਾ ਰੱਖੜੀ ਵਿਖੇ ਸ਼ਾਮ 5 ਵਜੇ ਤੋਂ 8:30 ਵਜੇ ਤੱਕ ਸਮਾਗਮ ਕਰਵਾਏ ਜਾਣਗੇ, ਜਿਸ ਵਿੱਚ ਸਭਾ ਦੇ ਰਾਗੀ ਸਿੰਘਾਂ ਵੱਲੋਂ ਕੀਰਤਨ ਹੋਵੇਗਾ ਅਤੇ ਭਾਈ ਗੁਰਪ੍ਰੀਤ ਸਿੰਘ ਸੋਲਜਰ ਖਾਲਸਾ ਗੁਰਦੁਆਰਾ ਛਾਉਣੀ ਵਾਲੇ ਕਥਾ ਵਿਚਾਰ ਅਤੇ ਗੁਰ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਗੇ। ਉਨ੍ਹਾਂ ਦੱਸਿਆ ਕਿ ਸਮਾਗਮ ਦੀ ਸਮਾਪਤੀ ਉਪਰੰਤ ਗੁਰੂ ਕਾ ਲੰਗਰ ਅਤੇ ਮਠਿਆਈਆਂ ਅਤੁੱਟ ਵਰਤਾਈਆਂ ਜਾਣਗੀਆਂ। ਇਨ੍ਹਾਂ ਧਾਰਮਿਕ ਸਮਾਗਮਾਂ ਵਿਚ ਸੰਗਤਾਂ ਨੂੰ ਵੱਡੀ ਗਿਣਤੀ ਵਿਚ ਪੁੱਜਣ ਦੀ ਬੇਨਤੀ ਕਰਦਿਆਂ ਭਾਈ ਕੁਲਵੰਤ ਸਿੰਘ ਨੇ ਦੱਸਿਆ ਕਿ ਧਾਰਮਿਕ ਸਮਾਗਮਾਂ ਦੌਰਾਨ ਗੁਰਬਾਣੀ ਸਰਵਣ ਕਰਕੇ ਆਪਣਾ ਜੀਵਨ ਸਫਲ ਕਰੀਏ। ਮੀਟਿੰਗ ਦੌਰਾਨ ਸਭਾ ਪ੍ਰਧਾਨ ਭਾਈ ਕੁਲਵੰਤ ਸਿੰਘ, ਮੀਤ ਪ੍ਰਧਾਨ ਭਾਈ ਕਸ਼ਮੀਰ ਸਿੰਘ, ਚੇਅਰਮੈਨ ਭਾਈ ਅਵਤਾਰ ਸਿੰਘ ਫੌਜੀ ਵਾਈਸ ਚੇਅਰਮੈਨ ਹਰਮੀਤ ਸਿੰਘ, ਸਕੱਤਰ ਭਾਈ ਅੰਮ੍ਰਿਤ ਪ੍ਰੀਤ ਸਿੰਘ ਖਜਾਨਚੀ ਭਾਈ ਬਸੰਤ ਸਿੰਘ, ਭਾਈ ਜਸਪ੍ਰੀਤ ਸਿੰਘ, ਭਾਈ ਹਰਭਜਨ ਸਿੰਘ ਰੱਖੜੀ ,ਭਾਈ ਸੁਖਚੈਨ ਸਿੰਘ, ਭਾਈ ਸਮਰੱਥ ਸਿੰਘ, ਭਾਈ ਸਤਨਾਮ ਸਿੰਘ ਸਾਜਨ ਭਾਈ ਦਰਸ਼ਨ ਸਿੰਘ ਭਾਈ ਕਰਨੈਲ ਸਿੰਘ ਭਾਈ ਮਨਪ੍ਰੀਤ ਸਿੰਘ ਤੋਂ ਇਲਾਵਾ ਕਈ ਹੋਰ ਮੈਂਬਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਦੀਵਾਲੀ/ਗੁਰਪੁਰਬ ਮੌਕੇ ਪਟਾਖਿਆਂ ਦੀ ਵਿਕਰੀ ਸਬੰਧੀ ਆਰਜ਼ੀ ਲਾਈਸੰਸ ਜਾਰੀ

### ਕੇਵਲ ਨਿਰਧਾਰਤ ਥਾਵਾਂ ਉੱਤੇ ਕੀਤੀ ਜਾ ਸਕੇਗੀ ਪਟਾਖਿਆਂ ਦੀ ਵਿਕਰੀ/ਖਰੀਦ

**ਬਰਨਾਲਾ, 22 ਅਕਤੂਬਰ (ਆਵਾਜ਼ਿ ਕੌਮ ਬਿਊਰੋ)**- ਜ਼ਿਲ੍ਹਾ ਬਰਨਾਲਾ ਦੇ ਪਟਾਖੇ ਵੇਚਣ ਵਾਲੇ ਬਿਨੈਕਾਰਾਂ ਨੂੰ ਦੀਵਾਲੀ ਅਤੇ ਹੋਰ ਤਿਓਹਾਰਾਂ ਦੇ ਮੱਦੇਨਜ਼ਰ ਗਰੀਨ ਪਟਾਖਿਆਂ ਦੀ ਵਿਕਰੀ ਸਬੰਧੀ ਆਰਜ਼ੀ ਲਾਈਸੰਸ ਜਾਰੀ ਕਰਨ ਲਈ ਅੱਜ ਡਰਾਅ ਕੱਢੇ ਗਏ। ਜ਼ਿਲਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਬਿਨੈਕਾਰਾਂ ਦੀ ਮੌਜੂਦਗੀ ਵਿੱਚ ਐੱਸ ਡੀ ਐਮ ਤਪਾ ਸ੍ਰੀ ਆਯੂਸ਼ ਗੋਇਲ ਆਈ ਏ ਐੱਸ ਵੱਲੋਂ ਪਾਰਦਰਸ਼ੀ ਢੰਗ ਨਾਲ ਆਰਜ਼ੀ ਲਾਈਸੰਸ ਸਬੰਧੀ ਪਰਚੀ ਕੱਢ ਕੇ ਨਾਵਾਂ ਦਾ ਐਲਾਨ ਕੀਤਾ ਗਿਆ। ਜ਼ਿਲ੍ਹੇ ਭਰ ਵਿਚ ਕੁੱਲ 131 ਅਰਜ਼ੀਆਂ ਪ੍ਰਾਪਤ ਹੋਈਆਂ ਅਤੇ ਇਨ੍ਹਾਂ ਦੇ ਡਰਾਅ ਕੱਢੇ ਗਏ। ਉਨਾਂ ਦੱਸਿਆ ਕਿ ਬਰਨਾਲਾ ਤੋਂ 57, ਮਹਿਲ ਕਲਾਂ ਤੋਂ 69, ਭਦੌੜ ਤੋਂ 5 ਅਰਜ਼ੀਆਂ ਪ੍ਰਾਪਤ ਹੋਈਆਂ।ਇਨ੍ਹਾਂ ਵਿੱਚੋਂ ਪਟਾਖੇ ਵੇਚਣ ਲਈ ਅਲਾਟਮੈਂਟ ਡਰਾਅ ਦੌਰਾਨ ਬਰਨਾਲਾ ਤੋਂ 4, ਭਦੌੜ ਤੋਂ 1ਅਤੇ ਮਹਿਲ ਕਲਾਂ ਤੋਂ 1 ਡਰਾਅ ਕੱਢੇ ਗਏ। ਬਾਕੀ ਥਾਵਾਂ ਤੋਂ ਕੋਈ ਵੀ ਅਰਜ਼ੀ ਨਾ ਮਿਲਣ ਕਾਰਣ ਕੋਈ ਡਰਾਅ ਨਹੀਂ ਕੱਢਿਆ ਗਿਆ। ਐੱਸਡੀਐਮ ਨੇ ਦੱਸਿਆ ਕਿ ਇਸ ਸਾਰੀ ਪ੍ਰਕਿਰਿਆ ਦੀ ਵੀਡਿਓਗ੍ਰਾਫੀ ਕੀਤੀ ਗਈ। ਇਸ ਮੌਕੇ ਉਹਨਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਛੋਟੇ/ਗਰੀਨ ਪਟਾਖਿਆਂ ਦੀ ਖਰੀਦ/ਵੇਚ ਲਈ ਥਾਵਾਂ ਨਿਰਧਾਰਤ ਕੀਤੀਆਂ ਗਈਆਂ ਹਨ ਤੇ ਇਨਾਂ ਥਾਵਾਂ 'ਤੇ ਹੀ ਪਟਾਖਿਆਂ ਦੀ ਖਰੀਦ/ਵੇਚ ਕੀਤੀ ਜਾਵੇ। ਜਾਰੀ ਹੁਕਮਾਂ ਅਨੁਸਾਰ ਜਾਰੀ ਹੁਕਮਾਂ ਅਨੁਸਾਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਗਰੀਨ ਪਟਾਖਿਆਂ ਦੀ ਵੇਚ ਤੇ ਖਰੀਦ ਲਈ ਜ਼ਿਲ੍ਹੇ ਅੰਦਰ ਸਥਾਨ ਨਿਰਧਾਰਤ ਕੀਤੇ ਗਏ ਹਨ। ਬਰਨਾਲਾ ਸ਼ਹਿਰ ਵਿਖੇ 22 ਏਕੜ ਦੇ ਸਾਹਮਣੇ ਪੁਰਾਣਾ ਦੁਸ਼ਹਿਰਾ ਗਰਾਊਂਡ, ਧਨੌਲਾ ਵਿਖੇ ਪੱਕਾ ਬਾਗ ਸਟੇਡੀਅਮ, ਹੰਡਿਆਇਆ ਵਿਖੇ ਦਾਣਾ ਮੰਡੀ ਹੰਡਿਆਇਆ, ਤਪਾ ਵਿਖੇ ਕੱਸੀ ਵਾਲਾ ਗਰਾਊਂਡ, ਸ਼ਿਹਣਾ ਵਿਖੇ ਬੀਬੜੀਆਂ ਮਾਈਆਂ ਦੇ ਮੰਦਰ ਵਾਲੀ ਜਗ੍ਹਾ ਦੇ ਗਰਾਊਂਡ, ਭਦੌੜ ਵਿਖੇ ਪਬਲਿਕ ਸਪੋਰਟਸ ਸਟੇਡੀਅਮ, ਮਹਿਲ ਕਲਾਂ ਵਿਖੇ ਧਨੇਰ-ਛੀਨੀਵਾਲ ਰੋਡ ਚੌਕ 'ਤੇ ਖਾਲੀ ਪਾਰਕ ਵਾਲੀ ਜਗ੍ਹਾ ਵਿਖੇ ਪਟਾਖੇ ਵੇਚੇ ਤੇ ਖਰੀਦੇ ਜਾ ਸਕਣਗੇ। ਬਰਨਾਲਾ ਸ਼ਹਿਰ ਵਿਖੇ 22 ਏਕੜ ਦੇ ਸਾਹਮਣੇ ਪੁਰਾਣਾ ਦੁਸ਼ਹਿਰਾ ਗਰਾਊਂਡ, ਧਨੌਲਾ ਵਿਖੇ ਪੱਕਾ ਬਾਗ ਸਟੇਡੀਅਮ, ਹੰਡਿਆਇਆ ਵਿਖੇ ਦਾਣਾ ਮੰਡੀ ਹੰਡਿਆਇਆ, ਤਪਾ ਵਿਖੇ ਕੱਸੀ ਵਾਲਾ ਗਰਾਊਂਡ, ਸ਼ਿਹਣਾ ਵਿਖੇ ਬੀਬੜੀਆਂ ਮਾਈਆਂ ਦੇ ਮੰਦਰ ਵਾਲੀ ਜਗ੍ਹਾ ਦੇ ਗਰਾਊਂਡ, ਭਦੌੜ ਵਿਖੇ ਪਬਲਿਕ ਸਪੋਰਟਸ ਸਟੇਡੀਅਮ, ਮਹਿਲ ਕਲਾਂ ਵਿਖੇ ਧਨੇਰ-ਛੀਨੀਵਾਲ ਰੋਡ ਚੌਕ 'ਤੇ ਖਾਲੀ ਪਾਰਕ ਵਾਲੀ ਜਗ੍ਹਾ ਵਿਖੇ ਪਟਾਖੇ ਵੇਚੇ ਤੇ ਖਰੀਦੇ ਜਾ ਸਕਣਗੇ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ

# 30ਵਾਂ ਮਹਾਨ ਸੰਤ ਸਮਾਗਮ ਅਤੇ ਗੁਰਗੱਦੀ ਦਿਵਸ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ ਗਿਆ







**ਫ਼ਿਰੋਜ਼ਪੁਰ, 22 ਅਕਤੂਬਰ (ਮਨੋਹਰ ਲਾਲ) :—** ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ 30ਵਾਂ ਮਹਾਨ ਸੰਤ ਸਮਾਗਮ ਅਤੇ ਧੰਨ—ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ ਧਾਰਮਿਕ ਸਮਾਗਮ ਬੜੇ ਹੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਹ ਸਮਾਗਮ ਅਮਰ ਸ਼ਹੀਦ ਬਾਬਾ ਹਿੰਮਤ ਸਿੰਘ ਜੀ ਬਾਠ ਅਤੇ ਭੰਡਾਰਾ ਸੰਤ ਮਹਿਰਾਮ ਦਾਸ ਜੀ ਦੀ ਯਾਦ ਨੂੰ ਸਮਰਪਿਤ ਕਰਵਾਇਆ ਗਿਆ। ਇਸ ਮੌਕੇ ਸਭ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਤੇ ਭੋਗ ਉਪਰੰਤ ਦੀਵਾਨ ਸਜਾਏ ਗਏ। ਸਮਾਗਮ ਦੌਰਾਨ ਬਾਬਾ ਜੀਵਨ ਸਿੰਘ ਬਰਗੀਚੀ ਵਾਲੇ, ਗਿਆਨੀ ਬਲਵਿੰਦਰ ਸਿੰਘ ਗੁਰਦੁਆਰਾ ਜਾਮਨੀ ਸਾਹਿਬ ਬਜੀਦਪੁਰ ਅਤੇ ਭਾਈ ਨਿਰਭਉ ਸਿੰਘ ਪੰਜਗਰਾਈਂ ਵਾਲਿਆਂ ਨੇ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰ ਕੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਬੋਲਦਿਆਂ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਨੇ ਸੰਗਤਾਂ ਨੂੰ ਗੁਰੂ ਘਰ ਨਾਲ ਜੁੜਨ ਦਾ ਸੁਨੇਹਾ ਦਿੱਤਾ।

ਇਸ ਮੌਕੇ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਆਏ ਹੋਏ ਮਹਾਂਪੁਰਸ਼ਾਂ ਦਾ ਧੰਨਵਾਦ ਕੀਤਾ। ਇਸ ਤੋਂ ਇਲਾਵਾ ਸੰਗਤਾਂ ਦਾ ਧੰਨਵਾਦ ਕੀਤਾ ਜਿਹੜੀਆਂ ਦੂਰੋਂ ਨੇੜਿਓਂ ਚੱਲ ਕੇ ਹਾਜ਼ਰੀ ਭਰੀ। ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਨੇ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਵੱਧ ਤੋਂ ਵੱਧ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣੋ ਅਤੇ ਨਸ਼ਿਆਂ ਦਾ ਤਿਆਗ ਕਰੋ ਮੜੀਆਂ ਮਸਾਨਿਆਂ ਦਾ ਮੱਥਾ ਟੇਕਣ ਦੀ ਬਜਾਏ ਕੇਵਲ ਤੇ ਕੇਵਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਣਾ ਚਾਹੀਦਾ ਹੈ। ਇਸ ਮੌਕੇ ਤੇ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਭਾਈ ਹਰਪਿੰਦਰ ਸਿੰਘ ਨੇ ਹੱਥੀ ਸੇਵਾ ਕੀਤੀ। ਸਮਾਗਮਾਂ ਦੌਰਾਨ ਸਟੇਜ ਦੀ ਸੇਵਾ ਭਾਈ ਹਰਜੀਤ ਸਿੰਘ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ।

### ਪੀ.ਐਸ.ਈ.ਬੀ ਇੰਪਲਾਈਜ਼ ਫੈਡਰੇਸ਼ਨ ਨੇ

# ਅੱਜ ਦੂਸਰੇ ਦਿਨ ਕੀਤਾ ਰੋਹ ਮੁਜ਼ਾਹਰਾ



ਫ਼ਿਰੋਜ਼ਪੁਰ, 22 ਅਕਤੂਬਰ (ਮਨੋਹਰ ਲਾਲ) :— ਜੁਆਇੰਟ ਫੋਰਮ ਅਤੇ ਏਕਤਾ ਮੰਚ ਵੱਲੋਂ ਦਿੱਤੀ ਗਈ ਸਾਂਝੀ ਕਾਲ ਤੇ ਪੀ.ਐਸ.ਈ.ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਸ਼ਹਿਰੀ ਮੰਡਲ ਫ਼ਿਰੋਜ਼ਪੁਰ ਅਤੇ ਸਬ ਅਰਬਨ ਮੰਡਲ ਫ਼ਿਰੋਜ਼ਪੁਰ ਦੇ ਬਿਜਲੀ ਮੁਲਾਜ਼ਮਾਂ ਵੱਲੋਂ ਸਰਕਲ ਦਫਤਰ ਮੂਹਰੇ ਮੁਜ਼ਾਹਰਾ ਕਰਦੇ ਹੋਏ ਰੋਸ ਪ੍ਰਦਰਸ਼ਨ ਕੀਤਾ ਗਿਆ। ਅੱਜ ਦੂਸਰੇ ਦਿਨ ਦਾ ਰੋਹ ਮੁਜ਼ਾਹਰਾ ਅਸ਼ਵਨੀ ਕੁਮਾਰ ਪ੍ਰਧਾਨ ਦੀ ਪ੍ਰਧਾਨਗੀ ਹੇਠ ਕੀਤਾ ਗਿਆ, ਜਦੋਂ ਕਿ ਸਟੇਜ ਦੀ ਕਾਰਵਾਈ ਤਰਲੋਚਨ ਸਿੰਘ ਸਰਕਲ ਆਗੂ ਵੱਲੋਂ ਚਲਾਈ ਗਈ। ਇਸ ਧਰਨੇ ਵਿਚ ਨੰਦ ਲਾਲ, ਸਾਹਿਲ ਚਾਵਲਾ, ਰੋਹਿਤ ਦੇਵਗਨ, ਅਮੋਲਕ ਸਿੰਘ, ਰਾਮ ਸੁੱਖ, ਸਤਨਾਮ ਸਿੰਘ, ਮੋਨੂੰ ਨੇ ਬੋਲਦਿਆਂ ਕਿਹਾ ਕਿ ਪੁਰਾਣੀ ਪੈਨਸ਼ਨ ਬਹਾਲ ਕਰਨ ਸਬੰਧੀ, 17.07.2020 ਦਾ ਪੱਤਰ ਰੱਦ ਕਰਕੇ ਸੈਂਟਰ ਗੌਰਮਿੰਟ ਦੇ ਸਕੇਲਾਂ ਦੀ ਥਾਂ ਪੰਜਾਬ ਸਰਕਾਰ ਦੇ ਸਕੇਲ ਲਾਗੂ ਕੀਤੇ ਜਾਣ, ਡੀ.ਏ ਦੀਆਂ ਬਕਾਇਆ ਕਿਸ਼ਤਾਂ ਜਾਰੀ ਕਰਨ ਸਬੰਧੀ, ਕੱਚੇ ਮੁਲਾਜ਼ਮ ਪੱਕੇ ਕੀਤੇ ਜਾਣ, ਠੇਕੇਦਾਰੀ ਸਿਸਟਮ ਬੰਦ ਕਰਕੇ ਰੈਗੂਲਰ ਭਰਤੀ ਕੀਤੀ ਜਾਵੇ। ਮੁਲਾਜ਼ਮ ਆਗੂਆਂ ਨੇ ਕਿਹਾ ਕਿ ਹਰੇਕ ਕੈਟਾਗਿਰੀ ਦੀਆਂ ਖਾਲੀ ਪਈਆਂ ਆਸਾਮੀਆਂ ਤੁਰੰਤ ਭਰੀਆਂ ਜਾਣ, ਮੁਲਾਜ਼ਮਾਂ ਦੇ 2016 ਦੇ ਸੋਧੇ ਸਕੇਲਾਂ ਦੀਆਂ ਤਰੁਟੀਆਂ ਨੂੰ ਦੂਰ ਕਰਕੇ ਬਣਦਾ ਬਕਾਇਆ ਦਿੱਤਾ ਜਾਵੇ, ਕਰਮਚਾਰੀਆਂ ਤੇ ਪੈਨਸ਼ਨਰਾਂ ਦੇ ਮੈਡੀਕਲ ਬਿੱਲਾਂ ਦੀ ਅਦਾਇਗੀ ਸਮੇਂ ਸਿਰ ਕੀਤੀ ਜਾਵੇ। ਆਗੂਆਂ ਨੇ ਮੰਗ ਕੀਤੀ ਕਿ ਜੇਕਰ ਮੰਗਾਂ ਦੀ ਪ੍ਰਾਪਤੀ ਸਮੇਂ ਸਿਰ ਨਾ ਹੋਣ ਤੇ ਮੁਲਾਜ਼ਮ ਤੇ ਪੈਨਸ਼ਨਰ ਹੋਰ ਤਿੱਖਾ ਸੰਘਰਸ਼ ਕਰਨਗੇ, ਜਿਸ ਦੀ ਸਾਰੀ ਜਿੰਮੇਵਾਰੀ ਪਾਵਰਕਾਮ ਮੈਨੇਜਮੈਂਟ ਤੇ ਪੰਜਾਬ ਸਰਕਾਰ ਦੀ ਹੋਵੇਗੀ।

# ਪੰਜਾਬ ਦੀਆਂ ਨੌਕਰੀਆਂ 'ਤੇ ਪੰਜਾਬ ਦੇ ਨੌਜਵਾਨਾਂ ਦੇ ਹੱਕ ਦਾ ਮਤਾ ਲਿਆਵੇ ਮਾਨ ਸਰਕਾਰ—ਜਸਨੂਰ ਸਿੰਘ ਬਰਾੜ



ਫ਼ਿਰੋਜ਼ਪੁਰ, 22 ਅਕਤੂਬਰ (ਮਨੋਹਰ ਲਾਲ) :— ਸਰਕਾਰੀ ਯੂਨੀਵਰਸਿਟੀਆਂ ਤੇ ਕਾਲਜਾਂ ਵਿੱਚ ਸੀਟਾਂ ਵਧਾਉਣ, ਨਿੱਜੀ ਕਾਲਜਾਂ ਦੀਆਂ ਫੀਸਾਂ ਘਟਾਉਣ ਤੇ ਪੰਜਾਬ ਦੇ ਨੌਜਵਾਨਾਂ ਲਈ 90 ਫ਼ੀਸਦੀ ਰਾਖਵਾਂਕਰਨ ਦਾ ਮਤਾ ਲਿਆਉਣ ਦੀ ਸਤਲੁਜ ਸਟੂਡੈਂਟਸ ਆਰਗਨਾਈਜ਼ੇਸ਼ਨ ਮਿਸਲ ਸਤਲੁਜ ਦੇ ਜਨਰਲ ਸਕੱਤਰ ਜਸਨੂਰ ਸਿੰਘ ਬਰਾੜ ਨੇ ਕੀਤੀ ਮੰਗ। ਉਨ੍ਹਾਂ ਭਗਵੰਤ ਮਾਨ ਸਰਕਾਰ ਨੂੰ ਸਵਾਲ ਕਰਦਿਆਂ ਕਿਹਾ ਕਿ ਸਰਕਾਰ ਦੇ ਪੰਜ ਸਾਲਾਂ ਦਾ ਕਾਰਜਕਾਲ ਪੂਰਾ ਹੋਣ ਵੱਲ ਵਧ ਰਿਹਾ ਹੈ, ਪਰ ਪੰਜਾਬ ਦੇ ਵਿਦਿਆਰਥੀਆਂ ਅਤੇ ਨੌਜਵਾਨਾਂ ਦੇ ਭਵਿੱਖ ਨੂੰ ਬਿਹਤਰ ਬਣਾਉਣ ਲਈ ਸਰਕਾਰ ਨੇ ਹੁਣ ਤੱਕ ਕੀ ਠੋਸ ਕਦਮ ਚੁੱਕੇ ਹਨ। ਗੱਲਬਾਤ ਕਰਦਿਆਂ ਜਸਨੂਰ ਸਿੰਘ ਬਰਾੜ ਨੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਨੂੰ ਉੱਚ ਸਿੱਖਿਆ ਹਾਸਲ ਕਰਨ ਲਈ ਕਈ ਤਰ੍ਹਾਂ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ, ਸਰਕਾਰੀ ਯੂਨੀਵਰਸਿਟੀਆਂ ਅਤੇ ਕਾਲਜਾਂ ਵਿੱਚ ਸੀਟਾਂ ਦੀ ਘਾਟ ਅਤੇ ਨਿੱਜੀ ਕਾਲਜਾਂ ਦੀਆਂ ਵੱਧ ਫ਼ੀਸਾਂ ਕਾਰਨ ਬਹੁਤ ਸਾਰੇ ਵਿਦਿਆਰਥੀਆਂ ਲਈ ਉੱਚ ਸਿੱਖਿਆ ਹਾਸਲ ਕਰਨਾ ਔਖਾ ਹੋ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਸੱਚਮੁੱਚ ਪੰਜਾਬ ਦੇ ਨੌਜਵਾਨਾਂ ਦੀ ਭਲਾਈ ਚਾਹੁੰਦੀ ਹੈ ਤਾਂ ਸਰਕਾਰੀ ਯੂਨੀਵਰਸਿਟੀਆਂ ਅਤੇ ਕਾਲਜਾਂ ਵਿੱਚ ਸੀਟਾਂ ਦੀ ਗਿਣਤੀ ਵਧਾਉਣ ਅਤੇ ਨਿੱਜੀ ਕਾਲਜਾਂ ਦੀਆਂ ਫ਼ੀਸਾਂ ਨੂੰ ਵਾਜਬ ਪੱਧਰ ਤੇ ਲਿਆਉਣ ਲਈ ਵਿਧਾਨ ਸਭਾ ਵਿੱਚ ਠੋਸ ਮਤਾ ਲਿਆਉਣਾ ਚਾਹੀਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਨੂੰ ਰੁਜ਼ਗਾਰ ਦੇ ਵਧੇਰੇ ਮੌਕੇ ਮੁਹੱਈਆ ਕਰਵਾਉਣਾ ਸਰਕਾਰ ਦੀ ਮੁੱਖ ਤਰਜੀਹ ਹੋਣੀ ਚਾਹੀਦੀ ਹੈ, ਇਸ ਲਈ ਉਨ੍ਹਾਂ ਨੇ ਪੰਜਾਬ ਵਿੱਚ ਨੌਕਰੀਆਂ ਲਈ ਪੰਜਾਬ ਦੇ ਨੌਜਵਾਨਾਂ ਨੂੰ 90 ਫ਼ੀਸਦੀ ਰਾਖਵਾਂਕਰਨ ਦੇਣ ਸਬੰਧੀ ਮਤਾ ਵਿਧਾਨ ਸਭਾ ਵਿੱਚ ਲਿਆਉਣ ਦੀ ਮੰਗ ਕੀਤੀ ਤਾਂ ਜੋ ਸੂਬੇ ਦੇ ਨੌਜਵਾਨਾਂ ਦੇ ਰੁਜ਼ਗਾਰ ਦੇ ਹਿੱਤਾਂ ਦੀ ਰਾਖੀ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਇਸ ਮੰਗ ਨੂੰ ਲਾਗੂ ਕਰਨ ਲਈ ਸੰਵਿਧਾਨਕ ਅਤੇ ਕਾਨੂੰਨੀ ਪਹਿਲੂਆਂ ਨੂੰ ਧਿਆਨ ਵਿੱਚ ਰੱਖਦਿਆਂ ਠੋਸ ਕਦਮ ਚੁੱਕੇ ਜਾਣੇ ਚਾਹੀਦੇ ਹਨ। ਸ੍ਰੀ ਬਰਾੜ ਨੇ ਕਿਹਾ ਕਿ ਪੰਜਾਬ ਦਾ ਨੌਜਵਾਨ ਅੱਜ ਸਿੱਖਿਆ, ਰੁਜ਼ਗਾਰ ਅਤੇ ਆਪਣੇ ਭਵਿੱਖ ਨੂੰ ਲੈ ਕੇ ਕਈ ਸਵਾਲਾਂ ਦੇ ਜਵਾਬ ਮੰਗ ਰਿਹਾ ਹੈ। ਸਰਕਾਰ ਨੂੰ ਚਾਹੀਦਾ ਹੈ ਕਿ ਉਹ ਸਿਰਫ਼ ਐਲਾਨਾਂ ਤੱਕ ਸੀਮਤ ਨਾ ਰਹੇ, ਸਗੋਂ ਵਿਦਿਆਰਥੀਆਂ ਅਤੇ ਨੌਜਵਾਨਾਂ ਦੇ ਹਿੱਤ ਵਿੱਚ ਜ਼ਮੀਨੀ ਪੱਧਰ ਤੇ ਕੰਮ ਕਰਕੇ ਦਿਖਾਵੇ। ਉਨ੍ਹਾਂ ਕਿਹਾ ਕਿ ਜੇਕਰ ਭਗਵੰਤ ਮਾਨ ਸਰਕਾਰ ਇਨ੍ਹਾਂ ਅਹਿਮ ਮੁੱਦਿਆਂ ਤੇ ਕੋਈ ਠੋਸ ਫ਼ੈਸਲਾ ਨਹੀਂ ਲੈਂਦੀ ਤਾਂ ਪੰਜਾਬ ਦੇ ਲੋਕਾਂ ਵਿੱਚ ਇਹ ਧਾਰਨਾ ਹੋਰ ਮਜ਼ਬੂਤ ਹੋਵੇਗੀ ਕਿ ਸਰਕਾਰ ਪੰਜਾਬ ਦੇ ਹਿੱਤਾਂ ਨਾਲੋਂ ਦਿੱਲੀ ਦੇ ਸਿਆਸੀ ਪ੍ਰਭਾਵ ਨੂੰ ਵਧੇਰੇ ਤਰਜੀਹ ਦੇ ਰਹੀ ਹੈ।

# ਮੀਟਿੰਗ ਵਿੱਚ ਮੁਲਾਜ਼ਮ ਤੇ ਪੈਨਸ਼ਨਰਜ਼ ਦੀਆਂ ਮੰਗਾਂ ਮੰਨਣ ਤੋਂ ਭੱਜਕੇ ਸਰਕਾਰ ਦਾ ਮੁਲਾਜ਼ਮ ਵਿਰੋਧੀ ਚਿਹਰਾ ਹੋਇਆ ਬੇ ਨਿਕਾਬ—ਰਵਿੰਦਰ ਲੂਥਰਾ, ਰਮਨ ਅੱਤਰੀ



**ਫ਼ਿਰੋਜ਼ਪੁਰ, 22 ਅਕਤੂਬਰ (ਮਨੋਹਰ ਲਾਲ) :—** ਤਾਲਮੇਲ ਕਮੇਟੀ ਪੈਰਾਂ ਮੈਡੀਕਲ ਅਤੇ ਸਿਹਤ ਕਰਮਚਾਰੀ ਫਿਰੋਜ਼ਪੁਰ ਵੱਲੋਂ ਰਮਨ ਅੱਤਰੀ ਦੀ ਅਗਵਾਈ ਹੇਠ ਸਿਵਲ ਹਸਪਤਾਲ ਫਿਰੋਜ਼ਪੁਰ ਵਿਖੇ ਵਿਸ਼ਾਲ ਰੈਲੀ ਕੀਤੀ ਗਈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਰਾਕੇਸ਼ ਗਿੱਲ ਤੇ ਵਿਸ਼ਾਲ ਗੁਪਤਾ ਨੇ ਦੱਸਿਆ ਕਿ ਸਰਕਾਰ ਨੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਮੰਨਣ ਦੀ ਬਜਾਏ ਮੀਟਿੰਗ ਵਿੱਚ ਕੋਰਾ ਜਵਾਬ ਦੇ ਦਿੱਤਾ ਹੈ ਜਿਸ ਕਾਰਨ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਸਰਕਾਰ ਖ਼ਿਲਾਫ਼ ਆਰ—ਪਾਰ ਦੀ ਲੜਾਈ ਕਰਨ ਦਾ ਫੈਸਲਾ ਕੀਤਾ ਹੈ। ਰੋਹ ਜ਼ਾਹਿਰ ਕਰਦਿਆਂ ਮਨੋਜ਼ ਗਰੋਵਰ ਨੇ ਕਿਹਾ ਕਿ ਸਰਕਾਰ ਨੇ ਜੋ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨਾਲ ਸੱਤਾ ਵਿਚ ਆਉਣ ਤੋਂ ਪਹਿਲਾਂ ਵਾਅਦੇ ਕੀਤੇ ਸੀ ਉਨ੍ਹਾਂ ਨੂੰ ਲਾਗੂ ਤਾਂ ਕਿ ਕਰਨਾ ਸੀ ਸਗੋਂ ਪਹਿਲਾਂ ਮਿਲ ਰਹੀਆਂ ਸਹੂਲਤਾਂ ਨੂੰ ਵੀ ਖੋਹਣ ਦਾ ਕੰਮ ਕੀਤਾ ਹੈ ਜਿਸ ਕਾਰਨ ਸਮੂਹ ਮੁਲਾਜਮਾਂ ਅਤੇ ਪੈਨਸ਼ਨਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਆਪਣੇ ਸੰਬੋਧਨ ਦੌਰਾਨ ਨਰੇਸ਼ ਗਰਗ ਤੇ ਰਵਿੰਦਰ ਸ਼ਰਮਾ ਨੇ ਕਿਹਾ ਕਿ ਭਵਿੱਖ ਵਿਚ ਸਾਂਝਾ ਮੁਲਾਜ਼ਮ ਮੰਚ ਵੱਲੋਂ ਤਿੱਖੇ ਸੰਘਰਸ਼ ਉਲੀਕੇ ਜਾਣਗੇ ਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ 2027 ਵਿੱਚ ਸਰਕਾਰ ਦਾ ਬਿਸਤਰਾ ਗੋਲ ਕੀਤਾ ਜਾਵੇਗਾ। ਇਸ ਰੈਲੀ ਵਿੱਚ ਸੁਤੰਤਰ ਸਿੰਘ, ਅਰੁਣ ਕੁਮਾਰ, ਡਾ ਲਲਿਤ, ਅਮਰਜੀਤ ਸਿੰਘ, ਜੱਜਬੀਰ ਸਿੰਘ, ਰਾਕੇਸ਼ ਕੰਬੋਜ, ਸੰਦੀਪ ਸਿੰਘ, ਜਗਰੂਪ ਮਸੀਹ, ਵਿਕਟਰ ਮਸੀਹ, ਲਵਪ੍ਰੀਤ ਸਿੰਘ, ਮੁਕੇਸ਼ ਕੁਮਾਰ, ਦੀਪਕ ਰਾਵਤ, ਪਰਵਿੰਦਰ ਸਿੰਘ, ਅਰਸ਼ਦੀਪ, ਤਰਸੇਮ ਪਾਲ, ਸਰਸੇਟਾ ਸ਼ਰਮਾ, ਪਿੰਕੀ ਗਿੱਲ, ਇੰਦਰਜੀਤ ਕੌਰ, ਪਰਮਪਾਲ ਕੌਰ, ਵੀਰਪਾਲ ਕੌਰ, ਸ਼ਿਵਾਨੀ ਸ਼ੁਕਲਾ, ਬੰਦਨਾ ਆਦਿ ਆਗੂ ਹਾਜ਼ਰ ਸਨ। ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਪਹੁੰਚੇ ਸੂਬਾ ਕਨਵੀਨਰ ਰਵਿੰਦਰ ਲੂਥਰਾ ਨੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਅਪੀਲ ਕੀਤੀ ਕਿ ਇਸ ਸਰਕਾਰ ਖ਼ਿਲਾਫ਼ ਆਰ—ਪਾਰ ਦੀ ਲੜਾਈ ਵਿੱਚ ਵੱਡੀ ਗਿਣਤੀ ਵਿਚ ਸ਼ਮੂਲੀਅਤ ਕੀਤੀ ਜਾਵੇ ਤਾਂ ਜੋ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਦਾ ਨਿਪਟਾਰਾ ਕੀਤਾ ਜਾ ਸਕੇ।

# ਵਾਈ. ਐੱਸ. ਸਕੂਲ ਬਰਨਾਲਾ ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰੀ ਸਕੇਟਿੰਗ ਮੁਕਾਬਲਿਆਂ ਵਿੱਚ ਮਾਰੀਆਂ ਮੱਲਾਂ

ਬਰਨਾਲਾ, 22 ਅਕਤੂਬਰ (ਆਵਾਜ਼ਿ ਕੌਮ ਬਿਊਰੋ)–ਵਾਈ. ਐੱਸ. ਸਕੂਲ ਬਰਨਾਲਾ ਲਈ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਸਕੂਲ ਦੇ ਨੰਨ੍ਹੇ ਖਿਡਾਰੀਆਂ ਨੇ ਜ਼ਿਲ੍ਹਾ ਪੱਧਰੀ ਸਕੇਟਿੰਗ ਟੂਰਨਾਮੈਂਟ ਦੇ ਅੰਡਰ–11 ਵਰਗ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ। ਸਕੂਲ ਦੇ ਵਿਦਿਆਰਥੀ ਯੁਵਾਨ ਨੇ ਸੋਨੇ ਦਾ ਤਗਮਾ ਜਿੱਤ ਕੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਮਨਸਾਵਨ ਨੇ ਚਾਂਦੀ ਦਾ ਤਗਮਾ ਜਿੱਤ ਕੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਦੋਵਾਂ ਵਿਦਿਆਰਥੀਆਂ ਦੀ ਇਹ ਪ੍ਰਾਪਤੀ ਉਨ੍ਹਾਂ ਦੀ ਮਿਹਨਤ, ਲਗਨ ਅਤੇ ਖੇਡਾਂ ਪ੍ਰਤੀ ਸਮਰਪਣ ਦਾ ਪ੍ਰਤੀਕ ਹੈ। ਸਕੂਲ ਵੱਲੋਂ ਦੋਵਾਂ ਜੇਤੂ ਵਿਦਿਆਰਥੀਆਂ ਨੂੰ ਇਸ ਸ਼ਾਨਦਾਰ ਸਫਲਤਾ ਲਈ ਵਧਾਈ ਦਿੱਤੀ ਗਈ ਅਤੇ ਉਨ੍ਹਾਂ ਦੇ ਕੋਚਾਂ, ਅਧਿਆਪਕਾਂ ਤੇ ਮਾਪਿਆਂ ਦੇ ਮਾਰਗਦਰਸ਼ਨ ਅਤੇ ਸਹਿਯੋਗ ਦੀ ਸ਼ਲਾਘਾ ਕੀਤੀ ਗਈ। ਇਹ ਪ੍ਰਾਪਤੀ ਵਿਦਿਆਰਥੀਆਂ ਦੀ ਖੇਡ ਪ੍ਰਤਿਭਾ ਨੂੰ ਨਿਖਾਰਨ ਅਤੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਨੂੰ ਉਤਸ਼ਾਹਿਤ ਕਰਨ ਪ੍ਰਤੀ ਵਾਈ. ਐੱਸ. ਸਕੂਲ ਬਰਨਾਲਾ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਸਕੂਲ ਪਰਿਵਾਰ ਵੱਲੋਂ ਦੋਵਾਂ ਨੰਨ੍ਹੇ ਚੈਂਪੀਅਨਾਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਸੁਨਹਿਰੀ ਭਵਿੱਖ ਅਤੇ ਆਉਣ ਵਾਲੇ ਮੁਕਾਬਲਿਆਂ ਵਿੱਚ ਹੋਰ ਸਫਲਤਾਵਾਂ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

ਬਰਿਟਿਸ਼ ਚੈਰਿਟੀ ਦੇ ਨਾਮ

# ਸਾਡੇ ਦੇਸੀ ਢੰਗ ਦੇ ਕੀਤੇ ਜਾ ਰਹੇ ਖਿਲਵਾੜ



ਪਰਮਿੰਦਰ ਸਿੰਘ ਬੱਲ
ਪ੍ਰਧਾਨ ਸਿੱਖ ਫੈਡਰੇਸ਼ਨ ਯੂ .ਕੇ.
Email:psbal46@gmail.com

ਪੱਛਮੀ ਮੁਲਕਾਂ ਖ਼ਾਸ ਕਰਕੇ ਯੂ ਕੇ ਵਿਚ 'ਚੈਰਿਟੀ' ਸੰਸਥਾਵਾਂ ਦੁਆਰਾ ਕੀਤੇ ਪੁੰਨ ਦਾਨ , ਲੋੜਵੰਦਾਂ ਦੀ ਮਦਦ ਕਰਨਾ ਬਹੁਤ ਮਹੱਤਵ ਪੂਰਨ ਹੈ । ਇਸ ਵਿਚ 'ਚੈਰਿਟੀ ' ਕਾਨੂੰਨ ਦਾ ਢਾਂਚਾ ਵੀ ਬਹੁਤ ਸੁਹਿਰਦਤਾ ਨਾਲ ਮਦਦਗਾਰ ਹੈ । ਪਰ ਇਸ ਢਾਂਚੇ ਵਿੱਚ ਅਜੀਬ ਜਿਹਾ ਲੂ - ਪੋਲ ਪੈਦਾ ਕਰਕੇ ਸਾਡੇ ਕਈ ਦੇਸੀ ਢਾਂਚੇ ਇਸ ਦੀ ਦੁਰਵਰਤੋਂ ਰੱਜ ਕੇ ਕਰਦੇ ਹਨ । ਹੁਣ ਜਾਂਚ ਕਰੀਏ ਕਿ ਬਰਿਟਿਸ਼ ਚੈਰਿਟੀ ਸਿੱਧੇ ਤੌਰ ਤੇ ਮਦਦਗਾਰਾਂ ਲਈ ਕੀ ਫ਼ਾਰਮੂਲਾ ਹੈ ? । ਸਮਾਜ ਵਿਚ ਬਹੁਤ ਲੋਕ ਸਰੀਰਕ ਤੌਰ ਤੇ ਪੂਰੇ ਠੀਕ ਨਾ ਹੋਣ ਕਾਰਨ ਉਹਨਾਂ ਨੂੰ ਆਮ ਇੰਡਸਟਰੀ ਵਿਚ ਕੰਮ ਕਰਨ ਵਿਚ ਮੁਸ਼ਕਲਾਂ ਪੈਦਾ ਹੁੰਦੀਆਂ ਹਨ । ਉਹ ਲੋਕ ਕਈ ਧਾਰਾਂਵਾਂ ਵਿਚ ਆਉਂਦੇ ਹਨ । ਅਪਾਹਜ, ਦਿਮਾਗੀ ਪਰੇਸ਼ਾਨੀ, ਕਿਸੇ ਨਾ ਕਿਸੇ ਬੀਮਾਰੀ ਦਾ ਅਸਰ , ਅਖਾਂ , ਕੰਨਾਂ , ਨਿਗਾਹ ਦੀ ਕਮਜ਼ੋਰੀ , ਇਤਿਆਦਿਕ ਅਨੇਕਾਂ ਕਿਸਮ ਦੇ ਲੋਕ ਹਨ । ਹਰ ਪਹਿਚਾਨ ਰੱਖਦੀ ਚੈਰਿਟੀ ਦੀਆਂ ਸੈਂਕੜੇ ਦੁਕਾਨਾਂ ਦੇਸ਼ ਵਿਚ ਹਨ , ਉਹ ਉਪਰੋਕਤ ਲੋੜਵੰਦਾਂ ਨੂੰ ਕੰਮਕਾਰ ਦਿੰਦੇ ਹਨ , ਉਹਨਾਂ ਦੇ ਪਰਿਵਾਰਾਂ ਦਾ ਪਾਲਣ-ਪੋਸਣ ਕਰਦੇ ਹਨ । ਚੈਰਿਟੀ ਤੌਰ ਤੇ ਉਹ ਕਰੋੜਾਂ ਪੌਂ ਡਾਂ ਦੇ ਪੈਸੇ ਇਕੱਠੇ ਕਰਦੇ ਤੇ ਲੋਕਾਈ ਤੇ ਖ਼ਰਚਦੇ ਹਨ । ਉਸ ਵਿਚੋਂ ਉਦਾਹਰਣ ਤੌਰ ਤੇ ਜੋ 100% ਪੈਸਾ ਇਕੱਤਰ ਕਰਦੇ ਤੇ ਜੇਕਰ ਕੋਈ 89/90 % ਲੋਕਾਈ ਕੇ ਖਰਚ ਕੇ ਬਾਕੀ ਫੰਡ ਉਹ ਅੰਤਰਰਾਸ਼ਟਰੀ ਜਾਂ ਕਿਸੇ ਵੀ ਖ਼ਿੱਤੇ ਵਿੱਚ ਦਾਨ ਭੇਜ ਦਿੰਦੇ ਹਨ । ਇਹਨਾਂ ਦਾ ਅਜਿਹਾ ਢਾਂਚਾ ਸਮਿਆਂ ਤੋਂ ਚੱਲਦਾ ਤੇ ਦੁਨੀਆ ਵਿਚ ਕਾਮਯਾਬ ਚੱਲਿਆ ਆ ਰਿਹਾ ਹੈ । ਇਸ ਮੁਲਕ ਦੇ ਗਾਇਕ ਤੇ ਹੋਰ ਮਨੋਰੰਜਨ ਕਲਾਕਾਰ, ਕਿਸੇ ਦੁਖਦਾਈ ਵਾਪਰੀ ਘਟਨਾ ਸਮੇਂ ਪਰਿਵਾਰਾਂ ਤੇ ਸਮਾਜ ਦੀ ਮਦਦ ਲਈ , ਟੈਲੀਵੀਜ਼ਨ ਸਟੇਸ਼ਨਾਂ ਤੇ ਕਰੋੜਾਂ ਪੌਂਡਾ ਦਾ ਫੰਡ ਦੁਖਦਾਈ ਤੇ ਮਦਦਗਾਰਾਂ ਲਈ ਰੱਬੀ ਹੋਂਦ ਬਣ ਕੇ ਦਿੰਦੇ ਹਨ । ਸਾਡੇ ਕੁਝ ਚੈਰਿਟੀਆਂ ਵਾਂਗੂ ਸੇਵਾ, ਸੇਵਾਦਾਰਾਂ ਦੇ ਨਾਮ ਦੀ ਵਰਤੋਂ ਦਾ ਢੌਂਗ ਨਹੀਂ ਕਰਦੇ । ਇਸ ਕਿਸਮ ਦੇ ਚੈਰਿਟੀ ਸਹੂਲਤ ਨੂੰ ਅਸੀਂ ਸਾਡੇ ਦੇਸੀ ਆਪਣਾ ਹੀ ਖਾਣ ਦਾ ਢੰਗ ਬਣਾ ਕੇ , ਸਮਾਜ ਨੂੰ ਬਦਨਾਮ ਕਰ ਰਹੇ ਹਨ । ਕਈ ਕੇਸ ਸਾਹਮਣੇ ਆਏ ਕਿ ਚੈਰਿਟੀ ਦੇ ਨਾਮ ਲੁੱਟ ਕਰਦੇ ਫੜੇ ਗਏ ਤੇ ਜਿਹਲਾਂ ਵਿਚ ਬੰਦ ਹੋਏ । ਇਹ ਖਿਲਵਾੜ ਦਾ ਕੀ ਢੰਗ ਵਰਤਦੇ ਹਨ ? ਜਿੱਥੇ ਪੱਛਮੀ ਵੱਸੋਂ ਦੀਆਂ ਚੈਰਿਟੀਆਂ , ਉਪਰੋਕਤ ਦੱਸੇ ਮੁਤਾਬਿਕ ਅਪਾਹਜ ਤੇ ਲੋੜ ਵੰਦਾਂ ਦੇ ਪਾਲਣ ਪੋਸ਼ਣ ਲਈ ਕਰੋੜਾਂ ਪੌਂਡਾਂ ਦੀ ਇੰਡਸਟਰੀ,ਦੁਕਾਨਾਂ ਕਾਇਮ ਕਰਕੇ , ਬੱਚਤ ਮਾਇਆ ਅੰਤਰਰਾਸ਼ਟਰੀ ਚੈਰਿਟੀ ਵਿਚ ਭੇਜਦੇ ਹਨ। ਸਾਡੇ ਲੋਕ ਉਹੀ 80/90% ਪੈਸਾ ਆਪਣੇ ਹੀ ਪਰਿਵਾਰਾਂ ਨੂੰ ਡਾਇਰੈਕਟ, ਸਕੱਤਰ ਦੀਆਂ ਨੌਕਰੀਆਂ ਬਣਾ ਕੇ ਪੈਸਾ ਆਪਣੇ ਪਰਿਵਾਰਾਂ ਤੇ ਨੀਅਤ ਕੀਤੇ ਨਕਲੀ ਸਟਾਫ ਦੀਆਂ ਜੇਬਾਂ ਭਰਦੇ ਹਨ । ਬਰਿਟਿਸ਼ ਚੈਰਿਟੀ ਦੀ ਰਹਿੰਦੀ ਨਕਲ ਕਰਦੇ ਬਾਕੀ ਦਾ 10/20 % ਕਿਧਰੇ ਸੇਵਾ ਦੇ ਨਾਮ ਹੇਠ , ਆਪਣੇ ਜਾਣਕਾਰ ਭਰਤੀ ਕੀਤੇ , ਪੰਜਾਬ ਜਾਂ ਕਿਧਰੇ ਹੋਰ ਦੇਸ਼ ਵਿੱਚ ਭੇਜਿਆ ਦੱਸ ਕੇ ਲੰਗਰ ਜਾਂ ਪੀੜਤਾਂ ਨੂੰ ਭੇਜ ਕੇ ਅਕਾਉਂਟ ਚੈਰਿਟੀ ਨੂੰ ਭੇਜ ਕੇ , ਚੈਰਿਟੀ ਨੂੰ ਮੂਰਖ ਬਣਾਉਣ ਵਿੱਚ ਕਾਮਯਾਬ ਹੋ ਨਿਕਲਦੇ ਹਨ । ਪਰ ਅਫ਼ਸੋਸ ਇਸ ਗੱਲ ਦਾ ਹੈ ਕਿ , ਪੈਸਾ ਇਕੱਤਰ ਕਰਨ ਸਮੇਂ ਭਾਈ ਘਨਈਆ , ਭਗਤ ਪੂਰਨ ਸਿੰਘ ਦਾ ਰੂਪ ਬਣਨ ਵਿਚ ਕੋਈ ਕਸਰ ਨਹੀਂ ਛੱਡਦੇ । ਸੇਵਾ ਦੇ ਨਾਮ ਅਜਿਹਾ ਹੋਣਾ , ਅਤੇ ਜਦੋ ਪਕੜੇ ਜਾਂਦੇ ਹਨ , ਤਦ ਸਾਹਮਣੇ ਆਉਂਦਾ ਕਿ ਇਹ ਪੰਜਾਬੀ , ਸਿੱਖ ਹਨ , । ਕੁਝ ਦਿਨ ਪਹਿਲਾਂ ਇਕ ਸਿਖ ਚੈਰਿਟੀ ਦੇ ਪੰਜਾਬ ਦੇ ਸਾਰੇ ਸਟਾਫ ਨੇ ਅਸਤੀਫ਼ੇ ਦੇ ਦਿੱਤੇ , ਕਿ ਇਹ ਲੋਕਾਂ ਦੀ ਕੋਈ ਸੇਵਾ ਨਹੀਂ ਕਰ ਰਹੇ । ਉਹਨਾਂ ਦਾ ਕਹਿਣਾ ਹੈ , ਕਿ ਇਹ ਸੇਵਾ ਦੇ ਨਾਮ ਤੇ ਲੁੱਟ ਹੈ । ਆਪਣੇ ਹੀ ਪਰਿਵਾਰਾਂ ਦੇ ਢਿੱਡ ਭਰਦੇ ਹਨ।

ਪਰਗਟ ਸਿੰਘ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਵਿਰੁੱਧ

# ਵਿਸ਼ੇਸ਼ ਅਧਿਕਾਰ ਹਨਨ ਮਤਾ ਪੇਸ਼


ਪਰਗਟ ਸਿੰਘ
ਪ੍ਰਧਾਨ
ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ
Pargat Singh
President
Punjab Pradesh Congress Committee
MLA
Jalandhar Cantt.

5-ਦਸਮੇਸ਼ ਐਵੇਨਿਊ,
ਕੈਂਟ ਰੋਡ, ਮਿੱਠਾਪੁਰ, ਜਲੰਧਰ
5-Dashmesh Avenue,
Cantt Road, Mithapur, Jalandhar
: 9872213513

Ref No. -> PS/Jal/2026/21
Date: 22/10/2026

(Committee of Privileges)

ਚੰਡੀਗੜ੍ਹ, 22 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਪੰਜਾਬ ਕਾਂਗਰਸ ਦੇ ਪ੍ਰਧਾਨ ਅਤੇ ਜਲੰਧਰ ਕੈਂਟ ਤੋਂ ਵਿਧਾਇਕ ਪਰਗਟ ਸਿੰਘ ਨੇ ਮੁੱਖ ਮੰਤਰੀ ਭਗਵੰਤ ਮਾਨ ਵਿਰੁੱਧ

## 2018 ਦੇ ਬੇਅਦਬੀ ਵਿਰੋਧੀ ਬਿੱਲ ਸਬੰਧੀ ਸਦਨ ਨੂੰ ਗੁੰਮਰਾਹ ਕਰਨ ਦਾ ਦੋਸ਼; ਮਾਮਲੇ ਦੀ ਜਾਂਚ ਲਈ ਵਿਸ਼ੇਸ਼ ਅਧਿਕਾਰ ਕਮੇਟੀ ਕੋਲ ਭੇਜਣ ਦੀ ਮੰਗ

ਵਿਸ਼ੇਸ਼ ਅਧਿਕਾਰ ਹਨਨ ਮਤਾ ਪੇਸ਼ ਕੀਤਾ ਹੈ। ਇਹ ਮਤਾ ਪੰਜਾਬ ਵਿਧਾਨ ਸਭਾ ਦੇ ਸਕੱਤਰ ਸ੍ਰੀ ਰਾਮ ਲੋਕ ਖਟਾਣਾ ਰਾਹੀਂ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੂੰ ਸੌਂਪਿਆ ਗਿਆ। 22 ਅਕਤੂਬਰ 2026 ਨੂੰ ਲਿਖੇ ਪੱਤਰ ਵਿੱਚ ਪਰਗਟ ਸਿੰਘ ਨੇ ਦੋਸ਼ ਲਾਇਆ ਕਿ ਮੁੱਖ ਮੰਤਰੀ ਨੇ 2018 ਦੇ ਬੇਅਦਬੀ ਵਿਰੋਧੀ ਬਿੱਲ ਸਬੰਧੀ ਵਿਧਾਨ ਸਭਾ ਵਿੱਚ ਤੱਥਾਂ ਨੂੰ ਸਹੀ ਢੰਗ ਨਾਲ ਪੇਸ਼ ਨਹੀਂ ਕੀਤਾ ਅਤੇ ਸਦਨ ਨੂੰ ਗੁੰਮਰਾਹ ਕੀਤਾ। ਉਨ੍ਹਾਂ ਨੇ ਇਸ ਮਾਮਲੇ ਵਿੱਚ ਵਿਸ਼ੇਸ਼ ਅਧਿਕਾਰ ਹਨਨ ਦੇ ਸਵਾਲ 'ਤੇ ਕਾਰਵਾਈ ਕਰਨ ਦੀ ਮੰਗ ਕੀਤੀ ਹੈ। ਪੱਤਰ ਅਨੁਸਾਰ, 13 ਅਪ੍ਰੈਲ 2026 ਨੂੰ ਵਿਧਾਨ ਸਭਾ ਵਿੱਚ ਬੇਅਦਬੀ ਵਿਰੋਧੀ ਕਾਨੂੰਨ ਸਬੰਧੀ ਚਰਚਾ ਦੌਰਾਨ 2018 ਦੇ ਬਿੱਲ ਬਾਰੇ ਮੁੱਖ ਮੰਤਰੀ ਵੱਲੋਂ ਦਿੱਤੀ ਜਾਣਕਾਰੀ 'ਤੇ ਇਤਰਾਜ਼ ਉਠਾਇਆ ਗਿਆ ਸੀ। ਪਰਗਟ ਸਿੰਘ ਨੇ ਦਾਅਵਾ ਕੀਤਾ ਕਿ 2016 ਅਤੇ 2018 ਦੇ ਬੇਅਦਬੀ ਵਿਰੋਧੀ ਬਿੱਲਾਂ ਦੀ ਪ੍ਰਕਿਰਿਆ ਅਤੇ ਉਨ੍ਹਾਂ ਨਾਲ ਸਬੰਧਤ ਦਸਤਾਵੇਜ਼ਾਂ ਬਾਰੇ ਸਦਨ ਨੂੰ ਸਪੱਸ਼ਟ ਜਾਣਕਾਰੀ ਨਹੀਂ ਦਿੱਤੀ ਗਈ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਦੀ ਮਰਿਆਦਾ ਅਤੇ ਸੰਸਦੀ ਪ੍ਰਕਿਰਿਆ ਦੀ ਪਵਿੱਤਰਤਾ ਕਾਇਮ ਰੱਖਣ ਲਈ ਇਸ ਮਾਮਲੇ ਦੀ ਨਿਰਪੱਖ ਜਾਂਚ ਹੋਣੀ ਜ਼ਰੂਰੀ ਹੈ। ਪੱਤਰ ਵਿੱਚ ਮੰਗ ਕੀਤੀ ਗਈ ਹੈ ਕਿ ਮਾਮਲੇ ਦੀ ਮੁੱਢਲੀ ਜਾਂਚ (Prima Facie Examination) ਕੀਤੀ ਜਾਵੇ ਅਤੇ ਜੇਕਰ ਵਿਸ਼ੇਸ਼ ਅਧਿਕਾਰ ਹਨਨ ਦਾ ਮਾਮਲਾ ਬਣਦਾ ਹੈ ਤਾਂ ਇਸ ਨੂੰ ਵਿਸ਼ੇਸ਼ ਅਧਿਕਾਰ ਕਮੇਟੀ (Committee of Privileges) ਕੋਲ ਭੇਜਿਆ ਜਾਵੇ। ਪਰਗਟ ਸਿੰਘ ਨੇ ਜ਼ੋਰ ਦਿੱਤਾ ਕਿ ਸਦਨ ਨੂੰ ਦਿੱਤੀ ਜਾਣ ਵਾਲੀ ਜਾਣਕਾਰੀ ਤੱਥਾਂ 'ਤੇ ਆਧਾਰਿਤ ਹੋਣੀ ਚਾਹੀਦੀ ਹੈ ਅਤੇ ਲੋਕਾਂ ਦੇ ਚੁਣੇ ਹੋਏ ਨੁਮਾਇੰਦਿਆਂ ਦੀ ਜਵਾਬਦੇਹੀ ਯਕੀਨੀ ਬਣਾਈ ਜਾਣੀ ਚਾਹੀਦੀ ਹੈ। ਹੁਣ ਇਸ ਮਤੇ 'ਤੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਵੱਲੋਂ ਕੀਤੀ ਜਾਣ ਵਾਲੀ ਅਗਲੀ ਕਾਰਵਾਈ ਅਹਿਮ ਰਹੇਗੀ।



# ਇੱਕ ਨਜ਼ਰ...









## ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਐਸ ਈ ਵਿੰਗ 'ਚ ਨਵੀਂਆਂ ਨਿਯੁਕਤੀਆਂ

ਫਤਹਿਗੜ੍ਹ ਸਾਹਿਬ, ਮਾਛੀਵਾੜਾ ਸਾਹਿਬ, 22 ਅਕਤੂਬਰ (ਆਵਾਜ਼ਿ ਕੌਮ ਬਿਊਰੋ)- ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਐਸ ਈ ਵਿੰਗ ਦੇ ਸੂਬਾ ਪ੍ਰਧਾਨ ਹਰਵੇਲ ਸਿੰਘ ਮਾਧੋਪੁਰ ਨੇ ਦੱਸਿਆ ਕਿ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਜੀ ਦੇ ਦਿਸ਼ਾ-ਨਿਰਦੇਸ਼ਾਂ ਤੇ ਪਾਰਟੀ ਦੇ ਐਸ ਈ ਵਿੰਗ ਵਿੱਚ ਰਹਿੰਦੇ 7 ਜਿਲਿਆਂ ਦੇ ਪ੍ਰਧਾਨ ਨਿਯੁਕਤ ਕੀਤੇ ਗਏ ਹਨ। ਜਿਨ੍ਹਾਂ ਵਿੱਚ ਜਿਲਾ ਪਟਿਆਲਾ ਤੋਂ ਗੁਰਤੇਜ ਸਿੰਘ ਊਧਾ, ਸ਼ਹੀਦ ਭਗਤ ਸਿੰਘ ਨਗਰ ( ਨਵਾਂ ਸ਼ਹਿਰ ) ਤੋਂ ਅਮਨਦੀਪ ਸਿੰਘ, ਲੁਧਿਆਣਾ ਸ਼ਹਿਰੀ ਤੋਂ ਚੰਦ ਸਿੰਘ , ਖੰਨਾਂ ਤੋਂ ਨਿਰਮਲ ਸਿੰਘ ਦੀਵਾ , ਸ਼੍ਰੀ ਮੁਕਤਸਰ ਸਾਹਿਬ ਤੋਂ ਬੰਤ ਸਿੰਘ ਚੰਨੂ , ਰੂਪਨਗਰ ( ਰੋਪੜ ) ਤੋਂ ਪ੍ਰਿਤਪਾਲ ਸਿੰਘ ਦੁਮਣਾ , ਤੇ ਜਿਲਾ ਤਰਨਤਾਰਨ ਤੋਂ ਬਲਵਿੰਦਰ ਸਿੰਘ ਨੂੰ ਜਿਲਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਐਸੀ ਈ ਵਿੰਗ ਦੇ ਸੂਬਾ ਪ੍ਰਧਾਨ ਹਰਵੇਲ ਸਿੰਘ ਮਾਧੋਪੁਰ ਨੇ ਦੱਸਿਆ ਕਿ ਜਲਦ ਹੀ ਸਟੇਟ ਕਮੇਟੀ ਦਾ ਐਲਾਨ ਕਰ ਦਿੱਤਾ ਜਾਵੇਗਾ ਤੇ ਜਿਲਾ ਵਾਰ ਮੀਟਿੰਗਾਂ ਕਰਕੇ ਪਾਰਟੀ ਸਰਗਰਮੀਆਂ ਤੇਜ ਕਰ ਦਿੱਤੀਆਂ ਜਾਣਗੀਆਂ।

## ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਲੋੜਵੰਦ ਅਪਹਾਜਾਂ ਨੂੰ ਮਹੀਨਾ ਵਾਰ ਪੈਨਸ਼ਨ ਦੇ ਚੈੱਕ ਵੰਡੇ: ਕੈਪਟਨ ਸਿੱਧੂ



ਬਰਨਾਲਾ, 22 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਸਥਾਨਕ ਗੁਰਦੁਆਰਾ ਬੀਬੀ ਪ੍ਰਧਾਨ ਕੌਰ ਵਿਖੇ ਅੱਜ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਚੇਅਰਮੈਨ ਡਾਕਟਰ ਐਸ ਪੀ ਸਿੰਘ ਉਬਰਾਏ ਦੇ ਦਿਸ਼ਾ ਨਿਰਦੇਸ਼ਾਂ ਹੇਠ 75 ਦੇ ਕਰੀਬ ਲੋੜਵੰਦ ਗਰੀਬ ਅਪਹਾਜਾਂ ਨੂੰ ਮਹੀਨਾਵਾਰ ਪੈਨਸ਼ਨ ਦੇ ਚੈੱਕ ਵੰਡੇ ਗਏ ਇਹ ਜਾਣਕਾਰੀ ਪ੍ਰੈਸ ਦੇ ਨਾ ਜਾਰੀ ਕਰਦਿਆਂ ਟਰਸਟ ਦੇ ਜ਼ਿਲ੍ਹਾ ਪ੍ਰਧਾਨ ਕੈਪਟਨ ਗੁਰਜਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਟਰਸਟ ਹਮੇਸ਼ਾ ਹੀ ਲੋੜਵੰਦ ਗਰੀਬਾਂ ਦੀ ਬਾਂਹ ਫੜਦਾ ਹੈ ਬਹੁਤ ਜਲਦੀ ਹੀ ਇਕ ਸਲਾਈ ਸੈਂਟਰ ਗਰੀਬ ਲੜਕੀਆਂ ਨੂੰ ਕੱਪੜੇ ਸਿਉਣ ਦੀ ਟ੍ਰੇਨਿੰਗ ਦੇਣ ਲਈ ਖੋਲਿਆ ਜਾਵੇਗਾ ਔਰ ਦੋ ਸਕੂਲਾਂ ਦੇ ਵਿੱਚ ਹੈਵੀ ਡਿਊਟੀ ਆਰ ਓ ਸਿਸਟਮ ਭੇਂਟ ਕੀਤੇ ਜਾਣਗੇ ਤਾਂ ਕਿ ਪੜਨ ਵਾਲੇ ਬੱਚਿਆਂ ਨੂੰ ਸਾਫ ਪੀਣ ਵਾਲਾ ਪਾਣੀ ਮੁਹਈਆਂ ਕਰਵਾਇਆ ਜਾ ਸਕੇ। ਉਹਨਾਂ ਦੱਸਿਆ ਕਿ ਇਹਨਾਂ ਲੋੜਵੰਦਾਂ ਨੂੰ ਹਰ ਮਹੀਨੇ 1000 ਰੁਪਈਆ ਪੈਨਸ਼ਨ ਦਿੱਤੀ ਜਾਂਦੀ ਹੈ ਅਤੇ ਜੋ ਕੋਈ ਗਰੀਬ ਜਿਸ ਨੂੰ ਮੈਡੀਕਲ ਸਹਾਇਤਾ ਦੀ ਲੋੜ ਹੁੰਦੀ ਹੈ ਉਹਨਾਂ ਦੀ ਵੀ ਹਰ ਮਹੀਨੇ ਮਦਦ ਕੀਤੀ ਜਾਂਦੀ ਹੈ ਉਹਨਾਂ ਕਿਹਾ ਕਿ ਥੋੜੇ ਦਿਨ ਪਹਿਲਾਂ ਟਰੱਸਟ ਨੇ ਪਿੰਡ ਸਹਿਜੜਾ ਦੇ ਰੋਜੀ ਰੋਟੀ ਕਮਾਉਣ ਗਏ ਨੌਜਵਾਨ ਜਿਸ ਦੀ ਕਿ ਉੱਥੇ ਮੌਤ ਹੋ ਗਈ ਸੀ ਉਸਦੀ ਬਾਡੀ ਉਥੋਂ ਲਿਆ ਕੇ ਵਰਸਾਂ ਦੇ ਹਵਾਲੇ ਕੀਤੀ ਅਤੇ ਸਮੂਹ ਨਗਰ ਨਿਵਾਸੀਆਂ ਨੇ ਟਰੱਸਟ ਦੇ ਚੇਅਰਮੈਨ ਅਤੇ ਪ੍ਰਧਾਨ ਦਾ ਦਿਲੋਂ ਧੰਨਵਾਦ ਕੀਤਾ ਇਸ ਮੌਕੇ ਜਥੇਦਾਰ ਗੁਰਮੀਤ ਸਿੰਘ ਧੌਲਾ ਸੂਬੇਦਾਰ ਰਾਜ ਸਿੰਘ ਖਜਾਨਚੀ ਕੁਲਵਿੰਦਰ ਸਿੰਘ ਕਾਲਾ ਗੁਰਜੰਟ ਸਿੰਘ ਸੋਨਾ ਜਥੇਦਾਰ ਗੁਰਦਰਸ਼ਨ ਸਿੰਘ ਸੋਬੇਦਾਰ ਗੁਰਜੰਟ ਸਿੰਘ ਹੌਲਦਾਰ ਬਸੰਤ ਸਿੰਘ ਗੁਰਦੇਵ ਸਿੰਘ ਮੱਕੜਾ ਗੁਰਦੁਆਰੇ ਦੇ ਮੁੱਖ ਸੇਵਾਦਾਰ ਜਥੇਦਾਰ ਜਸਪਾਲ ਸਿੰਘ ਅਤੇ ਹੋਰ ਸੰਸਥਾ ਦੇ ਮੈਂਬਰ ਹਾਜ਼ਰ ਸਨ। ਉਹਨਾਂ ਦੱਸਿਆ ਕਿ ਇਹਨਾਂ ਲੋੜਵੰਦਾਂ ਨੂੰ ਹਰ ਮਹੀਨੇ 1000 ਰੁਪਈਆ ਪੈਨਸ਼ਨ ਦਿੱਤੀ ਜਾਂਦੀ ਹੈ ਅਤੇ ਜੋ ਕੋਈ ਗਰੀਬ ਜਿਸ ਨੂੰ ਮੈਡੀਕਲ ਸਹਾਇਤਾ ਦੀ ਲੋੜ ਹੁੰਦੀ ਹੈ ਉਹਨਾਂ ਦੀ ਵੀ ਹਰ ਮਹੀਨੇ ਮਦਦ ਕੀਤੀ ਜਾਂਦੀ ਹੈ ਉਹਨਾਂ ਕਿਹਾ ਕਿ ਥੋੜੇ ਦਿਨ ਪਹਿਲਾਂ ਟਰੱਸਟ ਨੇ ਪਿੰਡ ਸਹਿਜੜਾ ਦੇ ਰੋਜੀ ਰੋਟੀ ਕਮਾਉਣ ਗਏ ਨੌਜਵਾਨ ਜਿਸ ਦੀ ਕਿ ਉੱਥੇ ਮੌਤ ਹੋ ਗਈ ਸੀ ਉਸਦੀ ਬਾਡੀ ਉਥੋਂ ਲਿਆ ਕੇ ਵਰਸਾਂ ਦੇ ਹਵਾਲੇ ਕੀਤੀ ਅਤੇ ਸਮੂਹ ਨਗਰ ਨਿਵਾਸੀਆਂ ਨੇ ਟਰੱਸਟ ਦੇ ਚੇਅਰਮੈਨ ਅਤੇ ਪ੍ਰਧਾਨ ਦਾ ਦਿਲੋਂ ਧੰਨਵਾਦ ਕੀਤਾ ਇਸ ਮੌਕੇ ਜਥੇਦਾਰ ਗੁਰਮੀਤ ਸਿੰਘ ਧੌਲਾ ਸੂਬੇਦਾਰ ਰਾਜ ਸਿੰਘ ਖਜਾਨਚੀ ਕੁਲਵਿੰਦਰ ਸਿੰਘ ਕਾਲਾ ਗੁਰਜੰਟ ਸਿੰਘ ਸੋਨਾ ਜਥੇਦਾਰ ਗੁਰਦਰਸ਼ਨ ਸਿੰਘ ਸੋਬੇਦਾਰ ਗੁਰਜੰਟ ਸਿੰਘ ਹੌਲਦਾਰ ਬਸੰਤ ਸਿੰਘ ਗੁਰਦੇਵ ਸਿੰਘ ਮੱਕੜਾ ਗੁਰਦੁਆਰੇ ਦੇ ਮੁੱਖ ਸੇਵਾਦਾਰ ਜਥੇਦਾਰ ਜਸਪਾਲ ਸਿੰਘ ਅਤੇ ਹੋਰ ਸੰਸਥਾ ਦੇ ਮੈਂਬਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਆਵਾਜ਼ਿ ਕੌਮ AWAZE QAUM

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 360ਵੇਂ ਪ੍ਰਕਾਸ਼ ਪੁਰਬ ਨੂੰ ਸ਼ਾਨੋ-ਸ਼ੌਕਤ ਨਾਲ ਮਨਾਉਣ ਦੀਆਂ ਤਿਆਰੀਆਂ ਸ਼ੁਰੂ

# ਤਖ਼ਤ ਪਟਨਾ ਸਾਹਿਬ ਕਮੇਟੀ ਅਤੇ ਪ੍ਰਸ਼ਾਸਨ ਵਿਚਾਲੇ ਉੱਚ ਪੱਧਰੀ ਮੀਟਿੰਗ



ਨਵੀਂ ਦਿੱਲੀ 22 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਦਸਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ 360ਵੇਂ ਪ੍ਰਕਾਸ਼ ਪੁਰਬ ਨੂੰ ਸ਼ਾਨੋ-ਸ਼ੌਕਤ ਅਤੇ ਇਤਿਹਾਸਕ ਢੰਗ ਨਾਲ ਮਨਾਉਣ ਦੀਆਂ ਤਿਆਰੀਆਂ ਸ਼ੁਰੂ ਹੋ ਗਈਆਂ ਹਨ। ਇਸੇ ਸਬੰਧ ਵਿੱਚ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਅਤੇ ਸਥਾਨਕ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀਆਂ ਵਿਚਾਲੇ ਇੱਕ ਉੱਚ ਪੱਧਰੀ ਮੀਟਿੰਗ ਹੋਈ, ਜਿਸ ਵਿੱਚ ਪ੍ਰਕਾਸ਼ ਪੁਰਬ ਦੇ ਆਯੋਜਨ ਅਤੇ ਲੋੜੀਂਦੇ ਪ੍ਰਬੰਧਾਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਵਿੱਚ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਵੱਲੋਂ ਪ੍ਰਧਾਨ ਸਰਦਾਰ ਜਗਜੋਤ ਸਿੰਘ ਸੋਹੀ, ਜਨਰਲ ਸਕੱਤਰ ਸਰਦਾਰ ਇੰਦਰਜੀਤ ਸਿੰਘ ਅਤੇ ਮੀਤ ਪ੍ਰਧਾਨ ਸਰਦਾਰ ਗੁਰਵਿੰਦਰ ਸਿੰਘ ਨੇ ਸ਼ਮੂਲੀਅਤ ਕੀਤੀ।ਇਸ ਮੌਕੇ ਕਮੇਟੀ ਦੇ ਪ੍ਰਧਾਨ ਸਰਦਾਰ ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦਾ 360ਵਾਂ ਪ੍ਰਕਾਸ਼ ਪੁਰਬ ਸਰਕਾਰ, ਪ੍ਰਸ਼ਾਸਨ ਅਤੇ ਦੇਸ਼-ਵਿਦੇਸ਼ ਦੀ ਸੰਗਤ ਦੇ ਸਹਿਯੋਗ ਨਾਲ ਪੂਰੀ ਸ਼ਰਧਾ, ਉਤਸ਼ਾਹ ਅਤੇ ਸ਼ਾਨੋ-ਸ਼ੌਕਤ ਨਾਲ ਮਨਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ 350ਵੇਂ ਪ੍ਰਕਾਸ਼ ਪੁਰਬ ਮੌਕੇ ਇਤਿਹਾਸਕ ਸਮਾਗਮ ਕਰਵਾਏ ਗਏ ਸਨ, ਉਸੇ ਤਰ੍ਹਾਂ 360ਵੇਂ ਪ੍ਰਕਾਸ਼ ਪੁਰਬ ਨੂੰ ਵੀ ਯਾਦਗਾਰੀ ਬਣਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ।ਸਰਦਾਰ ਸੋਹੀ ਨੇ ਦੱਸਿਆ ਕਿ ਪ੍ਰਸ਼ਾਸਨ ਨਾਲ ਅੱਜ ਦੀ ਮੀਟਿੰਗ ਬਹੁਤ ਹੀ ਸੁਖਾਵੇਂ ਅਤੇ ਸਕਾਰਾਤਮਕ ਮਾਹੌਲ ਵਿੱਚ ਹੋਈ।ਮੀਟਿੰਗ ਦੌਰਾਨ ਸਮਾਗਮ ਨਾਲ ਸਬੰਧਤ ਵੱਖ-ਵੱਖ ਪਹਿਲੂਆਂ ਬਾਰੇ ਮੁੱਢਲੀ ਚਰਚਾ ਕੀਤੀ ਗਈ ਅਤੇ ਪ੍ਰਕਾਸ਼ ਪੁਰਬ ਦੇ ਸਫਲ ਆਯੋਜਨ ਲਈ ਆਪਸੀ ਤਾਲਮੇਲ ਅਤੇ ਸਹਿਯੋਗ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਪ੍ਰਸ਼ਾਸਨ ਅਤੇ ਪ੍ਰਬੰਧਕ ਕਮੇਟੀ ਵਿਚਾਲੇ ਹੋਰ ਵੀ ਮੀਟਿੰਗਾਂ ਕੀਤੀਆਂ ਜਾਣਗੀਆਂ, ਜਿਨ੍ਹਾਂ ਵਿੱਚ ਸਮਾਗਮਾਂ ਦੀ ਵਿਸਥਾਰਤ ਰੂਪ-ਰੇਖਾ ਤਿਆਰ ਕੀਤੀ ਜਾਵੇਗੀ। ਇਸ ਦੇ ਨਾਲ ਹੀ ਦੇਸ਼-ਵਿਦੇਸ਼ ਤੋਂ ਆਉਣ ਵਾਲੀ ਸੰਗਤ ਦੀਆਂ ਸਹੂਲਤਾਂ ਅਤੇ ਹੋਰ ਲੋੜੀਂਦੇ ਪ੍ਰਬੰਧਾਂ ਸਬੰਧੀ ਵੀ ਯੋਜਨਾ ਉਲੀਕੀ ਜਾਵੇਗੀ। ਸਰਦਾਰ ਜਗਜੋਤ ਸਿੰਘ ਸੋਹੀ ਨੇ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦਾ ਪ੍ਰਕਾਸ਼ ਪੁਰਬ ਕੇਵਲ ਸਿੱਖ ਸਮਾਜ ਲਈ ਹੀ ਨਹੀਂ, ਸਗੋਂ ਸਮੁੱਚੀ ਮਨੁੱਖਤਾ ਲਈ ਵਿਸ਼ੇਸ਼ ਮਹੱਤਵ ਰੱਖਦਾ ਹੈ।ਗੁਰੂ ਸਾਹਿਬ ਦਾ ਜੀਵਨ ਤਿਆਗ, ਕੁਰਬਾਨੀ, ਬਹਾਦਰੀ, ਬਰਾਬਰੀ ਅਤੇ ਮਨੁੱਖਤਾ ਦੀ ਸੇਵਾ ਦਾ ਅਨਮੋਲ ਸੰਦੇਸ਼ ਦਿੰਦਾ ਹੈ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਸਰਕਾਰ, ਪ੍ਰਸ਼ਾਸਨ, ਪ੍ਰਬੰਧਕ ਕਮੇਟੀ ਅਤੇ ਸੰਗਤ ਦੇ ਸਾਂਝੇ ਯਤਨਾਂ ਸਦਕਾ 360ਵਾਂ ਪ੍ਰਕਾਸ਼ ਪੁਰਬ ਇੱਕ ਇਤਿਹਾਸਕ ਅਤੇ ਯਾਦਗਾਰੀ ਸਮਾਗਮ ਵਜੋਂ ਸੰਪੰਨ ਹੋਵੇਗਾ।

**350ਵੇਂ ਪ੍ਰਕਾਸ਼ ਪੁਰਬ ਦੀ ਤਰਜ਼ 'ਤੇ ਸਰਕਾਰ ਅਤੇ ਸੰਗਤ ਦੇ ਸਹਿਯੋਗ ਨਾਲ ਇਤਿਹਾਸਕ ਸਮਾਗਮ ਕਰਵਾਇਆ ਜਾਵੇਗਾ : ਸਰਦਾਰ ਜਗਜੋਤ ਸਿੰਘ ਸੋਹੀ**

ਆਵਾਜ਼ਿ ਕੌਮ AWAZE QAUM International Newspaper & WEB TV

ਸਾਬਕਾ ਵਿਧਾਇਕ ਸ੍ਰ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੇ ਤਾਰਾਗੜ੍ਹ ਪਿੰਡ ਦਾ ਕੀਤਾ ਦੌਰਾ ਪਹਿਲਾਂ ਬਣੀਆਂ ਬਿਲਡਿੰਗਾਂ ਨੂੰ

# ਰੰਗ ਕਰਕੇ ਨਾਮ ਬਦਲਣਾ ਆਪ ਸਰਕਾਰ ਦੀ ਪ੍ਰਾਪਤੀ : ਡੈਨੀ ਬੰਡਾਲਾ



**ਜੰਡਿਆਲਾ ਗੁਰੂ, 22 ਅਕਤੂਬਰ ( ਕੁਲਵੰਤ ਸਿੰਘ ਵਿਰਦੀ )**-ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਕਾਰਜਕਾਰੀ ਪ੍ਰਧਾਨ ਅਤੇ ਸਾਬਕਾ ਵਿਧਾਇਕ ਸ੍ਰ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੇ ਹਲਕਾ ਜੰਡਿਆਲਾ ਗੁਰੂ ਦੇ ਅਧੀਨ ਆਉਂਦੇ ਪਿੰਡ ਤਾਰਾਗੜ੍ਹ ਦਾ ਦੌਰਾ ਕੀਤਾ ਜਿਥੇ ਕਿ ਖਿਡਾਰੀਆਂ ਦੇ ਇਕ ਛੋਟੇ ਜਿਹੇ ਬੁਲਾਵੇ ਤੇ ਸ੍ਰ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੇ ਖੇਡ ਗਰਾਊਂਡ ਦਾ ਵੀ ਦੌਰਾ ਕੀਤਾ ਅਤੇ ਖਿਡਾਰੀਆਂ ਦੀਆਂ ਮੁਸਕਲਾਂ ਸੁਣੀਆਂ ਇਸ ਮੌਕੇ ਸ੍ਰ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੇ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਦੀ ਸਰਕਾਰ ਕਹਿ ਕਿ ਸੱਤਾ ਵਿੱਚ ਆਈ ਅਤੇ ਆਮ ਆਦਮੀ ਸਰਕਾਰ ਵਲੋਂ ਆਮ ਆਦਮੀ ਨਾਲ ਹੀ ਕੋਝਾ ਮਜਾਕ ਕੀਤਾ ਜਾ ਰਿਹਾ ਹੈ ਸਰਕਾਰ ਤੇ ਤੰਜ ਕੱਸਦਿਆਂ ਹੋਇਆਂ ਕਿਹਾ ਕਿ ਇਸ ਸਰਕਾਰ ਦੀ ਵਧੇਰੇ ਇਹ ਪ੍ਰਾਪਤੀ ਰਹੀ ਹੈ ਕਿ ਪਹਿਲਾਂ ਬਣੀਆਂ ਬਿਲਡਿੰਗਾਂ ਨੂੰ ਰੰਗ ਕਰਕੇ ਸੱਤਾ ਨੂੰ ਚਮਕਾਉਣ ਲਈ ਉਸ ਬਿਲਡਿੰਗ ਦਾ ਨਾਮ ਬਦਲ ਦਿੱਤਾ ਜਾਂਦਾ ਹੈ ਅਤੇ ਆਮ ਆਦਮੀ ਨੂੰ ਤੀਹ ਕਿਲੋ ਮਿਲਣ ਵਾਲੀ ਕਣਕ ਪੰਜ ਕਿਲੋ ਕਰਕੇ ਆਮ ਆਦਮੀ ਨੂੰ ਤੋਹਫਾ ਦਿੱਤਾ ਹੈ ਅੱਗੇ ਡੈਨੀ ਬੰਡਾਲਾ ਨੇ ਕਿਹਾ ਕਿ ਆਏ ਦਿਨ ਪੰਜਾਬ ਦੇ ਨੌਜਵਾਨ ਨਸੇ ਨਾਲ ਮਰ ਰਹੇ ਹਨ ਅਤੇ ਕੁਝ ਦਿਨ ਪਹਿਲਾਂ ਮੇਰੇ ਪਿੰਡ ਬੰਡਾਲਾ ਵਿਖੇ ਲਗਾਤਾਰ ਪੰਜ ਮੌਤਾਂ ਨਸੇ ਨਾਲ ਹੋ ਗਈਆਂ ਅਤੇ ਇਥੋਂ ਤੱਕ ਕਿ ਮਰਨ ਵਾਲੇ ਵਿਅਕਤੀ ਦੇ ਸਰੀਰ ਦੇ ਕਿਸੇ ਨਾ ਕਿਸੇ ਅੰਗ ਵਿੱਚ ਸਰਿੰਜ ਲਗੀ ਹੋਈ ਮਿਲਦੀ ਹੈ ਜਿਥੇ ਕਿ ਪੰਜਾਬ ਨੂੰ ਨਸਾ ਮੁਕਤ ਕਰਨ ਦੇ ਵਾਅਦੇ ਵੀ ਆਮ ਲੋਕਾਂ ਨਾਲ ਕੀਤੇ ਗਏ ਲੇਕਿਨ ਸਰੇਆਮ ਨਸਾ ਲੁਟਾਂ ਖੋਹਾਂ ਫਿਰੌਤੀਆਂ ਦੇ ਲੋਕ ਸਿਕਾਰ ਹੋ ਰਹੇ ਹਨ ਲੇਕਿਨ ਹਲਕਾ ਵਿਧਾਇਕ ਨੂੰ ਕੋਈ ਪ੍ਰਵਾਹ ਨਹੀਂ ਬਾਕੀ ਪੰਜਾਬ ਦੇ ਲੋਕ ਵੀ ਵੋਟ ਪਾ ਕਿ ਪਛਤਾਅ ਰਹੇ ਹਨ ਅੱਗੇ ਡੈਨੀ ਬੰਡਾਲਾ ਨੇ ਨੌਜਵਾਨਾਂ ਨੂੰ ਵਿਸਵਾਸ਼ ਦਿਵਾਉਦਿਆਂ ਹੋਇਆ ਕਿਹਾ ਕਿ ਪੰਜਾਬ ਵਿੱਚ ਆਮ ਕਿਹਾ ਜਾਂਦਾ ਕਿ ਨਵਾਂ ਨੌ ਦਿਨ ਪੁਰਾਣਾ ਸੌ ਦਿਨ ਇਸ ਲਈ 2027 ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਆਉਣ ਤੇ ਪਹਿਲ ਦੇ ਆਧਾਰ ਤੇ ਪਿੰਡ ਤਾਰਾਗੜ੍ਹ ਦੇ ਨੌਜਵਾਨਾਂ ਨੂੰ ਗਰਾਉਂਡ ਵਧੀਆ ਬਣਾ ਕਿ ਦਿੱਤੀ ਜਾਵੇਗੀ ਅਤੇ ਖੇਡਾਂ ਦਾ ਸਮਾਨ ਮੁਹੱਈਆ ਕਰਵਾਇਆ ਜਾਵੇਗਾ ! ਇਸ ਮੌਕੇ ਜਸਵਿੰਦਰ ਸਿੰਘ ਝੰਡ ਬਲਾਕ ਪ੍ਰਧਾਨ ਕਾਂਗਰਸ ਪਾਰਟੀ, ਗੁਰਵਿੰਦਰ ਸਿੰਘ ਸਨੀ, ਜੋਬਨਜੀਤ ਸਿੰਘ, ਦਿਲਜੀਤ ਸਿੰਘ, ਰਣਜੀਤ ਸਿੰਘ ਰਾਣਾ ,ਮੰਗਲ ਸਿੰਘ ਕਬੱਡੀ ਕੋਚ, ਡਾ: ਹਰਪ੍ਰੀਤ ਸਿੰਘ ਪ੍ਰੀਤ ਕ੍ਰਿਕਟ ਖਿਡਾਰੀ ,ਸੀਤਲ ਸਿੰਘ, ਕਾਲਾ ਬਿਜਲੀ ਵਾਲਾ,ਹਰਮਨਪ੍ਰੀਤ ਸਿੰਘ, ਬਲਵਿੰਦਰ ਸਿੰਘ ਬਿੰਦਰ ,ਮਨਪ੍ਰੀਤ ਸਿੰਘ ਮਨੀ , ਦੀਪ ਝੰਡ ਮਾਰਬਲ,ਬਿਕਰਮਜੀਤ ਸਿੰਘ ਬਿੱਕਾ ਜਿੰਮ ਕੋਚ ਹਾਜ਼ਰ ਸਨ!

ਆਵਾਜ਼ਿ ਕੌਮ AWAZE QAUM International Newspaper & WEB TV

# ਬਾਬਾ ਬਿਬੇਕ ਸਿੰਘ ਨੇ ਵਾਰਸ ਪੰਜਾਬ ਪਾਰਟੀ ਨਾਲੋਂ ਨਾਤਾ ਤੋੜਿਆ ਬਣਿਆ ਚਰਚਾ ਦਾ ਵਿਸ਼ਾ ਆਉਣ ਵਾਲੇ ਦਿਨਾਂ ਵਿੱਚ ਹੋਰ ਸੇਵਾਦਾਰ ਕਹਿਣਗੇ ਪਾਰਟੀ ਨੂੰ ਅਲਵਿਦਾ ਸੂਤਰ



**ਜੰਡਿਆਲਾ ਗੁਰੂ, 22 ਅਕਤੂਬਰ ( ਕੁਲਵੰਤ ਸਿੰਘ ਵਿਰਦੀ )** - ਇਲਾਕੇ ਦੇ ਪ੍ਰਸਿੱਧ ਧਾਰਮਿਕ ਸ਼ਖ਼ਸੀਅਤ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਵਲੋਂ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਵੱਲੋਂ ਕੱਢੀ ਗਈ ਖਾਲਸਾ ਵਹੀਰ ਦਾ ਵੱਡੇ ਪੱਧਰ ਤੇ ਸਤਿਕਾਰ ਕੀਤਾ ਗਿਆ ਅਤੇ ਕੁਝ ਸਾਲਾਂ ਤੋਂ ਅਕਾਲੀ ਦਲ ਵਾਰਸ ਪੰਜਾਬ ਦੇ ਪਾਰਟੀ ਹੋਂਦ ਵਿੱਚ ਆਉਣ ਤੇ ਬਾਬਾ ਬਿਬੇਕ ਸਿੰਘ ਵੱਲੋਂ ਨਿਰਸਵਾਰਥ ਜਥੇਬੰਦੀ ਦਾ ਸਹਿਯੋਗ ਵੀ ਦਿੱਤਾ ਅਤੇ ਅੱਗੇ ਲੱਗ ਕਿ ਸੇਵਾਵਾਂ ਨਿਭਾਈਆਂ ਗਈਆਂ ਪਰ ਬੀਤੇ ਕੱਲ੍ਹ ਤੋਂ ਅਚਾਨਕ ਬਾਬਾ ਬਿਬੇਕ ਸਿੰਘ ਵੱਲੋਂ ਅਕਾਲੀ ਦਲ ਵਾਰਿਸ ਪੰਜਾਬ ਦੇ ਅਤੇ ਆਦਿ ਸਿਆਸੀ ਪਾਰਟੀਆਂ ਨਾਲੋਂ ਸਬੰਧ ਤੋੜਨ ਦਾ ਐਲਾਨ ਕੀਤਾ ਹੈ। ਉਨ੍ਹਾਂ ਇਸ ਸਬੰਧੀ ਸੋਸ਼ਲ ਮੀਡੀਆ ਤੇ ਪਾਈ ਇਕ ਪੋਸਟ ਜਾਰੀ ਕਰਕੇ ਕਿਹਾ ਕਿ ਉਹ ਅੱਜ ਤੋਂ ਬਾਅਦ ਕਿਸੇ ਵੀ ਰਾਜਨੀਤਿਕ ਪਾਰਟੀ ਨਾਲ ਸਬੰਧ ਨਹੀਂ ਰੱਖਣਗੇ ।ਬਾਬਾ ਬਿਬੇਕ ਸਿੰਘ ਨੂੰ ਸੰਤ ਸਮਾਜ ਵੱਲੋਂ ਹੁਕਮ ਲਗਣ ਤੋਂ ਬਾਅਦ ਇਹ ਮਹਿਸੂਸ ਕੀਤਾ ਹੈ ਕਿ ਮੇਰਾ ਅਸਲੀ ਰਸਤਾ ਰਾਜਨੀਤੀ ਨਹੀਂ, ਸਗੋਂ ਗੁਰੂ ਘਰ ਦੀ ਸੇਵਾ ਹੈ।ਉਨ੍ਹਾਂ ਕਿਹਾ ਹੁਣ ਮੇਰਾ ਇੱਕੋ ਇੱਕ ਮਕਸਦ ਹੈ ਗੁਰੂ ਨਾਨਕ ਨਾਮ ਲੇਵਾ ਸੰਗਤ ਦੀ ਨਿਸ਼ਕਾਮ ਸੇਵਾ ਕਰਨਾ। ਮੈਂ ਗੁਰੂ ਨਾਨਕ ਦੇਵ ਜੀ ਦੇ ਦੱਸੇ ਹੋਏ ਮਾਰਗ ਨਾਮ ਜਪੋ, ਕਿਰਤ ਕਰੋ, ਵੰਡ ਛਕੋ 'ਤੇ ਚੱਲ ਕੇ ਸੰਗਤ ਦੀ ਸੇਵਾ ਕਰਾਂਗਾ ਅਤੇ ਨੌਜਵਾਨਾਂ ਨੂੰ ਗੁਰਬਾਣੀ ਨਾਲ ਜੋੜਨ ਦਾ ਯਤਨ ਕਰਾਂਗਾ ।ਬਾਬਾ ਜੀ ਨੇ ਸਪੱਸ਼ਟ ਕੀਤਾ ਕਿ ਉਨ੍ਹਾਂ ਦਾ ਕਿਸੇ ਵੀ ਸਿਆਸੀ ਪਾਰਟੀ ਨਾਲ ਕੋਈ ਲੈਣਾ-ਦੇਣਾ ਨਹੀਂ ਹੈ ਅਤੇ ਉਹ ਭਵਿੱਖ ਵਿੱਚ ਸਿਰਫ਼ ਧਾਰਮਿਕ ਅਤੇ ਸਮਾਜ ਸੇਵੀ ਕੰਮਾਂ ਤੱਕ ਹੀ ਸੀਮਤ ਰਹਿਣਗੇ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਉਨ੍ਹਾਂ ਨੂੰ ਕਿਸੇ ਵੀ ਸਿਆਸੀ ਪਾਰਟੀ ਨਾਲ ਨਾ ਜੋੜਿਆ ਜਾਵੇ। ਇਥੇ ਇਹ ਦੱਸਣਯੋਗ ਹੈ ਕਿ ਬਾਬਾ ਬਿਬੇਕ ਸਿੰਘ ਅਕਾਲੀ ਦਲ ਵਾਰਸ ਪੰਜਾਬ ਪਾਰਟੀ ਵਿੱਚ ਜੰਡਿਆਲਾ ਗੁਰੂ ਹਲਕੇ ਤੋਂ ਪਾਰਟੀ ਦੇ ਵਿਧਾਨ ਸਭਾ ਚੋਣਾਂ ਦੌਰਾਨ ਟਿਕਟ ਦੇ ਮੁੱਖ ਦਾਵੇਦਾਰ ਵਜੋਂ ਸਾਹਮਣਾ ਆ ਰਹੇ ਸਨ ।ਜਦ ਕਿ ਪਾਰਟੀ ਹਾਈ ਕਮਾਂਡ ਵੱਲੋਂ ਹਲਕਾ ਇੰਚਾਰਜ ਦਿਲਸ਼ੇਰ ਸਿੰਘ ਨਿਯੁਕਤ ਕਰਨ ਤੋਂ ਬਾਅਦ ਉਹਨਾਂ ਵੱਲੋਂ ਇਹ ਫੈਸਲਾ ਲਿਆ ਜਾਣਾ ਚਰਚਾ ਦਾ ਵਿਸ਼ਾ ਵੀ ਬਣਿਆ ਹੋਇਆ ਹੈ ।ਇਸ ਮੌਕੇ ਉਨ੍ਹਾਂ ਦੇ ਸਮਰਥਕਾਂ ਨੇ ਕਿਹਾ ਕਿ ਬਾਬਾ ਬਿਬੇਕ ਸਿੰਘ ਦਾ ਇਹ ਫੈਸਲਾ ਸੰਗਤ ਦੇ ਹਿੱਤ ਵਿੱਚ ਲਿਆ ਗਿਆ ਹੈ ਅਤੇ ਉਹ ਉਨ੍ਹਾਂ ਦੇ ਨਾਲ ਹਨ। ਇਥੇ ਇਹ ਦੱਸਣਯੋਗ ਹੈ ਕਿ ਜਦੋਂ ਦਾ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਹਲਕਾ ਇੰਚਾਰਜ ਨਿਯੁਕਤ ਕੀਤਾ ਗਿਆ ਸੋਸਲ ਮੀਡੀਆ ਤੇ ਜਥੇਬੰਦੀ ਦੇ ਸੇਵਾਦਾਰਾਂ ਵਲੋਂ ਇਸ ਫੈਸਲੇ ਦਾ ਵਿਰੋਧ ਜਤਾਇਆ ਜਾ ਰਿਹਾ ਹੈ ਅਤੇ ਸੂਤਰਾਂ ਦੇ ਹਵਾਲੇ ਤੋਂ ਇਹ ਵੀ ਗੱਲ ਉਭਰ ਕਿ ਸਾਹਮਣੇ ਆ ਰਹੀ ਹੈ ਕਿ ਹੋਰ ਸੇਵਾਦਾਰ ਵੀ ਪਾਰਟੀ ਵੱਲੋਂ ਕਿਨਾਰਾ ਕਰ ਸਕਦੇ ਹਨ !

ਆਵਾਜ਼ਿ ਕੌਮ AWAZE QAUM International Newspaper & WEB TV

# ਵਾਈਐੱਸ ਪਬਲਿਕ ਸਕੂਲ ਵੱਲੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਲਈ ਵਨ-ਟੂ-ਵਨ ਕਰੀਅਰ ਕਾਊਂਸਲਿੰਗ ਦਾ ਆਯੋਜਨ

ਬਰਨਾਲਾ, 22 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਭਾਰਤ ਦੇ ਚੋਟੀ ਦੇ 50 ਸਕੂਲਾਂ ਵਿੱਚ ਮਾਨਤਾ ਪ੍ਰਾਪਤ ਵਾਈਐੱਸ ਪਬਲਿਕ ਸਕੂਲ ਵੱਲੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਲਈ ਕਰੀਅਰ ਕਾਊਂਸਲਿੰਗ ਸੈਸ਼ਨ ਦਾ ਆਯੋਜਨ ਕੀਤਾ ਗਿਆ। ਇਸ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਵਿਅਕਤੀਗਤ ਯੋਗਤਾਵਾਂ, ਰੁਚੀਆਂ, ਸਮਰੱਥਾਵਾਂ ਅਤੇ ਸੰਭਾਵਨਾਵਾਂ ਦੇ ਅਨੁਸਾਰ ਸਹੀ ਕਰੀਅਰ ਦੀ ਚੋਣ ਕਰਨ ਲਈ ਮਾਰਗਦਰਸ਼ਨ ਪ੍ਰਦਾਨ ਕਰਨਾ ਸੀ। ਇਸ ਮੌਕੇ ਵੰਡਰਸਕੂਲ, ਚੰਡੀਗੜ੍ਹ ਤੋਂ ਆਈ ਕਾਊਂਸਲਰਾਂ ਦੀ ਟੀਮ ਨੇ ਸਕੂਲ ਦਾ ਦੌਰਾ ਕੀਤਾ ਅਤੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨਾਲ ਵਿਅਕਤੀਗਤ ਤੌਰ 'ਤੇ ਵਨ-ਟੂ-ਵਨ ਕਾਊਂਸਲਿੰਗ ਸੈਸ਼ਨ ਕਰਵਾਏ।ਇਨ੍ਹਾਂ ਸੈਸ਼ਨਾਂ ਦੌਰਾਨ ਹਰੇਕ ਵਿਦਿਆਰਥੀ ਦੀਆਂ ਯੋਗਤਾਵਾਂ, ਵਿਹਾਰਕ ਵਿਸ਼ੇਸ਼ਤਾਵਾਂ, ਰੁਚੀਆਂ ਅਤੇ ਖੂਬੀਆਂ ਨੂੰ ਸਮਝਦਿਆਂ ਉਨ੍ਹਾਂ ਨੂੰ ਉੱਚ ਸਿੱਖਿਆ ਅਤੇ ਭਵਿੱਖ ਦੇ ਪੇਸ਼ੇਵਰ ਖੇਤਰਾਂ ਸਬੰਧੀ ਢੁਕਵੀਂ ਜਾਣਕਾਰੀ ਦਿੱਤੀ ਗਈ। ਇਨ੍ਹਾਂ ਸੰਵਾਦਮਈ ਸੈਸ਼ਨਾਂ ਰਾਹੀਂ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਵੱਖ-ਵੱਖ ਕਰੀਅਰ ਵਿਕਲਪਾਂ ਬਾਰੇ ਵਿਚਾਰ-ਵਟਾਂਦਰਾ ਕਰਨ ਅਤੇ ਆਪਣੀ ਯੋਗਤਾ ਤੇ ਰੁਚੀ ਅਨੁਸਾਰ ਸਹੀ ਰਸਤਾ ਚੁਣਨ ਦਾ ਮੌਕਾ ਮਿਲਿਆ। ਇਸ ਪਹਿਲ ਦਾ ਉਦੇਸ਼ ਵਿਦਿਆਰਥੀਆਂ ਨੂੰ ਉੱਚ ਸਿੱਖਿਆ ਅਤੇ ਕਰੀਅਰ ਦੀ ਚੋਣ ਸਬੰਧੀ ਸੋਚ-ਸਮਝ ਕੇ ਫ਼ੈਸਲੇ ਲੈਣ ਲਈ ਪ੍ਰੇਰਿਤ ਕਰਨਾ ਸੀ। ਇਸ ਪ੍ਰੋਗਰਾਮ ਦੌਰਾਨ ਸਕੂਲ ਦੇ ਅਧਿਆਪਕ ਵੀ ਮੌਜੂਦ ਰਹੇ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਮੋਹਿਤ ਜਿੰਦਲ ਨੇ ਕਿਹਾ ਕਿ ਹਰ ਵਿਦਿਆਰਥੀ ਵਿੱਚ ਆਪਣੀ ਵਿਲੱਖਣ ਪ੍ਰਤਿਭਾ, ਯੋਗਤਾ ਅਤੇ ਇੱਛਾਵਾਂ ਹੁੰਦੀਆਂ ਹਨ।ਕਰੀਅਰ ਕਾਊਂਸਲਿੰਗ ਵਿਦਿਆਰਥੀਆਂ ਨੂੰ ਆਪਣੀਆਂ ਖੂਬੀਆਂ ਪਛਾਣਨ ਅਤੇ ਭਵਿੱਖ ਲਈ ਸਹੀ ਦਿਸ਼ਾ ਚੁਣਨ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ। ਉਨ੍ਹਾਂ ਕਿਹਾ ਕਿ ਸਕੂਲ ਦਾ ਉਦੇਸ਼ ਸਿਰਫ਼ ਮਿਆਰੀ ਸਿੱਖਿਆ ਪ੍ਰਦਾਨ ਕਰਨਾ ਹੀ ਨਹੀਂ, ਸਗੋਂ ਮਾਪਿਆਂ ਅਤੇ ਅਧਿਆਪਕਾਂ ਦੇ ਸਹਿਯੋਗ ਨਾਲ ਵਿਦਿਆਰਥੀਆਂ ਨੂੰ ਆਤਮ-ਵਿਸ਼ਵਾਸ ਨਾਲ ਆਪਣੇ ਕਰੀਅਰ ਸਬੰਧੀ ਸਹੀ ਅਤੇ ਅਰਥਪੂਰਨ ਫ਼ੈਸਲੇ ਲੈਣ ਦੇ ਯੋਗ ਬਣਾਉਣਾ ਵੀ ਹੈ। ਇਸ ਪਹਿਲ ਰਾਹੀਂ ਵਾਈਐੱਸ ਪਬਲਿਕ ਸਕੂਲ ਨੇ ਵਿਦਿਆਰਥੀਆਂ ਦੀ ਵਿਅਕਤੀਗਤ ਪ੍ਰਤਿਭਾ ਨੂੰ ਨਿਖਾਰਨ ਅਤੇ ਉਨ੍ਹਾਂ ਨੂੰ ਸਫਲ ਤੇ ਉੱਜਵਲ ਭਵਿੱਖ ਲਈ ਤਿਆਰ ਕਰਨ ਦੀ ਆਪਣੀ ਵਚਨਬੱਧਤਾ ਨੂੰ ਮੁੜ ਦੁਹਰਾਇਆ।




ਜਨਮ ਦਿਨ ਮੁਬਾਰਕ
ਜਪਨੂਰ ਕੌਰ
23 ਅਕਤੂਬਰ 2026
ਪਿਤਾ:- ਦੀਦਾਰ ਸਿੰਘ
ਮਾਤਾ:- ਕੁਲਦੀਪ ਕੌਰ
ਆਵਾਜ਼ਿ ਕੌਮ AWAZE QAUM International Newspaper & WEB TV


ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243